ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 11 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੭ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਅਮਰੀਕਾ ਦੇ 250ਵੇਂ ਵਿਰਾਸਤੀ ਐਵਾਰਡ ਨਾਲ ਕੀਤਾ ਗਿਆ ਸਨਮਾਨਿਤ

(ਪੰਨਾ 13 'ਤੇ)

## ਯੂਨੀਵਰਸਿਟੀਆਂ ਨੂੰ ਲੈ ਕੇ

# ਪੰਜਾਬ ਵਿਧਾਨ ਸਭਾ 'ਚ ਪਾਸ ਹੋਏ ਬਿੱਲ

**ਚੰਡੀਗੜ੍ਹ, 10 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ 'ਚ ਅੱਜ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੂਬੇ 'ਚ ਉੱਚ ਸਿੱਖਿਆ ਨੂੰ ਹੁਲਾਰਾ ਦੇਣ ਲਈ 3 ਨਿੱਜੀ ਯੂਨੀਵਰਸਿਟੀਆਂ ਕਲਾਉਡ ਯੂਨੀਵਰਸਿਟੀ ਹੁਸ਼ਿਆਰਪੁਰ, ਐਮ.ਐਸ. ਯੂਨੀਵਰਸਿਟੀ ਪਟਿਆਲਾ ਅਤੇ ਫਿਜ਼ਿਕਸ ਵਾਲਾ ਯੂਨੀਵਰਸਿਟੀ ਦੇ ਬਿੱਲ ਪੇਸ਼ ਕੀਤੇ ਹਨ। ਜੋ ਕਿ ਸੂਬੇ ਦੀਆਂ ਪਹਿਲੀਆਂ 3 ਡਿਜੀਟਲ ਏ.ਆਈ. ਯੂਨੀਵਰਸਿਟੀਆਂ ਹਨ। ਮੰਤਰੀ ਬੈਂਸ ਨੇ ਕਿਹਾ ਕਿ ਪੰਜਾਬ ਨੇ ਹਮੇਸ਼ਾ ਦੇਸ਼ ਨੂੰ ਬਹੁਤ ਕੁਝ ਦਿੱਤਾ ਹੈ ਅਤੇ ਅੱਜ ਫਿਰ ਸਿੱਖਿਆ ਦੇ ਖੇਤਰ 'ਚ ਇੱਕ ਵੱਡੀ ਦੇਣ ਦਿੱਤੀ ਜਾ ਰਹੀ ਹੈ। ਪਹਿਲੀ ਵਾਰ ਸੂਬੇ 'ਚ 3 ਡਿਜੀਟਲ ਯੂਨੀਵਰਸਿਟੀਆਂ ਦੇ ਦਰਵਾਜ਼ੇ ਖੋਲ੍ਹੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ 4 ਸਾਲਾਂ 'ਚ ਪੰਜਾਬ ਨੇ ਸਿੱਖਿਆ ਦੇ ਖੇਤਰ 'ਚ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਨੀਤੀ ਆਯੋਗ ਦੀ ਰਿਪੋਰਟ 'ਚ ਵੀ ਇਸ ਦਾ ਜ਼ਿਕਰ ਹੈ। ਰਿਪੋਰਟ ਮੁਤਾਬਕ ਪੰਜਾਬ ਨੇ ਮੁੱਢਲੀ ਸਿੱਖਿਆ 'ਚ ਕੇਰਲਾ ਵਰਗੇ ਸੂਬੇ ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਸਿੱਖਿਆ ਮੰਤਰੀ ਨੇ ਕਿਹਾ ਕਿ ਹਰਿਆਣਾ 'ਚ ਗੁਰੂਗ੍ਰਾਮ ਨੰਬਰ 1 'ਤੇ ਹੈ, ਪਰ ਪੰਜਾਬ 'ਚ ਪਟਿਆਲਾ ਗੁਰੂਗ੍ਰਾਮ ਤੋਂ ਵੀ ਅੱਗੇ ਨਿਕਲ ਗਿਆ ਹੈ। ਇਸ ਦੇ ਨਾਲ ਹੀ ਹੁਣ ਉੱਚ ਸਿੱਖਿਆ 'ਚ 2 ਲੱਖ ਬੱਚੇ ਵੱਧ ਗਏ ਹਨ। ਇਹ ਸਾਰੇ ਨੀਤੀ ਆਯੋਗ ਦੇ ਅੰਕੜੇ ਹਨ ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ 'ਚ ਆਨਲਾਈਨ ਹਾਜ਼ਰੀ ਸਿਸਟਮ ਲਾਗੂ ਕਰਨ ਨਾਲ ਫਰਜ਼ੀਵਾੜਾ ਖਤਮ ਹੋ ਗਿਆ ਹੈ। ਵਿਦਿਆਰਥੀ ਦੀ ਹਾਜ਼ਰੀ ਦਾ ਮੈਸੇਜ ਮਾਤਾ-ਪਿਤਾ ਨੂੰ ਜਾਂਦਾ ਹੈ। ਪਹਿਲਾਂ ਫਰਜ਼ੀ ਵਿਦਿਆਰਥੀ ਦਿਖਾਏ ਜਾਂਦੇ ਸਨ। ਮੰਤਰੀ ਬੈਂਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਗੱਲ ਕਰਦਿਆਂ ਕਿਹਾ ਕਿ ਇਹ ਦੇਸ਼ ਦੀ ਨੰਬਰ ਇਕ ਰੈਂਕਿੰਗ ਸਰਕਾਰੀ ਯੂਨੀਵਰਸਿਟੀ ਬਣ ਗਈ ਹੈ। ਮਹਾਰਾਸ਼ਟਰਾ, ਕਰਨਾਟਕਾ ਨੂੰ ਛੱਡ ਕੇ ਪੰਜਾਬ ਸੂਬਾ ਹੁਣ ਵਿਦੇਸ਼ੀ ਵਿਦਿਆਰਥੀ ਦੀ ਨੰਬਰ ਇਕ ਪਸੰਦ ਬਣ ਗਿਆ ਹੈ। ਉਨ੍ਹਾਂ ਕਿਹਾ ਪੰਜਾਬ 'ਚ ਆਈਆਈਟੀ ਸੈਕਟਰ ਮੋਹਾਲੀ, ਰੋਪੜ ਤੇ ਅੰਮ੍ਰਿਤਸਰ ਹਨ ਤੇ ਜੇਕਰ ਪ੍ਰਾਈਵੇਟ ਯੂਨੀਵਰਸਿਟੀਆਂ 'ਚ ਵੀ ਵਿਦਿਆਰਥੀ ਜਾ ਰਹੇ ਹਨ ਤਾਂ ਇਸ ਨਾਲ ਸਟੇਟ ਦੀ ਜੀਡੀਪੀ ਨੂੰ ਹੀ ਫਾਈਦਾ ਹੈ। ਉਨ੍ਹਾਂ ਕਿਹਾ ਸਾਡੇ ਕੋਲ 28 ਸੂਬਿਆਂ ਦੇ ਵਿਦਿਆਰਥੀ ਪੜ੍ਹਨ ਆ ਰਹੇ ਹਨ।



## ਹਾਈਕੋਰਟ ਨੇ ਨੋਟਿਸ ਦਾ ਜਵਾਬ ਨਾ ਦੇਣ 'ਤੇ ਪੰਜਾਬ ਸਰਕਾਰ ਨੂੰ ਪਾਈ ਝਾੜ

**ਚੰਡੀਗੜ੍ਹ, 10 ਅਗਸਤ (ਆਵਾਜ਼ਿ ਕੌਮ ਬਿਊਰੋ)**-ਫਾਰਮੇਸੀ ਪੇਪਰ ਲੀਕ ਮਾਮਲੇ 'ਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ ਪੰਜਾਬ ਸਰਕਾਰ ਨੂੰ ਝਾੜ ਪਾਈ ਗਈ ਹੈ। ਦੱਸ ਦਈਏ ਕਿ ਪੰਜਾਬ ਸਰਕਾਰ ਅਤੇ ਯੂਨੀਵਰਸਿਟੀ ਨੇ ਫਾਰਮੇਸੀ ਪੇਪਰ ਲੀਕ ਮਾਮਲੇ ਵਿੱਚ ਆਪਣੇ ਜਵਾਬ ਦਾਇਰ ਕਰਨ ਲਈ ਸਮਾਂ ਮੰਗਿਆ ਹੈ। ਜਿਸ ਤੋਂ ਬਾਅਦ ਪੰਜਾਬ ਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਝਾੜ ਪਾਈ। ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਕਿਹਾ ਕਿ ਇੰਨੇ ਮਹੱਤਵਪੂਰਨ ਮਾਮਲੇ ਵਿੱਚ ਹਾਈ ਕੋਰਟ ਦੇ ਨੋਟਿਸ ਦੇ ਬਾਵਜੂਦ ਜਵਾਬ ਦਾਇਰ ਨਾ ਕਰਨਾ ਇਸ ਮਾਮਲੇ ਵਿੱਚ ਸਰਕਾਰ ਦੀ ਗੰਭੀਰਤਾ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ। ਹਾਈ ਕੋਰਟ ਨੇ ਸਰਕਾਰ ਨੂੰ ਕਿਹਾ ਕਿ ਜਦੋਂ ਸਰਕਾਰਾਂ ਕਾਰਵਾਈ ਕਰਨ ਵਿੱਚ ਅਸਫਲ ਰਹਿੰਦੀਆਂ ਹਨ, ਤਾਂ ਲੋਕ ਅਦਾਲਤ ਵਿੱਚ ਆਉਣ ਲਈ ਮਜਬੂਰ ਹੁੰਦੇ ਹਨ, ਅਤੇ ਇੱਥੇ ਵੀ, ਕਾਰਵਾਈ ਕਰਨ ਦੀ ਬਜਾਏ, ਸਰਕਾਰ ਸਮਾਂ ਮੰਗ ਰਹੀ ਹੈ। ਹਾਈ ਕੋਰਟ ਨੇ ਸਰਕਾਰ ਅਤੇ ਯੂਨੀਵਰਸਿਟੀ ਨੂੰ ਸਮਾਂ ਦਿੰਦੇ ਹੋਏ ਸਤੰਬਰ ਦੇ ਦੂਜੇ ਹਫ਼ਤੇ ਤੱਕ ਸੁਣਵਾਈ ਮੁਲਤਵੀ ਕਰ ਦਿੱਤੀ। ਦੱਸਣਯੋਗ ਹੈ ਕਿ ਚਾਰ ਬਿਨੈਕਾਰਾਂ ਨੇ ਲਿਖਤੀ ਪ੍ਰੀਖਿਆ ਨੂੰ ਰੱਦ ਕਰਨ ਦੀ ਮੰਗ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਪਟੀਸ਼ਨ ਦਾਇਰ ਕੀਤੀ ਗਈ ਸੀ ਜਿਸ ਵਿੱਚ ਹਾਈ-ਟੈਕ ਧੋਖਾਧੜੀ ਅਤੇ ਇੱਕ ਅੰਤਰਰਾਜੀ ਧੋਖਾਧੜੀ ਰੈਕੇਟ ਦੀ ਸ਼ਮੂਲੀਅਤ ਦਾ ਦੋਸ਼ ਲਗਾਇਆ ਹੈ। ਜਿਸ ਤੋਂ ਬਾਅਦ ਹਾਈ ਕੋਰਟ ਨੇ ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ 454 ਫਾਰਮਾਸਿਸਟ (ਫਾਰਮੇਸੀ ਅਫਸਰ) ਗਰੁੱਪ ਸੀ ਦੇ ਅਹੁਦਿਆਂ 'ਤੇ ਭਰਤੀ ਲਈ ਲਿਖਤੀ ਪ੍ਰੀਖਿਆ ਵਿੱਚ ਹਾਈ-ਟੈਕ ਧੋਖਾਧੜੀ ਦੇ ਦੋਸ਼ ਲਗਾਉਣ ਵਾਲੀ ਪਟੀਸ਼ਨ 'ਤੇ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਸੀ। ਇਸ ਨੇ ਇਹ ਵੀ ਸਪੱਸ਼ਟ ਕੀਤਾ ਕਿ ਪੂਰੀ ਚੋਣ ਪ੍ਰਕਿਰਿਆ ਇਸ ਪਟੀਸ਼ਨ ਦੇ ਅੰਤਿਮ ਫੈਸਲੇ ਦੁਆਰਾ ਨਿਰਧਾਰਤ ਕੀਤੀ ਜਾਵੇਗੀ। ਪਰ ਹਾਈਕੋਰਟ ਵੱਲੋਂ ਸਮਾਂ ਦਿੱਤੇ ਜਾਣ ਦੇ ਬਾਵਜੂਦ ਵੀ ਸਰਕਾਰ ਵੱਲੋਂ ਆਪਣਾ ਜਵਾਬ ਦਾਖਿਲ ਨਹੀਂ ਕੀਤਾ ਗਿਆ, ਜਿਸ 'ਤੇ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਝਾੜ ਪਾਈ ਗਈ ਹੈ।





## ਮੁਅੱਤਲ ਡੀਆਈਜੀ ਐੱਚ.ਐੱਸ ਭੁੱਲਰ ਨੂੰ ਹਾਈਕੋਰਟ ਤੋਂ ਲੱਗਾ ਵੱਡਾ ਝਟਕਾ; ਹਾਈਕੋਰਟ ਨੇ ਭੁੱਲਰ ਦੀ ਜ਼ਮਾਨਤ ਪਟੀਸ਼ਨ ਰੱਦ

**ਚੰਡੀਗੜ੍ਹ, 10 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਹਾਈਕੋਰਟ ਤੋਂ ਮੁਅੱਤਲ ਡੀਆਈਜੀ ਐੱਚ.ਐੱਸ ਭੁੱਲਰ ਨੂੰ ਵੱਡਾ ਝਟਕਾ ਲੱਗਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਹਾਈਕੋਰਟ ਨੇ ਭੁੱਲਰ ਵੱਲੋਂ ਦਾਇਰ ਕੀਤੀ ਗਈ ਜ਼ਮਾਨਤ ਦੀ ਪਟੀਸ਼ਨ ਨੂੰ ਰੱਦ ਕਰ ਦਿੱਤਾ ਗਿਆ ਹੈ। ਹਾਈਕੋਰਟ ਨੇ ਪਿਛਲੇ ਬੁੱਧਵਾਰ ਨੂੰ ਇਸ ਸਬੰਧੀ ਫੈਸਲਾ ਸੁਰੱਖਿਅਤ ਰੱਖਿਆ ਸੀ। ਜਿਸ 'ਤੇ ਅੱਜ ਸੁਣਵਾਈ ਦੌਰਾਨ ਫੈਸਲਾ ਸੁਣਾਇਆ ਗਿਆ ਹੈ। ਦੱਸ ਦਈਏ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਬੁੱਧਵਾਰ ਨੂੰ ਮੁਅੱਤਲ ਪੰਜਾਬ ਪੁਲਿਸ ਡੀਆਈਜੀ ਹਰਚਰਨ ਸਿੰਘ ਭੁੱਲਰ ਦੀ ਜ਼ਮਾਨਤ ਪਟੀਸ਼ਨ 'ਤੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ। ਲਗਭਗ ਡੇਢ ਘੰਟੇ ਤੱਕ ਚੱਲੀ ਵਿਸਥਾਰਤ ਸੁਣਵਾਈ ਦੌਰਾਨ, ਭੁੱਲਰ ਵੱਲੋਂ ਸੀਨੀਅਰ ਵਕੀਲਾਂ ਨੇ ਜ਼ਮਾਨਤ ਦੇ ਹੱਕ ਵਿੱਚ ਦਲੀਲਾਂ ਦਿੱਤੀਆਂ, ਜਦੋਂ ਕਿ ਕੇਂਦਰੀ ਜਾਂਚ ਬਿਊਰੋ (ਸੀਬੀਆਈ) ਨੇ ਪਟੀਸ਼ਨ ਦਾ ਵਿਰੋਧ ਕੀਤਾ। ਦੋਵਾਂ ਧਿਰਾਂ ਦੀਆਂ ਦਲੀਲਾਂ ਪੂਰੀਆਂ ਹੋਣ ਤੋਂ ਬਾਅਦ, ਅਦਾਲਤ ਨੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ। ਦੱਸਣਯੋਗ ਹੈ ਕਿ ਪੰਜਾਬ ਪੁਲਿਸ ਦੇ ਮੁਅੱਤਲ ਡੀਆਈਜੀ ਹਰਚਰਨ ਸਿੰਘ ਭੁੱਲਰ ਨੂੰ ਅਕਤੂਬਰ 2025 ਵਿੱਚ ਸੀਬੀਆਈ ਨੇ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਸੀ ਜਦੋਂ ਉਹ 8 ਲੱਖ ਰੁਪਏ ਦੀ ਰਿਸ਼ਵਤ ਮੰਗ ਰਿਹਾ ਸੀ ਅਤੇ ਇੱਕ ਸਕ੍ਰੈਪ ਡੀਲਰ ਤੋਂ 5 ਲੱਖ ਰੁਪਏ ਲੈਂਦਾ ਸੀ। ਤਲਾਸ਼ੀ ਦੌਰਾਨ, ਉਸਦੇ ਠਿਕਾਣਿਆਂ ਤੋਂ ਕਰੋੜਾਂ ਰੁਪਏ ਦੀ ਨਕਦੀ ਅਤੇ ਵੱਡੀ ਮਾਤਰਾ ਵਿੱਚ ਸੋਨਾ ਬਰਾਮਦ ਹੋਇਆ ਸੀ। ਭੁੱਲਰ ਦੇ ਘਰ ਦੀ ਤਲਾਸ਼ੀ ਦੌਰਾਨ, ਸੀਬੀਆਈ ਨੇ 7.50 ਕਰੋੜ ਰੁਪਏ ਦੀ ਨਕਦੀ ਅਤੇ 2.5 ਕਿਲੋਗ੍ਰਾਮ ਸੋਨੇ ਦੇ ਗਹਿਣੇ ਜ਼ਬਤ ਕੀਤੇ। ਇਸ ਤੋਂ ਇਲਾਵਾ, ਉਨ੍ਹਾਂ ਨੇ ਰੋਲੈਕਸ ਅਤੇ ਰਾਡੋ ਵਰਗੇ ਬ੍ਰਾਂਡਾਂ ਦੀਆਂ 26 ਲਗਜ਼ਰੀ ਘੜੀਆਂ, ਪਰਿਵਾਰਕ ਮੈਂਬਰਾਂ ਅਤੇ ਸ਼ੱਕੀ ਬੇਨਾਮੀ ਕੰਪਨੀਆਂ ਦੇ ਨਾਮ 'ਤੇ 50 ਤੋਂ ਵੱਧ ਅਚੱਲ ਜਾਇਦਾਦਾਂ ਨਾਲ ਸਬੰਧਤ ਦਸਤਾਵੇਜ਼, ਲਾਕਰ ਦੀਆਂ ਚਾਬੀਆਂ ਅਤੇ ਕਈ ਬੈਂਕ ਖਾਤਿਆਂ ਦੇ ਵੇਰਵੇ, ਚਾਰ ਹਥਿਆਰ ਅਤੇ 100 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ।




## ਰਾਮ ਰਹੀਮ ਨੂੰ ਬਰੀ ਕੀਤੇ ਜਾਣ ਖਿਲਾਫ਼ ਅਰਜ਼ੀ 'ਤੇ ਸੁਣਵਾਈ ਕਰੇਗੀ ਸੁਪਰੀਮ ਕੋਰਟ, ਚੀਫ ਜਸਟਿਸ ਨੇ ਕੀਤੀ ਵੱਡੀ ਟਿੱਪਣੀ

**ਨਵੀਂ ਦਿੱਲੀ, 10 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਪੱਤਰਕਾਰ ਰਾਮ ਚੰਦਰ ਛਤਰਪਤੀ ਦੇ ਕਤਲ ਮਾਮਲੇ ਵਿੱਚ ਡੇਰਾ ਸੱਚਾ ਸੌਦਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਬਰੀ ਕੀਤੇ ਜਾਣ ਦੀ ਜਾਂਚ ਕਰੇਗੀ। ਅਦਾਲਤ ਨੇ ਕਿਹਾ ਕਿ ਮਾਮਲੇ ਦੇ ਹਾਲਾਤਾਂ 'ਤੇ ਪੂਰੀ ਤਰ੍ਹਾਂ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਇਹ ਸਮਝਿਆ ਜਾਂਦਾ ਹੈ ਕਿ ਰਾਜ ਸਰਕਾਰ ਅਪੀਲ ਨਹੀਂ ਕਰੇਗੀ। ਬਰੀ ਕੀਤੇ ਜਾਣ ਨੂੰ ਚੁਣੌਤੀ ਦੇਣ ਵਾਲੀ ਅਪੀਲ 'ਤੇ ਅੰਤਿਮ ਸੁਣਵਾਈ ਨਵੰਬਰ ਵਿੱਚ ਹੋਵੇਗੀ। ਅਦਾਲਤ ਨੇ 16 ਨਵੰਬਰ ਤੋਂ ਸ਼ੁਰੂ ਹੋਣ ਵਾਲੇ ਹਫ਼ਤੇ ਵਿੱਚ ਅੰਤਿਮ ਸੁਣਵਾਈ ਲਈ ਕੇਸ ਨੂੰ ਸੂਚੀਬੱਧ ਕੀਤਾ। ਸੁਣਵਾਈ ਦੌਰਾਨ, ਸੀਨੀਅਰ ਵਕੀਲ ਆਰ. ਬਸੰਤ ਨੇ ਕਿਹਾ ਕਿ ਕਿਸੇ ਦੋਸ਼ੀ ਦੀ ਬਰੀ ਕੀਤੇ ਜਾਣ ਵਿਰੁੱਧ ਅਪੀਲਾਂ ਸਿਰਫ਼ ਅਸਾਧਾਰਨ ਹਾਲਾਤਾਂ ਵਿੱਚ ਹੀ ਦਾਇਰ ਕੀਤੀਆਂ ਜਾਂਦੀਆਂ ਹਨ। ਸੀਜੇਆਈ ਬੈਂਚ ਵੱਲੋਂ ਟਿੱਪਣੀ ਕਰਦੇ ਹੋਏ, ਜਸਟਿਸ ਬਾਗਚੀ ਨੇ ਕਿਹਾ ਕਿ ਇਹ ਫੈਸਲੇ ਨੂੰ ਉਲਟਾਉਣ ਦਾ ਮਾਮਲਾ ਹੈ। ਸਾਨੂੰ ਗਵਾਹ ਦੀ ਗਵਾਹੀ ਦੀ ਜਾਂਚ ਦੇ ਆਲੇ-ਦੁਆਲੇ ਦੇ ਵਿਸ਼ੇਸ਼ ਹਾਲਾਤਾਂ ਦੀ ਜਾਂਚ ਕਰਨੀ ਚਾਹੀਦੀ ਹੈ। ਚੀਫ ਜਸਟਿਸ ਸੂਰਿਆ ਕਾਂਤ ਨੇ ਟਿੱਪਣੀ ਕੀਤੀ ਕਿ ਰਾਜ ਸਰਕਾਰ ਇਸ ਮਾਮਲੇ ਵਿੱਚ ਅਪੀਲ ਦਾਇਰ ਨਹੀਂ ਕਰੇਗੀ, ਇਸ ਲਈ ਅਦਾਲਤ ਨੂੰ ਮਾਮਲੇ ਦੇ ਹੋਰ ਪਹਿਲੂਆਂ 'ਤੇ ਵਿਚਾਰ ਕਰਨਾ ਪਵੇਗਾ। ਇਹ ਅਪੀਲ ਰਾਮ ਚੰਦਰ ਛਤਰਪਤੀ ਕਤਲ ਕੇਸ ਵਿੱਚ ਹੇਠਲੀ ਅਦਾਲਤ ਵੱਲੋਂ ਗੁਰਮੀਤ ਰਾਮ ਰਹੀਮ ਨੂੰ ਬਰੀ ਕਰਨ ਦੇ ਫੈਸਲੇ ਵਿਰੁੱਧ ਦਾਇਰ ਕੀਤੀ ਗਈ ਹੈ। ਸੁਪਰੀਮ ਕੋਰਟ ਹੁਣ ਨਵੰਬਰ ਵਿੱਚ ਇਸ ਮਾਮਲੇ ਦੀ ਵਿਸਥਾਰ ਨਾਲ ਸੁਣਵਾਈ ਕਰੇਗੀ। ਸੁਪਰੀਮ ਕੋਰਟ, ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਵਿਰੁੱਧ ਦਾਇਰ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ, ਜਿਸ ਨੂੰ ਪੱਤਰਕਾਰ ਰਾਮ ਚੰਦਰ ਛਤਰਪਤੀ ਦੇ ਕਤਲ ਕੇਸ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਬਰੀ ਕਰ ਦਿੱਤਾ ਗਿਆ ਸੀ। ਛਤਰਪਤੀ ਦੇ ਪਰਿਵਾਰ ਨੇ ਹਾਈ ਕੋਰਟ ਦੇ ਫੈਸਲੇ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਹੈ। ਮਾਰਚ 2026 ਵਿੱਚ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਰਾਮ ਰਹੀਮ ਨੂੰ 2002 ਦੇ ਪੱਤਰਕਾਰ ਰਾਮਚੰਦਰ ਛਤਰਪਤੀ ਦੇ ਕਤਲ ਕੇਸ ਵਿੱਚ ਬਰੀ ਕਰ ਦਿੱਤਾ। ਅਦਾਲਤ ਨੇ ਲੋੜੀਂਦੇ ਸਬੂਤਾਂ ਦੀ ਘਾਟ ਦਾ ਹਵਾਲਾ ਦਿੰਦੇ ਹੋਏ ਹੇਠਲੀ ਅਦਾਲਤ ਦੀ ਉਮਰ ਕੈਦ ਦੀ ਸਜ਼ਾ ਨੂੰ ਪਲਟ ਦਿੱਤਾ, ਹਾਲਾਂਕਿ ਇਸ ਮਾਮਲੇ ਵਿੱਚ ਬਾਕੀ ਤਿੰਨ ਦੋਸ਼ੀਆਂ ਦੀਆਂ ਸਜ਼ਾਵਾਂ ਨੂੰ ਬਰਕਰਾਰ ਰੱਖਿਆ ਗਿਆ ਸੀ। ਛਤਰਪਤੀ ਨੂੰ ਅਕਤੂਬਰ 2002 ਵਿੱਚ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਉਸਦੇ ਘਰ ਦੇ ਬਾਹਰ ਗੋਲੀ ਮਾਰ ਦਿੱਤੀ ਸੀ। ਉਸਦੀ ਮੌਤ 21 ਨਵੰਬਰ, 2002 ਨੂੰ ਇਲਾਜ ਦੌਰਾਨ ਹੋਈ ਸੀ। ਜਨਵਰੀ 2019 ਵਿੱਚ, ਪੰਚਕੂਲਾ ਦੀ ਇੱਕ ਵਿਸ਼ੇਸ਼ ਸੀਬੀਆਈ ਅਦਾਲਤ ਨੇ ਰਾਮ ਰਹੀਮ ਅਤੇ ਤਿੰਨ ਹੋਰਾਂ (ਕੁਲਦੀਪ ਸਿੰਘ, ਨਿਰਮਲ ਸਿੰਘ ਅਤੇ ਕ੍ਰਿਸ਼ਨ ਲਾਲ) ਨੂੰ ਉਮਰ ਕੈਦ (ਉਮਰ ਕੈਦ) ਦੀ ਸਜ਼ਾ ਸੁਣਾਈ।



## 20 ਸਾਲਾਂ ਲੜਕੀ ਦੀ ਪੁਲਿਸ ਥਾਣੇ 'ਚ ਮੌਤ; ਪੀੜਤ ਪਰਿਵਾਰ ਨੇ ਲਗਾਏ ਪੁਲਿਸ ਪ੍ਰਸ਼ਾਸਨ 'ਤੇ ਇਲਜ਼ਾਮ

**ਤਰਨ ਤਾਰਨ, 10 ਅਗਸਤ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਜ਼ਿਲ੍ਹੇ ਦੇ ਪਿੰਡ ਕਲਸੀਆਂ ਕਲਾਂ ਵਿੱਚ ਬੀਤੇ ਦਿਨੀਂ ਹੋਏ ਕਤਲ ਦੇ ਮਾਮਲੇ ਵਿੱਚ ਗ੍ਰਿਫ਼ਤਾਰ 20 ਸਾਲਾਂ ਕੁੜੀ ਰਾਜਬੀਰ ਕੌਰ ਦੀ ਥਾਣੇ ਦੇ ਬਾਥਰੂਮ ਚੋਂ ਲਾਸ਼ ਬਰਾਮਦ ਹੋਈ ਹੈ। ਪੁਲਿਸ ਮੁਤਾਬਿਕ ਉਕਤ ਲੜਕੀ ਵੱਲੋਂ ਬਾਥਰੂਮ 'ਚ ਆਪਣੀ ਚੁੰਨੀ ਦੇ ਨਾਲ ਫਾਹਾ ਲਿਆ ਗਿਆ ਹੈ। ਘਟਨਾ ਤੋਂ ਬਾਅਦ ਮਾਮਲੇ ਦੀ ਮੈਜਿਸਟਰੇਟ ਜਾਂਚ ਦੇ ਹੁਕਮ ਦਿੱਤੇ ਗਏ ਹਨ। ਦੱਸ ਦਈਏ ਕਿ ਪਿੰਡ ਕਲਸੀਆਂ ਕਲਾਂ 'ਚ ਘਰੇਲੂ ਝਗੜਾ ਹੋਣ ਦੇ ਚੱਲਦੇ ਇੱਕ ਧਿਰ ਵੱਲੋਂ ਦੂਜੀ ਧਿਰ 'ਤੇ ਇੱਟਾਂ ਰੋੜਿਆਂ ਨਾਲ ਹਮਲਾ ਕੀਤਾ ਗਿਆ ਸੀ। ਇਸੇ ਦੌਰਾਨ ਇੱਕ ਵਿਅਕਤੀ ਦੇ ਸਿਰ 'ਤੇ ਇੱਟ ਵੱਜਣ ਕਾਰਨ ਮੌਤ ਹੋ ਜਾਂਦੀ ਹੈ। ਮ੍ਰਿਤਕ ਦੀ ਉਮਰ 70 ਸਾਲ ਸੀ। ਇਸ ਮਾਮਲੇ 'ਚ ਕਾਰਵਾਈ ਕਰਦੇ ਹੋਏ ਪੁਲਿਸ ਵੱਲੋਂ ਹਮਲਾਵਰ ਪਰਿਵਾਰ ਦੇ ਕੁਝ ਵਿਅਕਤੀਆਂ ਤੇ ਇੱਕ ਲੜਕੀ ਰਾਜਬੀਰ ਕੌਰ ਜਿਸਦੀ ਉਮਰ 20 ਸਾਲ ਹੈ ਖਿਲਾਫ ਮਾਮਲਾ ਦਰਜ ਕੀਤਾ ਜਾਂਦਾ ਹੈ। ਇਨ੍ਹਾਂ ਨੂੰ ਪੁਲਿਸ ਹਿਰਾਸਤ 'ਚ ਰੱਖਿਆ ਗਿਆ ਸੀ। ਜਿਸ ਦੀ ਹੁਣ ਮੌਤ ਹੋ ਜਾਣ ਦੀ ਜਾਣਕਾਰੀ ਹਾਸਿਲ ਹੋਈ ਹੈ। [ਖੁਦਕੁਸ਼ੀ ਇੱਕ ਗੰਭੀਰ ਮਾਨਸਿਕ ਅਤੇ ਸਮਾਜਿਕ ਸਮੱਸਿਆ ਹੈ। ਜੇਕਰ ਤੁਸੀਂ ਤਣਾਅ ਜਾਂ ਮਾਨਸਿਕ ਭਾਵਨਾਤਮਕ ਪ੍ਰੇਸ਼ਾਨੀ ਦਾ ਸਾਹਮਣਾ ਕਰ ਰਹੇ ਹੋ, ਤਾਂ ਤੁਸੀਂ ਭਾਰਤ ਸਰਕਾਰ ਦੇ "ਜੀਵਨ ਆਸਥਾ" ਹੈਲਪਲਾਈਨ ਨੰਬਰ 18002333330 'ਤੇ ਕਾਲ ਕਰਕੇ ਮਦਦ ਮੰਗ ਸਕਦੇ ਹੋ। ਨਾਲ ਹੀ ਤੁਸੀਂ ਮਦਦ ਲਈ ਆਪਣੇ ਦੋਸਤਾਂ ਅਤੇ ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਜਰੂਰ ਕਰੋ। ਮ੍ਰਿਤਕਾ ਦੇ ਪਰਿਵਾਰਿਕ ਮੈਂਬਰਾਂ ਨੇ ਪੁਲਿਸ ਪ੍ਰਸ਼ਾਸਨ 'ਤੇ ਡੂੰਘੇ ਇਲਜ਼ਾਮ ਲਗਾਉਂਦੇ ਹੋਏ ਕਿਹਾ ਕਿ ਉਨ੍ਹਾਂ ਦੀ ਲੜਕੀ ਦੇ ਨਾਲ ਜਰੂਰੀ ਕੁਝ ਗਲਤ ਹੋਇਆ ਹੈ। ਪਰ ਉਹ ਆਪ ਅਜਿਹਾ ਕੁਝ ਨਹੀਂ ਸਕਦੀ ਹੈ। ਉਨ੍ਹਾਂ ਨੂੰ ਬੀਤੇ 4 ਦਿਨਾਂ ਤੋਂ ਮਿਲਣ ਵੀ ਨਹੀਂ ਦਿੱਤਾ ਜਾ ਰਿਹਾ ਸੀ ਅਤੇ ਹੁਣ ਅਜਿਹੀ ਜਾਣਕਾਰੀ ਮਿਲੀ ਹੈ। ਜਿਸ ਦੇ ਚੱਲਦੇ ਪੀੜਤ ਪਰਿਵਾਰ ਵੱਲੋਂ ਇਨਾਸਫ ਦੀ ਗੁਹਾਰ ਲਗਾਈ ਗਈ ਹੈ। ਇਸ ਮੌਕੇ ਥਾਣਾ ਮੁਖੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਲੜਕੀ ਨੇ ਕਿਹਾ ਸੀ ਕਿ ਉਹ ਵਾਸ਼ਰੂਮ ਜਾ ਰਹੀ ਹੈ ਪਰ ਉਨ੍ਹਾਂ ਨੂੰ ਕੀ ਪਤਾ ਸੀ ਉਸ ਵੱਲੋਂ ਖੁਦਕੁਸ਼ੀ ਕਰ ਲਈ ਜਾਵੇਗੀ। ਜੋ ਵੀ ਮਾਮਲਾ ਸਾਹਮਣੇ ਆਇਆ ਹੈ ਉਸ 'ਤੇ ਬਣਦੀ ਕਾਰਵਾਈ ਅਤੇ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਵੱਲੋਂ ਉਹਨਾਂ 'ਤੇ ਕਿਸੇ ਵੀ ਤਰ੍ਹਾਂ ਦਾ ਕੋਈ ਤਸ਼ੱਦਦ ਨਹੀਂ ਢਾਹਿਆ ਗਿਆ ਹੈ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੁਰੋਂ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

### ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV





**10 ਲੱਖ ਪੰਜਾਬੀਆਂ ਦੀ ਮੌਤ ਅਤੇ ਉਜਾੜੇ ਨੂੰ ਯਾਦ ਕਰਦਿਆਂ**

# 15 ਅਗਸਤ ਦੇ ਜਸ਼ਨਾਂ ਦਾ ਕਰੋ ਬਾਈਕਾਟ: ਪਾਤਸ਼ਾਹੀ ਦਾਅਵਾ ਨਿਊਜ਼ੀਲੈਂਡ



**ਨਵੀਂ ਦਿੱਲੀ, 10 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- 1947 ਦੀ ਪੰਜਾਬ ਵੰਡ ਦੀ 80ਵੀਂ ਵਰ੍ਹੇਗੰਢ ਤੋਂ ਪਹਿਲਾਂ ਪਾਤਸ਼ਾਹੀ ਦਾਅਵਾ ਨਿਊਜ਼ੀਲੈਂਡ ਨੇ 15 ਅਗਸਤ ਨੂੰ ਪੰਜਾਬ ਅਤੇ ਸਿੱਖਾਂ ਲਈ 'ਕਾਲਾ ਦਿਨ' ਕਰਾਰ ਦਿੰਦਿਆਂ ਕਿਹਾ ਹੈ ਕਿ ਇਸ ਦਿਨ ਨੂੰ ਜਸ਼ਨ ਦੀ ਬਜਾਏ ਵੰਡ ਦੌਰਾਨ ਜਾਨਾਂ ਗੁਆਉਣ ਵਾਲੇ ਲਗਭਗ 10 ਲੱਖ ਪੰਜਾਬੀਆਂ ਅਤੇ ਉਜੜੇ ਲੱਖਾਂ ਪਰਿਵਾਰਾਂ ਦੀ ਯਾਦ ਵਿੱਚ ਮਨਾਇਆ ਜਾਣਾ ਚਾਹੀਦਾ ਹੈ। ਸੰਗਠਨ ਦੇ ਆਗੂ ਰਵਿੰਦਰ ਸਿੰਘ ਜੌਹਲ ਨੇ ਕਿਹਾ ਕਿ ਪੰਜਾਬ ਦੀ ਤਕਲੀਫ਼ 1947 ਦੀ ਵੰਡ ਨਾਲ ਖ਼ਤਮ ਨਹੀਂ ਹੋਈ, ਸਗੋਂ ਪਿਛਲੇ ਦਹਾਕਿਆਂ ਦੌਰਾਨ ਪੰਜਾਬ ਨੂੰ ਸਿਆਸੀ, ਆਰਥਿਕ, ਸੱਭਿਆਚਾਰਕ ਅਤੇ ਵਾਤਾਵਰਣਕ ਪੱਧਰ 'ਤੇ ਨੁਕਸਾਨ ਦਾ ਸਾਹਮਣਾ ਕਰਨਾ ਪਿਆ ਹੈ। ਪਾਤਸ਼ਾਹੀ ਦਾਅਵਾ ਨਿਊਜ਼ੀਲੈਂਡ ਨੇ ਕਿਹਾ ਕਿ 1947 ਸਮੇਂ ਸਿੱਖਾਂ ਨਾਲ ਕੀਤੇ ਗਏ ਸਿਆਸੀ, ਸੱਭਿਆਚਾਰਕ ਅਤੇ ਸੰਵਿਧਾਨਕ ਹੱਕਾਂ ਨਾਲ ਸਬੰਧਤ ਵਾਅਦੇ ਅਤੇ ਭਰੋਸੇ ਬਾਅਦ ਵਿੱਚ ਪੂਰੇ ਨਹੀਂ ਹੋਏ। ਸੰਗਠਨ ਅਨੁਸਾਰ 15 ਅਗਸਤ ਭਾਰਤ ਦਾ ਆਜ਼ਾਦੀ ਦਿਵਸ ਤਾਂ ਹੈ, ਪਰ ਸਿੱਖਾਂ ਜਾਂ ਪੰਜਾਬ ਦੀ ਆਜ਼ਾਦੀ ਦਾ ਦਿਨ ਨਹੀਂ। ਬਿਆਨ ਵਿੱਚ ਪੰਜਾਬ ਦੇ ਲੋਕਾਂ ਨੂੰ ਆਪਣੇ ਸਿਆਸੀ ਭਵਿੱਖ ਬਾਰੇ ਸ਼ਾਂਤੀਪੂਰਨ ਅਤੇ ਲੋਕਤੰਤਰਿਕ ਢੰਗ ਨਾਲ ਫੈਸਲਾ ਕਰਨ ਦਾ ਹੱਕ ਦੇਣ ਦੀ ਗੱਲ ਕਰਦਿਆਂ ਇੰਡੀਆਨਾਪੋਲਿਸ ਵਿੱਚ ਸਿੱਖਾਂ ਨੂੰ ਖਾਲਿਸਤਾਨ ਰੈਫਰੈਂਡਮ ਵਿੱਚ ਹਿੱਸਾ ਲੈਣ ਅਤੇ ਪੰਜਾਬ ਵਿੱਚ 14 ਅਗਸਤ ਨੂੰ ਦਲ ਖਾਲਸਾ ਵੱਲੋਂ ਕੀਤੇ ਜਾ ਰਹੇ ਮਾਰਚ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ। ਸੰਗਠਨ ਨੇ ਕਿਹਾ ਕਿ 14 ਅਗਸਤ ਦਾ ਮਾਰਚ 1947 ਦੀ ਵੰਡ ਦੇ ਪੀੜਤਾਂ ਨੂੰ ਯਾਦ ਕਰਨ ਅਤੇ ਪੰਜਾਬ ਦੇ ਇਤਿਹਾਸ ਨਾਲ ਜੁੜੇ ਦੁੱਖ ਤੇ ਸਿਆਸੀ ਮਸਲਿਆਂ ਵੱਲ ਧਿਆਨ ਖਿੱਚਣ ਲਈ ਹੈ। ਪਾਤਸ਼ਾਹੀ ਦਾਅਵਾ ਨਿਊਜ਼ੀਲੈਂਡ ਨੇ ਵੰਡ ਦੌਰਾਨ ਮਾਰੇ ਗਏ ਲੱਖਾਂ ਪੰਜਾਬੀਆਂ ਨੂੰ ਯਾਦ ਕਰਦਿਆਂ ਪੰਜਾਬ ਦੀ ਆਜ਼ਾਦੀ ਅਤੇ ਖਾਲਿਸਤਾਨ ਦੀ ਪ੍ਰਾਪਤੀ ਲਈ ਅਰਦਾਸ ਕਰਨ ਦੀ ਅਪੀਲ ਵੀ ਕੀਤੀ। ਸੰਗਠਨ ਨੇ ਦੱਸਿਆ ਕਿ ਨਿਊਜ਼ੀਲੈਂਡ ਵਿੱਚ ਉਸ ਦੀ ਜੱਥੇਬੰਦੀ NZ Sikh Voice ਦੇ ਨਾਮ ਨਾਲ ਜਾਣੀ ਜਾਵੇਗੀ ਅਤੇ ਇਸ ਦੀ ਨਵੀਂ ਵੈੱਬਸਾਈਟ www.nzsikh.com ਵੀ ਲਾਂਚ ਕੀਤੀ ਗਈ ਹੈ।

# ਰੰਗੀਆਂ ਵਿਖੇ ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ, ਕਿਰਨ ਸ਼ਰਮਾ ਨੇ ਕੀਤਾ ਬੋਲੀਆਂ ਪਾ ਕੇ ਮਨੋਰੰਜਨ





**ਧੂਰੀ ( ਰਣਜੀਤ ਸਿੰਘ ਪੇਧਨੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਰੰਗੀਆਂ ਵਿਖੇ ਸਰਪੰਚ ਰਾਜੂ ਰੰਗੀਆ, ਉੱਘੇ ਸਮਾਜ ਸੇਵੀ ਦੀਪ ਘੁਮਾਣ ਆਸਟ੍ਰੇਲੀਆ ਅਤੇ ਸਮੂਹ ਨਗਰ ਪੰਚਾਇਤ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤੀਜ ਦੀਆਂ ਤੀਆਂ ਦਾ ਤਿਉਹਾਰ ਬੜੀ ਹੀ ਧੂਮ ਧਾਮ ਨਾਲ ਮਨਾਇਆ ਗਿਆ । ਜਿਸ ਵਿੱਚ ਪੰਜਾਬ ਦੀ ਮਸਹੂਰ ਗਾਇਕ ਕਿਰਨ ਸ਼ਰਮਾ ਵਿਸ਼ੇਸ਼ ਤੌਰ 'ਤੇ ਸਾਮਿਲ ਹੋਏ। ਜਿਨ੍ਹਾਂ ਨੇ ਲੋਕ ਗੀਤ ਅਤੇ ਲੋਕ ਬੋਲੀਆਂ ਪਾ ਕੇ ਲੋਕਾਂ ਦਾ ਮਨੋਰੰਜਨ ਕੀਤਾ, ਪਿੰਡ ਦੀਆਂ ਨੂੰਹਾਂ , ਸੱਸਾਂ ,ਧੀਆਂ ਨੇ ਖੂਬ ਨੱਚ ਟੱਪ ਕੇ ਮਸਤੀ ਕੀਤੀ। ਇਸ ਮੌਕੇ ਦਰਸਨ ਸਿੰਘ ਪੰਚਾਇਤ ਮੈਂਬਰ, ਪਾਲੀ ਪੰਚਾਇਤ ਮੈਂਬਰ, ਸ਼ਿੰਗਾਰਾ ਸਿੰਘ ਪੰਚਾਇਤ ਮੈਂਬਰ, ਜੀਤੀ ਪੰਚਾਇਤ ਮੈਂਬਰ, ਸੀਤਾ ਪੰਚਾਇਤ ਮੈਂਬਰ, ਅੰਮ੍ਰਿਤ ਰੰਗੀਆਂ ਪੰਚਾਇਤ ਮੈਂਬਰ, ਸੁਖਦੇਵ ਸਿੰਘ ਪੰਚਾਇਤ ਮੈਂਬਰ, ਮੱਦੀ ਪੰਚਾਇਤ ਮੈਂਬਰ, ਜਗਰੂਪ ਸਿੰਘ ਪੰਚਾਇਤ ਮੈਂਬਰ, ਬਲਜੀਤ ਸਿੰਘ ,ਮੱਖਣ ਸਿੰਘ ਹਾਜਰ ਸਨ।

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

**ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ**

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ ||
|| 22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

## ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ

(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।



ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਨਾਨਕ ਪਬਲਿਕ ਸਕੂਲ ਨੂੰ ਐਸ.ਐਮ.ਸੀ. ਨੇ

# 300 ਸੀਟਾਂ ਵਾਲਾ ਆਡੀਟੋਰੀਅਮ ਬਣਾਉਣ ਦੀ ਦਿੱਤੀ ਮੰਜ਼ੂਰੀ



**ਨਵੀਂ ਦਿੱਲੀ, 10 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਨਾਨਕ ਪਬਲਿਕ ਸਕੂਲ, ਰਾਜੌਰੀ ਗਾਰਡਨ ਵਿਖੇ 300 ਸੀਟਾਂ ਵਾਲਾ ਮਾਡਰਨ ਤੇ ਉੱਤਮ ਤਕਨੀਕ ਨਾਲ ਲੈਸ ਆਡੀਟੋਰੀਅਮ ਬਣਾਇਆ ਜਾਵੇਗਾ। ਇਸ ਬਾਬਤ ਫੈਸਲਾ ਅੱਜ ਸਕੂਲ ਮੈਨੇਜਮੈਂਟ ਕਮੇਟੀ (ਐਸ.ਐਮ.ਸੀ.) ਦੀ ਸਕੂਲ ਦੇ ਕਾਨਫਰੰਸ ਹਾਲ ਵਿਖੇ ਹੋਈ ਇੱਕ ਮੀਟਿੰਗ 'ਚ ਲਿਆ ਗਿਆ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਰਾਜੌਰੀ ਗਾਰਡਨ ਦੇ ਪ੍ਰਧਾਨ ਹਰਮਨਜੀਤ ਸਿੰਘ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਮੌਜੂਦ ਐਸ.ਐਮ.ਸੀ. ਮੈਂਬਰਾਂ ਨੇ ਸਕੂਲ 'ਚ ਚਲ ਰਹੇ ਸਿੱਖਿਆ ਸੁਧਾਰਾਂ ਉਤੇ ਸੰਤੋਸ਼ ਜਤਾਇਆ। ਜਨਰਲ ਸਕੱਤਰ ਮਨਜੀਤ ਸਿੰਘ ਖੰਨਾ ਨੇ ਭਵਿੱਖ ਦੇ ਕਾਰਜਾਂ ਲਈ ਯੋਗ ਸੁਝਾਅ ਦਿੰਦੇ ਹੋਏ ਆਡੀਟੋਰੀਅਮ ਲਈ ਲੋੜੀਂਦੇ ਮਾਇਕ ਸਾਧਨਾਂ ਦਾ ਇੰਤਜ਼ਾਮ ਸਕੂਲ ਦੀ ਪੇਰੇਂਟਸ ਬਾਡੀ ਵੱਲੋਂ ਕਰਨ ਦਾ ਭਰੋਸਾ ਦਿੱਤਾ। ਸਕੂਲ ਦੇ ਚੇਅਰਮੈਨ ਰਾਜਾ ਬਲਦੀਪ ਸਿੰਘ ਨੇ ਸਕੂਲ 'ਚ ਢਾਂਚਾਗਤ ਵਿਕਾਸ ਅਤੇ ਸਿੱਖਿਅਕ ਸੁਧਾਰਾਂ ਕਰਕੇ ਸਕੂਲ 'ਚ ਵੱਧ ਰਹੇ ਦਾਖਲਿਆਂ ਦੀ ਜਾਣਕਾਰੀ ਦਿੱਤੀ। ਸਕੂਲ ਦੇ ਮੈਨੇਜਰ ਜਗਜੀਤ ਸਿੰਘ ਨੇ ਤਕਨੀਕੀ ਤੌਰ 'ਤੇ ਸਕੂਲ ਨੂੰ ਹਾਈਟੇਕ ਕਰਨ ਦੀ ਦਿਸ਼ਾ 'ਚ ਚੁੱਕੇ ਗਏ ਕਦਮਾਂ ਦੀ ਗੱਲ ਕੀਤੀ। ਜਗਜੀਤ ਸਿੰਘ ਨੇ ਸਕੂਲ ਦੀ ਖੇਡ ਅਕਾਦਮੀ ਵਜੋਂ ਫੁਟਬਾਲ, ਕ੍ਰਿਕੇਟ, ਪਿਕੱਲ ਬਾਲ ਅਤੇ ਜਿਮਨਾਸਟਿਕਸ ਖੇਡਾਂ ਲਈ ਤਿਆਰ ਕੀਤੇ ਗਏ ਆਧੁਨਿਕ ਢਾਂਚੇ ਦਾ ਲਾਹਾ ਨੌਜਵਾਨ ਖਿਡਾਰੀਆਂ ਨੂੰ ਮਿਲਣ ਦਾ ਦਾਅਵਾ ਕੀਤਾ। ਜਗਜੀਤ ਸਿੰਘ ਨੇ ਵਿਰਸੇ ਦੀ ਸਾਂਭ, ਵਿਦਿਆਰਥੀਆਂ ਦੇ ਮਨੁੱਖੀ ਵਿਕਾਸ ਅਤੇ ਸਮਾਜ ਦੀ ਸਾਂਸਕ੍ਰਿਤਕ ਪੂੰਜੀ ਨੂੰ ਆਪਣਾ ਹੁਨਰ ਵਿਖਾਉਣ ਵਾਸਤੇ ਆਡੀਟੋਰੀਅਮ ਦੀ ਲੋੜ ਨੂੰ ਜ਼ਰੂਰੀ ਦੱਸਿਆ। ਆਖਰ 'ਚ ਤਮਾਮ ਰਸਮੀ ਨੁਕਤਿਆਂ ਤੋਂ ਬਾਅਦ ਸਮੂਹ ਐਸ.ਐਮ.ਸੀ. ਮੈਂਬਰਾਂ ਦਾ ਧੰਨਵਾਦ ਕਰਦੇ ਹੋਏ ਹਰਮਨਜੀਤ ਸਿੰਘ ਨੇ 10 ਮਹੀਨਿਆਂ ਦੇ ਅੰਦਰ ਆਧੁਨਿਕ ਆਡੀਟੋਰੀਅਮ ਦਾ ਕੰਮ ਸਿਰੇ ਚੜ੍ਹਾਉਣ ਦਾ ਅਹਿਦ ਲਿਆ। ਇਸ ਮੌਕੇ ਐਸ.ਐਮ.ਸੀ. ਮੈਂਬਰ ਡਾਕਟਰ ਪਰਮਿੰਦਰ ਪਾਲ ਸਿੰਘ, ਕੁਲਦੀਪ ਸਿੰਘ, ਅਜੀਤ ਸਿੰਘ ਮੋਂਗਾ ਸਣੇ ਟੀਚਰ ਪ੍ਰਤਿਨਿਧੀ ਮੌਜੂਦ ਸਨ।

### ਸੇਟ ਸੋਲਜ਼ਰ ਸਕੂਲ ਵਿੱਚ

# ਤੀਜ ਦਾ ਤਿਉਹਾਰ ਖੁਸ਼ੀਆਂ ਖੇੜਿਆਂ ਨਾਲ ਮਨਾਇਆ ਗਿਆ




**ਜੰਡਿਆਲਾ ਗੁਰੂ 10 ਅਗਸਤ ( ਕੁਲਵੰਤ ਸਿੰਘ ਵਿਰਦੀ )**-ਸੇਂਟ ਸੋਲਜਰ ਇਲੀਟ ਕੋਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਤੀਜ਼ ਦਾ ਤਿਉਹਾਰ ਬੜੇ ਚਾਹ ਤੇ ਉਤਸ਼ਾਹ ਨਾਲ ਮਨਾਇਆ ਗਿਆ ।ਇਸ ਸਬੰਧੀ ਸਕੂਲ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਇੱਕ ਵਿਸ਼ੇਸ਼ ਕਲਚਰਲ ਪ੍ਰੋਗਰਾਮ ਰੱਖਿਆ ਗਿਆ। ਜਿਸ ਵਿੱਚ ਕਿੰਡਰਗਾਰਟਨ ਸੈਕਸ਼ਨ ਦੇ ਬੱਚਿਆਂ ਦੀਆਂ ਮਾਵਾਂ ਨੂੰ ਵੀ ਵਿਸ਼ੇਸ਼ ਤੌਰ ਤੇ ਸੱਦਾ ਦਿੱਤਾ ਗਿਆ। ਸਾਰਿਆਂ ਅਧਿਆਪਕਾਂ, ਮੈਨੇਜਮੈਂਟ ਅਤੇ ਬਾਹਰੋਂ ਆਏ ਮਹਿਮਾਨਾਂ ਨੇ ਰਵਾਇਤੀ ਪੰਜਾਬੀ ਪਹਿਰਾਵੇ, (ਪੰਜਾਬੀ ਸੂਟ, ਪੰਜਾਬੀ ਕੁੜਤੇ ਪਜਾਮੇ) ਨਾਲ ਸਮਾਗਮ ਨੂੰ ਪੰਜਾਬੀ ਸੱਭਿਆਚਾਰ ਨਾਲ ਭਰ ਦਿੱਤਾ। ਇਸੇ ਤਰ੍ਹਾਂ ਪੰਜਾਬੀ ਲੋਕ ਨਾਚ ਗਿੱਧੇ ਅਤੇ ਭੰਗੜੇ ਨਾਲ ਮਾਹੌਲ ਖੁਸ਼ੀਆਂ ਨਾਲ ਭਰ ਗਿਆ। ਇਸ ਸਮਾਗਮ ਵਿੱਚ ਸ. ਸਰਬਜੀਤ ਸਿੰਘ ਡਿੰਪੀ( ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ) ਅਤੇ ਉਹਨਾਂ ਦੀ ਧਰਮ ਪਤਨੀ ਸ਼੍ਰੀਮਤੀ ਜਤਿੰਦਰ ਕੌਰ ਜੀ ਵੀ ਵਿਸ਼ੇਸ਼ ਤੌਰ ਤੇ ਪਹੁੰਚੇ। ਰਵਾਇਤੀ ਝੂਲਿਆਂ ਅਤੇ ਸੁੰਦਰ ਮਿੱਟੀ ਦੇ ਬਰਤਨਾਂ ਨਾਲ ਸਜਾਏ ਮਾਹੌਲ ਨੇ ਉੱਥੇ ਮੌਜੂਦ ਹਰ ਇੱਕ ਦੇ ਵਿੱਚ ਨਵੀਂ ਊਰਜਾ ਪੈਦਾ ਕੀਤੀ। ਇਸ ਤੋਂ ਇਲਾਵਾ ਸਕੂਲ ਵੱਲੋਂ ਸਾਰਿਆਂ ਲਈ ਰਵਾਇਤੀ ਖੀਰ ਪੂੜਿਆਂ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਡਾ.ਅਮਰਪ੍ਰੀਤ ਕੌਰ ਜੀ ਨੇ ਇਸ ਸਮਾਗਮ ਵਿੱਚ ਪਹੁੰਚੇ ਸਾਰਿਆਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਅਤੇ ਸਾਰਿਆਂ ਨੂੰ ਪੰਜਾਬੀ ਵਿਰਾਸਤ ਪੰਜਾਬੀ ਸੱਭਿਆਚਾਰ ਨਾਲ ਜੁੜੇ ਹਰ ਤਿਉਹਾਰ ਨੂੰ ਖੁਸ਼ੀਆਂ ਖੇੜਿਆਂ ਨਾਲ ਮਨਾਉਣ ਨੂੰ ਕਿਹਾ ਤਾਂ ਕਿ ਅਸੀਂ ਆਪਣੇ ਅਮੀਰ ਪੰਜਾਬੀ ਵਿਰਸੇ ਨਾਲ ਜੁੜ ਸਕੀਏ। ਇਹ ਸਮਾਗਮ ਪੰਜਾਬੀ ਸੱਭਿਆਚਾਰ ,ਹਾਸੇ ਅਤੇ ਖੁਸ਼ੀਆਂ ਖੇੜਿਆਂ ਦੇ ਇੱਕ ਗੁਲਦਸਤੇ ਦੇ ਰੂਪ ਵਿੱਚ ਯਾਦਗਾਰੀ ਹੋ ਨਿਬੜਿਆ।

> **ਪੰਜਾਬੀ ਵਿਰਾਸਤ ਤੇ ਸੱਭਿਆਚਾਰ ਨਾਲ ਜੁੜੇ ਤਿਉਹਾਰ ਮਨਾਉਣਾ, ਪੰਜਾਬੀ ਅਮੀਰ ਵਿਰਸੇ ਨਾਲ ਜੁੜਨਾ ਡਾ: ਮੰਗਲ ਸਿੰਘ ਕਿਸ਼ਨਪੁਰੀ**

# ਭਾਰਤ ਵਿੱਚ ਟੈਲੈਂਟ ਦਾ ਪੂਰਾ ਮਾਨ-ਸਨਮਾਨ; ਦੇਸ ਵਿੱਚ ਵੀ ਵੱਡੀਆਂ ਪ੍ਰਾਪਤੀਆਂ ਹੋ ਸਕਦੀਆਂ

## ਜੇਕਰ ਨਿਸ਼ਾਨਾ ਅਤੇ ਕੰਮ ਕਰਨ ਦਾ ਤਰੀਕਾ ਸਹੀ ਹੋਵੇ, ਤਾਂ ਸਾਰਥਕ ਨਤੀਜਾ ਜ਼ਰੂਰ ਮਿਲਦਾ ਡਾ: ਅਰਵਿੰਦ



**ਜੰਡਿਆਲਾ ਗੁਰੂ 10 ਅਗਸਤ ( ਕੁਲਵੰਤ ਸਿੰਘ ਵਿਰਦੀ)**-ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਰਹੇ ਅਤੇ ਕੁਆਂਟਮ ਫਿਜਿਕਸ ਦੇ ਮਾਹਿਰ ਡਾ. ਅਰਵਿੰਦ ਨੇ ਜੰਡਿਆਲਾ ਗੁਰੂ ਵਿਖੇ 'ਜਨਾਬ ਫੂਡਸ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਸੰਸਥਾ ਦੇ ਕੰਮਕਾਜ, ਸਾਫ਼-ਸਫ਼ਾਈ ਅਤੇ ਉੱਥੇ ਸਥਾਪਿਤ ਲਾਇਬ੍ਰੇਰੀ ਦੇ ਕਾਂਨਸੈਪਟ ਨੂੰ ਦੇਖਿਆ ਅਤੇ ਸਰਾਹਣਾ ਕੀਤੀ, ਇਸ ਦੌਰਾਨ ਡਾ. ਅਰਵਿੰਦ ਨੇ ਕੁਆਂਟਮ ਫਿਜਿਕਸ ਦੇ ਗੁੰਝਲਦਾਰ ਵਿਸ਼ੇ ਨੂੰ ਬਹੁਤ ਹੀ ਸਰਲ ਅਤੇ ਸਾਧਾਰਨ ਰੂਪ ਵਿੱਚ ਸਮਝਾਉਂਦਿਆਂ ਦੱਸਿਆ ਕਿ ਕੁਦਰਤ ਦੇ ਨਿਯਮ ਅਸਲ ਵਿੱਚ ਬਹੁਤ ਸਾਧਾਰਨ ਹਨ। ਉਨ੍ਹਾਂ ਸੰਚਾਲਕਾਂ ਐਸ ਐਸ ਗਿੱਲ ਅਤੇ ਗੁਰਪ੍ਰੀਤ ਸਿੰਘ ਗਿੱਲ ਨਾਲ ਗੱਲਬਾਤ ਕੀਤੀ ਅਤੇ ਤੇ ਸੁਖਵਿੰਦਰ ਸਿੰਘ (ਦਿੱਲੀ) ਦੇ ਲਾਇਬ੍ਰੇਰੀ ਲਈ ਸਹਿਯੋਗ ਤੇ ਮਾਰਗ-ਦਰਸ਼ਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਜੇਕਰ ਨਿਸ਼ਾਨਾ ਅਤੇ ਕੰਮ ਕਰਨ ਦਾ ਤਰੀਕਾ ਸਹੀ ਹੋਵੇ, ਤਾਂ ਉਸ ਦਾ ਸਾਰਥਕ ਨਤੀਜਾ ਜ਼ਰੂਰ ਮਿਲਦਾ ਹੈ! ਅੱਗੇ ਉਨ੍ਹਾਂ ਉੱਥੇ ਮੌਜੂਦ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ , ਕਿ ਭਾਰਤ ਵਿੱਚ ਰਿਸਰਚ, ਸਕਿੱਲ ਅਤੇ ਵੱਖ-ਵੱਖ ਖੇਤਰਾਂ ਵਿੱਚ ਪ੍ਰਤਿਭਾ (ਟੈਲੈਂਟ) ਦੀ ਬਹੁਤ ਜ਼ਰੂਰਤ ਹੈ ਅਤੇ ਇੱਥੇ ਟੈਲੈਂਟ ਦਾ ਪੂਰਾ ਮਾਨ-ਸਨਮਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਡੀ ਪ੍ਰਤਿਭਾ ਅਤੇ ਮਿਹਨਤ ਵਧੀਆ ਹੈ। ਤਾਂ ਅਸੀਂ ਆਪਣੇ ਦੇਸ਼ ਵਿੱਚ ਰਹਿ ਕੇ ਹੀ ਵੱਡੀਆਂ ਪ੍ਰਾਪਤੀਆਂ ਕਰ ਸਕਦੇ ਹਾਂ ਅਤੇ ਦੇਸ਼ ਨੂੰ ਅੱਗੇ ਲਿਜਾਣ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਾਂ ।ਵਿਦਿਆਰਥੀਆਂ ਨਾਲ ਗੱਲ ਕਰਦਿਆਂ ਉਨ੍ਹਾਂ ਜ਼ੋਰ ਦਿੱਤਾ ਕਿ ਜੀਵਨ ਵਿੱਚ ਚੀਜ਼ਾਂ ਨੂੰ ਗੁੰਝਲਦਾਰ ਬਣਾਉਣ ਦੀ ਬਜਾਏ ਸਾਧਾਰਨ ਅਤੇ ਕੁਦਰਤੀ ਰਹਿਣਾ ਚਾਹੀਦਾ ਹੈ ਅਤੇ ਪੂਰੀ ਲਗਨ ਨਾਲ ਮਿਹਨਤ ਕਰਨੀ ਚਾਹੀਦੀ ਹੈ !

# ਅਕਾਲੀ ਦਲ ਦੇ ਪੁਨਰ-ਸੁਰਜੀਤੀ ਦਿਹਾੜੇ 'ਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਬੰਦੀ ਸਿੰਘਾਂ ਨੂੰ ਸਮਰਪਿਤ ਅਰਦਾਸ ਕੀਤੀ ਜਾਵੇਗੀ- ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 9 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦੇਂਦਿਆ ਦੱਸਿਆ ਕਿ 11 ਅਗਸਤ ਨੂੰ ਪੰਥ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਪੁਨਰ-ਸੁਰਜੀਤ ਹੋਣ ਦੇ ਇਕ ਸਾਲ ਪੂਰਾ ਹੋਣ 'ਤੇ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਅਰਦਾਸ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਇਹ ਅਰਦਾਸ ਬੰਦੀ ਸਿੰਘਾਂ ਦੀ ਰਿਹਾਈ ਨੂੰ ਸਮਰਪਿਤ ਹੋਵੇਗੀ। ਕਿਉਂਕਿ ਪਿਛਲੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਕੀਤੇ ਹੋਏ ਸਿੱਖ ਨੌਜਵਾਨਾਂ ਨੂੰ ਬੁੱਢੇ ਹੋਣ ਤੋਂ ਬਾਦ ਵੀ ਰਿਹਾ ਨਹੀਂ ਕੀਤਾ ਜਾ ਰਹੀ। ਸਭ ਤੋਂ ਵੱਧ ਹਨੇਰ ਦੀ ਗੱਲ ਇਹ ਹੈ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਜੋ ਪਿਛਲੇ 31 ਸਾਲ ਤੋਂ ਜੇਲ੍ਹ ਅਤੇ 19 ਸਾਲ ਤੋਂ ਫਾਂਸੀ ਦੀ ਚੱਕੀ ਵਿੱਚ ਡੱਕੇ ਹੋਏ ਹਨ ਉਹਨਾਂ ਬਾਰੇ ਕੇਂਦਰ ਸਰਕਾਰ ਕੋਈ ਫੈਸਲਾ ਨਹੀਂ ਲੈ ਰਹੀ। ਭਾਈ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਬਜੁਰਗ ਅਵਸਥਾ ਵਿੱਚ ਹਨ ਪਰ ਉਹਨਾਂ ਨਾਲ ਮਿਲਣ ਲਈ ਭਾਈ ਹਵਾਰਾ ਨੂੰ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਜਦਕਿ ਬਲਾਤਕਾਰ ਅਤੇ ਕਤਲ ਦਾ ਦੋਸ਼ੀ ਸੌਦਾ ਸਾਧ ਸਾਲ ਵਿੱਚ ਕਈ ਵਾਰ ਪੈਰੋਲ 'ਤੇ ਜੇਲ੍ਹ ਤੋਂ ਬਾਹਰ ਹੁੰਦਾ ਹੈ। ਅਸੀਂ ਸਰਕਾਰਾਂ ਦੀ ਇਸ ਧੱਕੇਸ਼ਾਹੀ ਦਾ ਵਿਰੋਧ ਕਰਨ ਦੇ ਨਾਲ-ਨਾਲ ਮੀਰੀ ਪੀਰੀ ਦੇ ਮਾਲਕ ਬੰਦੀਛੋੜ ਸੱਚੇ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਜੀ ਅੱਗੇ ਅਰਦਾਸ ਕਰਾਂਗੇ ਕਿ ਇਹਨਾਂ ਯੋਧਿਆਂ ਦੀ ਬੰਦ ਖਲਾਸੀ ਕਰਵਾਓ ਅਤੇ ਪੰਥ ਦੀ ਇਸ ਜਥੇਬੰਦੀ ਨੂੰ ਬਲ ਬਖਸ਼ੋ ਕਿ ਅਸੀਂ ਉਹਨਾਂ ਦੀ ਰਿਹਾਈ ਲਈ ਹਰ ਮੁਹਾਜ 'ਤੇ ਉਦੋਂ ਤੱਕ ਅਵਾਜ ਉਠਾਉਂਦੇ ਰਹੀਏ ਜਦੋਂ ਤੱਕ ਉਹ ਰਿਹਾ ਹੋ ਕੇ ਆਪਣੇ ਘਰੀਂ ਵਾਪਸ ਨਹੀਂ ਆ ਜਾਂਦੇ।

ਗਿਆਨੀ ਹਰਪ੍ਰੀਤ ਸਿੰਘ ਨੇ ਇਤਿਹਾਸਕ ਵੇਰਵਾ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ 14 ਦਸੰਬਰ 1920 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਛਤਰ ਛਾਇਆ ਹੇਠ ਹੋਂਦ ਵਿੱਚ ਆਇਆ ਸੀ। ਜਿਸ ਅੰਦਰ ਸਮੇਂ ਨਾਲ ਆਈਆਂ ਕੁਰੀਤੀਆਂ ਨੂੰ ਦੂਰ ਕਰਨ ਲਈ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਨੇ ਮੁੜ ਦਖਲ ਦੇ ਕੇ ਇਸ ਨੂੰ ਪੁਨਰ-ਸੁਰਜੀਤ ਕਰਨ ਦਾ ਆਦੇਸ਼ ਦਿੱਤਾ ਸੀ। ਉਹਨਾਂ ਆਦੇਸ਼ਾਂ ਦੀ ਰੌਸ਼ਨੀ ਵਿੱਚ ਪੰਜ ਮੈਂਬਰੀ ਕਮੇਟੀ ਨੇ ਭਰਤੀ ਕਰਕੇ ਬੜੇ ਹੀ ਲੋਕਤੰਤਰਿਕ ਢੰਗ ਨਾਲ 11 ਅਗਸਤ 2025 ਨੂੰ ਜਰਨਲ ਇਜਲਾਸ ਰਾਹੀਂ ਮੇਰੀ ਪ੍ਰਧਾਨ ਵਜੋਂ ਚੋਣ ਕੀਤੀ ਸੀ। ਸੋ ਸ੍ਰੀ ਅਕਾਲ ਤਖਤ ਸਾਹਿਬ ਦੀ ਰਹਿਨੁਮਾਈ ਹੇਠ ਚੱਲ ਰਹੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੀ ਪਹਿਲੀ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਅਰਦਾਸ ਕਰਕੇ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹ ਦੇ ਸ਼ੁਕਰਾਨੇ ਕੀਤੇ ਜਾਣਗੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਬੰਦੀਛੋੜ ਪਾਤਸ਼ਾਹ ਅੱਗੇ ਅਰਜੋਈ ਕੀਤੀ ਜਾਵੇਗੀ। ਇਸ ਸੁਹਿਰਦ ਮਕਸਦ ਲਈ ਉਹਨਾਂ ਨੇ ਸਾਰੇ ਪਾਰਟੀ ਅਹੁਦੇਦਾਰਾਂ, ਡੈਲੀਗੇਟਾਂ, ਜਿਲ੍ਹਾ ਪ੍ਰਧਾਨਾਂ, ਵਰਕਰਾਂ, ਹਮਾਇਤੀਆਂ ਅਤੇ ਆਮ ਸੰਗਤਾਂ ਨੂੰ ਖੁੱਲ੍ਹਾ ਸੱਦਾ ਦਿੰਦਿਆ ਕਿਹਾ ਕਿ ਆਪ ਜੀ 11 ਅਗਸਤ 2026 ਦਿਨ ਮੰਗਲਵਾਰ ਠੀਕ ਦਸ ਵਜੇ ਸਵੇਰੇ ਸੂਚਨਾ ਕੇਂਦਰ ਸ੍ਰੀ ਦਰਬਾਰ ਸਾਹਿਬ ਦੇ ਸਾਹਮਣੇ ਪਹੁੰਚੋ। ਉਥੋਂ ਜਥੇ ਦੇ ਰੂਪ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜਾਇਆ ਜਾਏਗਾ ਅਤੇ ਸੰਗਤੀ ਰੂਪ ਵਿੱਚ ਪੰਥ, ਪੰਜਾਬ ਅਤੇ ਜਥੇਬੰਦੀ ਦੀ ਚੜ੍ਹਦੀ ਕਲਾ ਅਤੇ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ ਜਾਵੇਗੀ। ਅਰਦਾਸ ਸਮਾਗਮ ਉਪਰੰਤ ਦੋ ਵਜੇ ਪਾਰਟੀ ਦਫਤਰ ਵਿੱਚ ਜਥੇਬੰਦੀ ਦੇ ਸਮੂਹ ਅਹੁਦੇਦਾਰਾਂ ਅਤੇ ਜਿਲ੍ਹਾ ਪ੍ਰਧਾਨਾਂ ਦੀ ਇੱਕ ਮੀਟਿੰਗ ਹੋਵੇਗੀ ਜਿਸ ਵਿੱਚ ਅਗਲੇ ਪ੍ਰੋਗਰਾਮਾਂ ਬਾਰੇ ਫੈਸਲੇ ਲਏ ਜਾਣਗੇ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪਿੰਡ ਫੇਰੂਮਾਨ ਦੇ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦਾ ਦੌਰਾ



**ਜੰਡਿਆਲਾ ਗੁਰੂ 10 ਅਗਸਤ (ਕੁਲਵੰਤ ਸਿੰਘ ਵਿਰਦੀ )** – ਪੰਜਾਬ ਸਰਕਾਰ ਦੇ ਦਿਸ਼ਾ–ਨਿਰਦੇਸ਼ਾਂ ਤਹਿਤ ਪਿੰਡਾਂ ਨੂੰ ਸਾਫ਼–ਸੁਥਰਾ ਅਤੇ ਸਵੱਛ ਬਣਾਉਣ ਲਈ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਲਈ ਸ੍ਰੀ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਅੰਮ੍ਰਿਤਸਰ ਵੱਲੋਂ ਅੱਜ ਬਲਾਕ ਰਈਆ ਦੇ ਪਿੰਡ ਫੇਰੂਮਾਨ ਵਿਖੇ ਸਥਾਪਿਤ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦਾ ਦੌਰਾ ਕੀਤਾ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਗਿੱਲੇ, ਸੁੱਕੇ, ਸੈਨੇਟਰੀ ਅਤੇ ਖ਼ਤਰਨਾਕ ਕੂੜੇ ਨੂੰ ਘਰਾਂ ਵਿੱਚ ਹੀ ਵੱਖ–ਵੱਖ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਗਿੱਲੇ ਕੂੜੇ ਨੂੰ ਪਿੰਡ ਵਿੱਚ ਸਥਾਪਿਤ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦੀਆਂ ਪਿੱਟਾਂ ਵਿੱਚ ਪਾਇਆ ਜਾਵੇ, ਤਾਂ ਜੋ ਇਸ ਤੋਂ ਜੈਵਿਕ ਖਾਦ ਤਿਆਰ ਕੀਤੀ ਜਾ ਸਕੇ।ਉਨ੍ਹਾਂ ਨੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਅਤੇ ਪੰਚਾਇਤ ਸਕੱਤਰ ਨੂੰ ਹਦਾਇਤ ਕੀਤੀ ਕਿ ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਦੀ ਚਾਰਦੀਵਾਰੀ ਅਤੇ ਸੈਗਰੀਗੇਸ਼ਨ ਸ਼ੈੱਡ ਦਾ ਨਿਰਮਾਣ ਕਰਵਾਇਆ ਜਾਵੇ, ਤਾਂ ਜੋ ਗਿੱਲੇ ਅਤੇ ਸੁੱਕੇ ਕੂੜੇ ਨੂੰ ਇੱਥੇ ਸੁਚੱਜੇ ਢੰਗ ਨਾਲ ਵੱਖ–ਵੱਖ ਕੀਤਾ ਜਾ ਸਕੇ ਅਤੇ ਇਸ ਦੇ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।ਵਧੀਕ ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦੇ ਫੀਲਡ ਸਟਾਫ ਅਤੇ ਪਿੰਡ ਵਿੱਚ ਕਾਰਜਸ਼ੀਲ ਸੈਲਫ਼ ਹੈਲਪ ਗਰੁੱਪਾਂ ਦੀਆਂ ਮਹਿਲਾਵਾਂ ਨੂੰ ਵੀ ਪਿੰਡ ਦੀ ਸਫ਼ਾਈ ਅਤੇ ਸਵੱਛਤਾ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਰਾਊਂਡ ਗਲਾਸ ਫਾਊਂਡੇਸ਼ਨ ਦੇ ਕੋਆਰਡੀਨੇਟਰ ਸ੍ਰੀ ਰੇਸ਼ਮ ਸਿੰਘ ਨੇ ਦੱਸਿਆ ਕਿ ਰਾਊਂਡ ਗਲਾਸ ਫਾਊਂਡੇਸ਼ਨ ਵੱਲੋਂ ਪਿੰਡ ਦੇ ਹਰੇਕ ਘਰ ਨੂੰ ਗਿੱਲੇ ਅਤੇ ਸੁੱਕੇ ਕੂੜੇ ਦੀ ਵੱਖ–ਵੱਖ ਸੈਗਰੀਗੇਸ਼ਨ ਲਈ ਦੋ–ਦੋ ਡਸਟਬਿਨ ਮੁਹੱਈਆ ਕਰਵਾਏ ਗਏ ਹਨ। ਇਸ ਦਾ ਉਦੇਸ਼ ਘਰ ਪੱਧਰ ’ਤੇ ਹੀ ਕੂੜੇ ਨੂੰ ਵੱਖ–ਵੱਖ ਰੱਖਣ ਦੀ ਆਦਤ ਨੂੰ ਉਤਸ਼ਾਹਿਤ ਕਰਨਾ ਹੈ।ਵਧੀਕ ਡਿਪਟੀ ਕਮਿਸ਼ਨਰ ਨੇ ਪਿੰਡ ਵਿੱਚ ਕੰਮ ਕਰ ਰਹੇ ਵੇਸਟ ਕੁਲੈਕਟਰ ਨੂੰ ਵੀ ਹਦਾਇਤ ਕੀਤੀ ਕਿ ਘਰਾਂ ਤੋਂ ਗਿੱਲਾ, ਸੁੱਕਾ, ਸੈਨੇਟਰੀ ਅਤੇ ਖ਼ਤਰਨਾਕ ਕੂੜਾ ਵੱਖ–ਵੱਖ ਇਕੱਠਾ ਕੀਤਾ ਜਾਵੇ, ਤਾਂ ਜੋ ਇਸ ਦਾ ਸਹੀ ਨਿਪਟਾਰਾ ਅਤੇ ਸੁਚੱਜਾ ਪ੍ਰਬੰਧਨ ਯਕੀਨੀ ਬਣਾਇਆ ਜਾ ਸਕੇ।ਇਸ ਦੌਰਾਨ ਉਨ੍ਹਾਂ ਨੇ ਪਿੰਡ ਦੇ ਸਰਪੰਚ ਸ੍ਰੀ ਕਰਮਜੀਤ ਸਿੰਘ ਨੂੰ ਸੋਲਿਡ ਵੇਸਟ ਮੈਨੇਜਮੈਂਟ ਸਬੰਧੀ ਇੱਕ ਵੱਖਰੀ ਕਮੇਟੀ ਦਾ ਗਠਨ ਕਰਨ ਲਈ ਕਿਹਾ। ਇਹ ਕਮੇਟੀ ਪਿੰਡ ਵਿੱਚ ਸੋਲਿਡ ਵੇਸਟ ਮੈਨੇਜਮੈਂਟ ਨਾਲ ਸਬੰਧਤ ਗਤੀਵਿਧੀਆਂ ਦੀ ਨਿਗਰਾਨੀ ਕਰਨ ਦੇ ਨਾਲ–ਨਾਲ ਪ੍ਰੋਜੈਕਟ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਏਗੀ।ਪਿੰਡ ਵਾਸੀਆਂ ਅਤੇ ਪੰਚਾਇਤ ਨੂੰ ਸੰਬੋਧਨ ਕਰਦਿਆਂ ਸ੍ਰੀ ਸੁਰਿੰਦਰ ਸਿੰਘ ਨੇ ਕਿਹਾ ਕਿ ਪਿੰਡ ਨੂੰ ਸਾਫ਼–ਸੁਥਰਾ ਅਤੇ ਸਵੱਛ ਬਣਾਉਣ ਲਈ ਕੂੜੇ ਦਾ ਸਹੀ ਪ੍ਰਬੰਧਨ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਕਾਰਜ ਪਿੰਡ ਵਾਸੀਆਂ ਦੇ ਸਰਗਰਮ ਸਹਿਯੋਗ ਨਾਲ ਹੀ ਸਫ਼ਲ ਹੋ ਸਕਦਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਹੀ ਕੂੜੇ ਦੀ ਸਹੀ ਸੈਗਰੀਗੇਸ਼ਨ ਕਰਨ ਅਤੇ ਪਿੰਡ ਦੀ ਸਫ਼ਾਈ ਵਿਵਸਥਾ ਨੂੰ ਹੋਰ ਬਿਹਤਰ ਬਣਾਉਣ ਲਈ ਪ੍ਰਸ਼ਾਸਨ ਅਤੇ ਪੰਚਾਇਤ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ।ਇਸ ਮੌਕੇ ਸ੍ਰੀ ਸਰਬਜੀਤ ਸਿੰਘ, ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ, ਰਈਆ, ਸ੍ਰੀ ਸੁੱਖਪਾਲ ਸਿੰਘ, ਪੰਚਾਇਤ ਸਕੱਤਰ, ਸ੍ਰੀਮਤੀ ਵਿਭੂਤੀ ਸ਼ਰਮਾ, ਸੀ.ਡੀ.ਐਸ., ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਸ੍ਰੀ ਮੁਕੇਸ਼ ਕੁਮਾਰ, ਜੂਨੀਅਰ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਸ੍ਰੀਮਤੀ ਰਾਧਿਕਾ ਅਤੇ ਪੰਜਾਬ ਰਾਜ ਪੇਂਡੂ ਆਜੀਵਿਕਾ ਮਿਸ਼ਨ ਦਾ ਫੀਲਡ ਸਟਾਫ, ਸ੍ਰੀ ਸਰਵਣ ਸਿੰਘ ਮਾਨ ਤੋਂ ਇਲਾਵਾ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

**ਪਿੰਡ ਵਾਸੀਆਂ ਨੂੰ ਗਿੱਲਾ, ਸੁੱਕਾ, ਸੈਨੇਟਰੀ ਅਤੇ ਖ਼ਤਰਨਾਕ ਕੂੜਾ ਵੱਖ-ਵੱਖ ਰੱਖਣ ਦੀ ਅਪੀਲ**

## ਹਾਈ ਕੋਰਟ ਦੇ ਹੁਕਮ ਲਾਗੂ ਕਰਨ ਤੋਂ ਬਿਨਾਂ ਗੱਲਬਾਤ ਬੇਮਾਅਨੀ

# ਚੰਡੀਗੜ੍ਹ ਮਹਾਂਰੈਲੀ ਨੇ ਸਰਕਾਰ ਨੂੰ ਦਿੱਤੀ ਸਖ਼ਤ ਚੇਤਾਵਨੀ:- ਇੰਜ ਦਲਜੀਤ ਸਿੰਘ ਕੋਹਲੀ





**ਚੌਕ ਮਹਿਤਾ, 10 ,ਅਗਸਤ( ਬਾਬਾ ਸੁਖਵੰਤ ਸਿੰਘ ਚੰਨਣਕੇ )**-7 ਅਗਸਤ ਨੂੰ ਚੰਡੀਗੜ੍ਹ ਦਾਣਾ ਮੰਡੀ ਸੈਕਟਰ 39ਵਿਖੇ ਹੋਈ ਇਤਿਹਾਸਕ ਮਹਾਂ ਰੈਲੀ ਨੇ ਪੰਜਾਬ ਸਰਕਾਰ ਨੂੰ ਸਪੱਸ਼ਟ ਸੰਦੇਸ਼ ਦੇ ਦਿੱਤਾ ਹੈ ਕਿ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਹੁਣ ਆਪਣੇ ਹੱਕਾਂ ਦੇ ਮਾਮਲੇ ਵਿੱਚ ਹੋਰ ਉਡੀਕ ਕਰਨ ਲਈ ਤਿਆਰ ਨਹੀਂ। ਹਜ਼ਾਰਾਂ ਦੀ ਗਿਣਤੀ ਵਿੱਚ ਹੋਈ ਸ਼ਮੂਲੀਅਤ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸਰਕਾਰ ਵੱਲੋਂ ਸਮੇਂ–ਸਮੇਂ ’ਤੇ ਅਪਣਾਈਆਂ ਗਈਆਂ ਟਾਲਮਟੋਲ ਦੀਆਂ ਨੀਤੀਆਂ ਅਤੇ ਲਾਰਿਆਂ ਦਾ ਦੌਰ ਹੁਣ ਅੰਤ ਵੱਲ ਹੈ। ਇੰਜੀ. ਦਲਜੀਤ ਸਿੰਘ ਕੋਹਲੀ, ਪ੍ਰਧਾਨ ਫੋਰਡੇ ਪੰਜਾਬ, ਨੇ ਰੈਲੀ ਨੂੰ ਕਾਮਯਾਬ ਕਰਨ ਲਈ ਸਾਰਿਆਂ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਚੰਡੀਗੜ੍ਹ ਦੀ ਮਹਾਂ ਰੈਲੀ ਕਿਸੇ ਇੱਕ ਮੰਗ ਦੀ ਲੜਾਈ ਨਹੀਂ ਸੀ, ਸਗੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਸਵੈ–ਸਨਮਾਨ, ਸੰਵਿਧਾਨਕ ਹੱਕਾਂ ਅਤੇ ਅਦਾਲਤੀ ਫ਼ੈਸਲਿਆਂ ਦੀ ਇੱਜ਼ਤ ਦੀ ਲੜਾਈ ਸੀ। ਇੰਜ ਕੋਹਲੀ ਨੇ ਕਿਹਾ ਕਿ 08 ਅਪ੍ਰੈਲ 2026 ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਆਪਣੇ ਇਤਿਹਾਸਕ ਫ਼ੈਸਲੇ ਵਿੱਚ ਪੰਜਾਬ ਸਰਕਾਰ ਨੂੰ ਸਾਰੇ ਬਕਾਇਆ ਡੀ.ਏ./ਡੀ.ਆਰ. ਦੀਆਂ ਕਿਸ਼ਤਾਂ ਕੇਂਦਰੀ ਪੈਟਰਨ ਅਨੁਸਾਰ ਜਾਰੀ ਕਰਨ, ਪੈਨਸ਼ਨਰਾਂ ਦੇ ਬਕਾਏ ਏਰੀਅਰ ਅਦਾ ਕਰਨ ਅਤੇ ਇਹ ਸਾਰਾ ਕੰਮ 30 ਜੂਨ 2026 ਤੱਕ ਮੁਕੰਮਲ ਕਰਨ ਦੇ ਸਪੱਸ਼ਟ ਨਿਰਦੇਸ਼ ਦਿੱਤੇ ਸਨ। ਅਦਾਲਤ ਨੇ ਇਹ ਵੀ ਕਿਹਾ ਸੀ ਕਿ ਮਹਿੰਗਾਈ ਦਾ ਅਸਰ ਹਰ ਮੁਲਾਜ਼ਮ ਅਤੇ ਪੈਨਸ਼ਨਰ ’ਤੇ ਇੱਕੋ ਜਿਹਾ ਪੈਂਦਾ ਹੈ ਅਤੇ ਆਈ.ਏ.ਐਸ./ਆਈ.ਪੀ.ਐਸ. ਅਧਿਕਾਰੀਆਂ ਨੂੰ ਵੱਖਰੇ ਤੌਰ ’ਤੇ ਲਾਭ ਦੇ ਕੇ ਬਾਕੀ ਮੁਲਾਜ਼ਮਾਂ ਨੂੰ ਵਾਂਝਾ ਰੱਖਣਾ ਜਾਇਜ਼ ਨਹੀਂ। ਇੰਜੀ. ਵੀ ਕੇ ਕਪੂਰ ਨੇ ਕਿਹਾ ਕਿ ਜਦੋਂ ਹਾਈ ਕੋਰਟ ਦਾ ਫ਼ੈਸਲਾ ਬਿਲਕੁਲ ਸਪੱਸ਼ਟ ਹੈ ਤਾਂ ਉਸ ਨੂੰ ਲਾਗੂ ਕਰਨ ਦੀ ਬਜਾਏ ਮੁੜ ਮੀਟਿੰਗਾਂ, ਕਮੇਟੀਆਂ ਅਤੇ ਗੱਲਾਂਬਾਤਾਂ ਦਾ ਸਹਾਰਾ ਲੈਣਾ ਮੁਲਾਜ਼ਮ ਵਰਗ ਵਿੱਚ ਸ਼ੱਕ ਪੈਦਾ ਕਰਦਾ ਹੈ। ਸਰਕਾਰ ਨੂੰ ਸਭ ਤੋਂ ਪਹਿਲਾਂ ਅਦਾਲਤੀ ਹੁਕਮਾਂ ਦੀ ਪਾਲਣਾ ਕਰਕੇ ਆਪਣੀ ਨੀਅਤ ਸਪੱਸ਼ਟ ਕਰਨੀ ਚਾਹੀਦੀ ਹੈ। ਸ੍ਰ ਜੋਗਿੰਦਰ ਸਿੰਘ, ਜਨਰਲ ਸਕੱਤਰ ਮਹਾਂ ਸੰਘ ਪੰਜਾਬ ਨੇ ਕਿਹਾ ਕਿ ਮੁਲਾਜ਼ਮ ਅਤੇ ਪੈਨਸ਼ਨਰ ਹੁਣ ਕੇਵਲ ਭਰੋਸਿਆਂ ਨਾਲ ਸੰਤੁਸ਼ਟ ਨਹੀਂ ਹੋਣਗੇ। ਸਮਾਂ ਆ ਗਿਆ ਹੈ ਕਿ ਸਰਕਾਰ ਐਲਾਨਾਂ ਦੀ ਥਾਂ ਅਮਲੀ ਕਾਰਵਾਈ ਕਰਕੇ ਦਿਖਾਵੇ। ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਨਜ਼ਰਾਂ ਹੁਣ ਸਰਕਾਰ ਦੇ ਅਗਲੇ ਕਦਮ ’ਤੇ ਟਿਕੀਆਂ ਹੋਈਆਂ ਹਨ। ਇੰਜੀ. ਕੋਹਲੀ ਨੇ ਸਾਂਝੇ ਸੰਘਰਸ਼ ਦੀ ਅਗਵਾਈ ਕਰ ਰਹੀਆਂ ਸਮੂਹ ਜਥੇਬੰਦੀਆਂ ਦੇ ਆਗੂਆਂ ਨੂੰ ਅਪੀਲ ਕੀਤੀ ਕਿ ਸਰਕਾਰ ਨਾਲ ਕਿਸੇ ਵੀ ਅਗਲੀ ਗੱਲਬਾਤ ਤੋਂ ਪਹਿਲਾਂ ਸਾਂਝਾ ਮੰਥਨ ਕਰਕੇ ਇੱਕ ਸਪੱਸ਼ਟ ਅਤੇ ਮਜ਼ਬੂਤ ਰਣਨੀਤੀ ਤੈਅ ਕੀਤੀ ਜਾਵੇ, ਤਾਂ ਜੋ ਸੰਘਰਸ਼ ਦੀ ਤਾਕਤ ਨੂੰ ਕਮਜ਼ੋਰ ਕਰਨ ਵਾਲੀ ਕਿਸੇ ਵੀ ਕੋਸ਼ਿਸ਼ ਨੂੰ ਨਾਕਾਮ ਬਣਾਇਆ ਜਾ ਸਕੇ। ਉਨ੍ਹਾਂ ਚੰਡੀਗੜ੍ਹ ਮਹਾਂਰੈਲੀ ਵਿੱਚ ਕਾਫ਼ਲਿਆਂ ਦੀ ਸ਼ਕਲ ਵਿਚ ਹੁੰਮ ਹੁੰਮਾ ਕੇ ਸ਼ਾਮਲ ਹੋਏ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ, ਮਹਿਲਾ ਸਾਥੀਆਂ ਅਤੇ ਸੀਨੀਅਰ ਨਾਗਰਿਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਰੈਲੀ ਪੰਜਾਬ ਦੇ ਮੁਲਾਜ਼ਮ ਇਤਿਹਾਸ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਈ ਹੈ। ਇਹ ਏਕਤਾ ਹੀ ਆਉਣ ਵਾਲੇ ਸਮੇਂ ਵਿੱਚ ਹੱਕਾਂ ਦੀ ਪ੍ਰਾਪਤੀ ਦੀ ਸਭ ਤੋਂ ਵੱਡੀ ਤਾਕਤ ਬਣੇਗੀ। ਫ਼ੋਰਮ ਆਫ ਡਿਪਲੋਮਾ ਇੰਜੀ.,ਪੰਜਾਬ ਦੀ ਮੰਗ ਹੈ ਕਿ ਸਰਕਾਰ ਪਹਿਲਾਂ ਮਾਨਯੋਗ ਹਾਈ ਕੋਰਟ ਦੇ ਹੁਕਮਾਂ ਨੁ ਅਮਲੀ ਜਾਮਾ ਪਹਿਨਾਵੇ ਅਤੇ ਉਸ ਤੋਂ ਬਾਅਦ ਹੋਰ ਮੰਗਾਂ ਲਈ ਗੱਲਬਾਤ ਦਾ ਰਸਤਾ ਅਪਣਾਇਆ ਜਾਵੇ।

# ਮੁੱਖ ਮੰਤਰੀ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਨੇ ਕਾਂਝਲੀ, ਕਾਂਝਲਾ, ਕਹੇਰੂ ਦੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਵੱਲੋਂ ਧੂਰੀ ਹਲਕੇ ਦੇ ਪਿੰਡ ਕਾਂਝਲੀ, ਕਾਂਝਲਾ, ਅਤੇ ਕਹੇਰੂ ਵਿਖੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੀ ਲੋਕ ਭਲਾਈ ਲਈ ਚਲਾਈਆਂ ਗਈਆਂ ਸਕੀਮਾਂ ਤੋਂ ਖੁਸ਼ ਹੋ ਕੇ ਲੋਕ 2027 ਦੇ ਵਿੱਚ ਦੁਬਾਰਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾਉਣ ਜਾ ਰਹੇ ਹਨ ।ਉਹਨਾਂ ਕਿਹਾ ਕਿ ਜੋ ਵਿਕਾਸ ਕਾਰਜ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਹਨ, ਉਹ ਪਿਛਲੀਆਂ ਸਰਕਾਰਾਂ 70 ਸਾਲਾਂ ਵਿੱਚ ਵੀ ਨਹੀਂ ਕਰ ਸਕੀਆਂ, ਪੰਜਾਬ ਦੀ ਮਾਨ ਸਰਕਾਰ ਨੇ ਅਜਿਹੇ ਕੰਮ ਕਰ ਦਿਖਾਏ ਹਨ, ਜਿਨਾਂ ਨੂੰ ਲੋਕ ਪਿਛਲੇ 70 ਸਾਲਾਂ ਤੋਂ ਤਰਸ ਰਹੇ ਸਨ । ਇਸ ਮੌਕੇ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਕਰਮਜੀਤ ਸਿੰਘ ਕਾਂਝਲਾ, ਚੇਅਰਮੈਨ ਰਛਪਾਲ ਸਿੰਘ ਭੁੱਲਰ ,ਚੇਅਰਮੈਨ ਚਰਨਾਂ ਖੇੜੀ, ਸਰਪੰਚ ਅੰਮ੍ਰਿਤ ਚਹਿਲ ਮੈਂਬਰ ਜਿਲ੍ਹਾ ਪ੍ਰੀਸ਼ਦ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ ਧੂਰੀ, ਬਸੰਤ ਕਾਂਝਲਾ, ਕੁਲਵਿੰਦਰ ਸਿੰਘ ਹਸਨਪੁਰ, ਸੰਦੀਪ ਸਿੰਘ ਹਸਨਪੁਰ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਪਰਮਜੀਤ ਸਿੰਘ ਕਹੇਰੂ, ਨਰਿੰਦਰ ਸਿੰਘ ਮੈਂਬਰ ਬਲਾਕ ਸੰਮਤੀ, ਆਪ ਆਗੂ ਗੁਰਜੀਤ ਸਿੰਘ ਕਾਂਝਲਾ, ਨਪਿੰਦਰ ਸਿੰਘ ਅਜੀਤਪਾਲ ਕਾਂਝਲਾ, ਸੁਰਜੀਤ ਸਿੰਘ ਰਾਜੋਮਾਜਰਾ ਖਾਨ ਕਹੇਰੂ ਹਾਜਰ ਸਨ।



ਚੰਗੇ ਵਿਚਾਰ ,ਚੰਗੇ ਦਿਨ ਉਨ੍ਹਾਂ ਲੋਕਾਂ ਨੂੰ ਨਸ਼ੀਬ ਹੁੰਦੇ ਹਨ, ਜਿਹੜੇ ਮਾੜੇ ਦਿਨਾਂ ਨਾਲ ਲੜਨਾ ਜਾਣਦੇ ਹਨ।( ਵੱਲੋਂ, ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ)
( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਵਿਖੇ

# ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ










**ਚੌਕ ਮਹਿਤਾ,10 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਵਿਖੇ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਨ ਦੇ ਉਦੇਸ਼ ਨਾਲ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਮਾਹੌਲ ਪੰਜਾਬੀ ਸੱਭਿਆਚਾਰ ਦੀਆਂ ਰੰਗ-ਬਿਰੰਗੀਆਂ ਝਲਕੀਆਂ ਨਾਲ ਰੰਗਿਆ ਹੋਇਆ ਨਜ਼ਰ ਆਇਆ। ਸਮਾਗਮ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪੰਜਾਬੀ ਪਹਿਰਾਵੇ ਵਿੱਚ ਸ਼ਿਰਕਤ ਕੀਤੀ ਅਤੇ ਤੀਆਂ ਨਾਲ ਸਬੰਧਿਤ ਵੱਖ-ਵੱਖ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਪੰਜਾਬੀ ਲੋਕ-ਗੀਤਾਂ, ਗਿੱਧੇ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਨੇ ਸਮਾਗਮ ਨੂੰ ਹੋਰ ਵੀ ਰੌਣਕਮਈ ਬਣਾ ਦਿੱਤਾ। ਇਸ ਮੌਕੇ ਪੰਜਾਬੀ ਵਿਰਸੇ ਦੀਆਂ ਰਵਾਇਤੀ ਗੀਤਾਂ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਵੀ ਉਜਾਗਰ ਕੀਤਾ ਗਿਆ। ਇਸ ਖੁਸ਼ੀ ਦੇ ਮੌਕੇ 'ਤੇ ਵਿਦਿਆਰਥੀਆਂ ਅਤੇ ਸਟਾਫ਼ ਲਈ ਪੌਪਕੌਰਨ ਅਤੇ ਖੀਰ-ਪੂੜੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜਿਸ ਦਾ ਸਭ ਨੇ ਖੂਬ ਆਨੰਦ ਮਾਣਿਆ। ਸਕੂਲ ਦੇ ਡਾਇਰੈਕਟਰ ਸਰਦਾਰ ਨਰਿੰਦਰ ਸਿੰਘ ਬਾਠ ਅਤੇ ਮੈਡਮ ਰਾਜਵੰਤ ਕੌਰ ਬਾਠ ਜੀ ਅਤੇ ਪ੍ਰਿੰਸੀਪਲ ਮੈਡਮ ਸ਼ਕਸ਼ੀ ਬੇਦੀ ਜੀ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਤੀਆਂ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਆਪਣੇ ਅਮੀਰ ਪੰਜਾਬੀ ਵਿਰਸੇ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਸੰਦੀਪ ਕੌਰ, ਹਰਪ੍ਰੀਤ ਕੌਰ ਬਾਠ, ਬਲਜੀਤ ਕੌਰ, ਰਮਨਦੀਪ ਕੌਰ, ਰਾਜਬੀਰ ਕੌਰ, ਰਮਨਪ੍ਰੀਤ ਕੌਰ, ਰਮਨਪ੍ਰੀਤ ਕੌਰ ਨਸੀਰਪੁਰ, ਹਰਪ੍ਰੀਤ ਕੌਰ ਨੱਤ , ਜਸ਼ਨਪ੍ਰੀਤ ਕੌਰ, ਸਿਮਰਨਜੀਤ ਕੌਰ, ਪ੍ਰਦੀਪ ਕੌਰ, ਅਰਸ਼ਪ੍ਰੀਤ ਕੌਰ, ਸਰਬਜੀਤ ਕੌਰ, ਮਨਜੀਤ ਕੌਰ, ਜਸਮੀਲ ਕੌਰ, ਕੋਚ ਜੁਗਰਾਜ ਸਿੰਘ, ਜਸਵਿੰਦਰ ਕੌਰ ਅਤੇ ਸਮੂਹ ਸਟਾਫ਼ ਨੇ ਆਪਣਾ ਵਿਸ਼ੇਸ਼ ਯੋਗਦਾਨ ਪਾਇਆ। ਅੰਤ ਵਿੱਚ ਤੀਆਂ ਦਾ ਇਹ ਰੰਗਾਰੰਗ ਸਮਾਗਮ ਖੁਸ਼ੀਆਂ, ਪੰਜਾਬੀ ਸੱਭਿਆਚਾਰ ਦੀ ਮਹਿਕ ਅਤੇ ਯਾਦਗਾਰ ਪਲਾਂ ਨਾਲ ਸੰਪੰਨ ਹੋਇਆ।

# ਪਾਰਲੀਮੈਂਟ ਬੈਡਮਿੰਟਨ ਚੈਂਪੀਅਨਸ਼ਿਪ; ਮੀਤ ਹੇਅਰ ਨੇ ਤਿੰਨ ਖ਼ਿਤਾਬ ਜਿੱਤੇ




**ਨਵੀਂ ਦਿੱਲੀ 10 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਨਵੀਂ ਦਿੱਲੀ ਦੇ ਕੰਸਟੀਚਿਊਸ਼ਨ ਕਲੱਬ ਆਫ ਇੰਡੀਆ ਵਿਖੇ ਖੇਡੀ ਗਈ ਛੇਵੀਂ ਨੈਸ਼ਨਲ ਪਾਰਲੀਮੈਂਟੇਰੀਅਨਜ਼ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਤਿੰਨ ਵਰਗਾਂ ਦੇ ਖਿਤਾਬ ਜਿੱਤੇ ਜਦੋਂਕਿ ਇੱਕ ਵਰਗ ਵਿੱਚ ਉਪ ਜੇਤੂ ਰਿਹਾ। ਮੀਤ ਹੇਅਰ ਨੇ ਸੰਸਦ ਮੈਂਬਰ ਪੁਰਸ਼ ਸਿੰਗਲਜ਼ ਦੇ ਫ਼ਾਈਨਲ ਵਿੱਚ ਉਦੈ ਸ਼੍ਰੀਨਿਵਾਸ ਨੂੰ 11-21, 21-17 ਤੇ 22-20 ਨਾਲ ਹਰਾ ਕੇ ਖਿਤਾਬ ਜਿੱਤਿਆ। ਸੰਸਦ ਮੈਂਬਰ ਪੁਰਸ਼ ਡਬਲਜ਼ ਦੇ ਫ਼ਾਈਨਲ ਵਿੱਚ ਮੀਤ ਹੇਅਰ ਨੇ ਕੇ.ਡੀ. ਸਿੰਘ ਨਾਲ ਮਿਲ ਕੇ ਆਗਾ ਸਈਅਦ ਰੁਹੇਲਾ ਤੇ ਮੇਧਾ ਰਘੂਨੰਦੀ ਰੈਡੀ ਨੂੰ 21-13, 18-21 ਤੇ 21-14 ਨਾਲ ਹਰਾ ਕੇ ਖਿਤਾਬ ਜਿੱਤਿਆ। ਸੰਸਦ ਮੈਂਬਰ ਅਤੇ ਪਾਰਟਨਰਜ਼ ਡਬਲਜ਼ ਦੇ ਫ਼ਾਈਨਲ ਵਿੱਚ ਮੀਤ ਹੇਅਰ ਤੇ ਬਿਪਲਬ ਮਿਸ਼ਰਾ ਨੇ ਅਰਸ਼ਦ ਖਾਨ ਤੇ ਰਾਜੀਵ ਪ੍ਰਤਾਪ ਰੂਡੀ ਨੂੰ 21-10 ਤੇ 21-16 ਨਾਲ ਹਰਾਇਆ। ਸੰਸਦ ਮੈਂਬਰ ਮਿਕਸਡ ਡਬਲਜ਼ ਵਿੱਚ ਮੀਤ ਹੇਅਰ ਤੇ ਰੰਜੀਤਾ ਰੰਜਨ ਉਪ-ਜੇਤੂ ਰਹੇ। ਮੀਤ ਹੇਅਰ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ ਸੰਸਦ ਮੈਂਬਰਾਂ ਲਈ ਖੇਡਾਂ ਨਾਲ ਜੁੜਨ, ਆਪਸੀ ਸਾਂਝ ਵਧਾਉਣ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦਾ ਇੱਕ ਸ਼ਾਨਦਾਰ ਮੌਕਾ ਸੀ। ਇਸ ਯਾਦਗਾਰ ਖੇਡ ਸਮਾਗਮ ਦਾ ਹਿੱਸਾ ਬਣ ਕੇ ਬੇਹੱਦ ਖੁਸ਼ੀ ਅਤੇ ਮਾਣ ਮਹਿਸੂਸ ਹੋਇਆ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਚੈਂਪੀਅਨਸ਼ਿਪ ਵਿੱਚ ਵੀ ਮੀਤ ਹੇਅਰ ਨੇ ਪੰਜ ਖਿਤਾਬ ਜਿੱਤੇ ਸਨ।

# ਤਰਸਿੱਕਾ ਨੂੰ ਸੁਤੰਤਰ ਵਿਕਾਸ ਬਲਾਕ ਬਣਾਉਣਾ ਸਰਕਾਰ ਦਾ ਇਤਿਹਾਸਕ ਫੈਸਲਾ: ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ

## ਕੈਬਨਿਟ ਮੰਤਰੀ ਹਰਭਜਨ ਸਿੰਘ ਈ .ਟੀ .ਓ . ਦੇ ਅਣਥੱਕ ਯਤਨਾਂ ਸਦਕਾ ਹਲਕੇ ਨੂੰ ਮਿਲਿਆ ਆਪਣਾ ਬਲਾਕ

**ਚੌਕ ਮਹਿਤਾ 10, ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਵੱਲੋਂ ਤਰਸਿੱਕਾ ਨੂੰ ਮੁੜ ਸੁਤੰਤਰ ਵਿਕਾਸ ਬਲਾਕ ਦਾ ਦਰਜਾ ਦੇਣ ਦੇ ਇਤਿਹਾਸਕ ਫੈਸਲੇ ਦਾ ਸਵਾਗਤ ਕਰਦਿਆਂ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਸਮੁੱਚੀ ਪੰਜਾਬ ਕੈਬਨਿਟ ਅਤੇ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦਾ ਵਿਸੇਸ ਧੰਨਵਾਦ ਕੀਤਾ।



ਉਨ੍ਹਾਂ ਕਿਹਾ ਕਿ ਤਰਸਿੱਕਾ ਨੂੰ ਹੁਣ ਪੂਰੀ ਤਰ੍ਹਾਂ ਸੁਤੰਤਰ ਵਿਕਾਸ ਬਲਾਕ ਦਾ ਦਰਜਾ ਮਿਲ ਗਿਆ ਹੈ, ਜਿਸ ਦਾ ਲਾਭ ਮੁੱਖ ਤੌਰ 'ਤੇ ਜੰਡਿਆਲਾ ਗੁਰੂ ਹਲਕੇ ਨੂੰ ਮਿਲੇਗਾ। ਪਹਿਲਾਂ ਇਹ ਪ੍ਰਬੰਧਕੀ ਤੌਰ 'ਤੇ ਤਿੰਨ ਵਿਧਾਨ ਸਭਾ ਹਲਕਿਆਂ ਵਿੱਚ ਵੰਡਿਆ ਹੋਇਆ ਸੀ, ਜਿਸ ਕਾਰਨ ਵਿਕਾਸ ਕਾਰਜਾਂ ਅਤੇ ਪ੍ਰਸਾਸਨਿਕ ਸੇਵਾਵਾਂ ਵਿੱਚ ਕਈ ਦਿੱਕਤਾਂ ਪੈਦਾ ਹੁੰਦੀਆਂ ਸਨ। ਹੁਣ ਨਿਰੋਲ ਬਲਾਕ ਬਣਨ ਨਾਲ ਯੋਜਨਾਬੱਧ ਅਤੇ ਤੇਜ ਵਿਕਾਸ ਨੂੰ ਹੁਲਾਰਾ ਮਿਲੇਗਾ। ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਦੱਸਿਆ ਕਿ ਤਰਸਿੱਕਾ ਪਹਿਲਾਂ ਸਿਰਫ ਇੱਕ ਪ੍ਰਬੰਧਕੀ (ਐਡਮਿਨਿਸਟ੍ਰੇਟਿਵ) ਬਲਾਕ ਵਜੋਂ ਕੰਮ ਕਰਦਾ ਸੀ, ਜਿਸ ਕਾਰਨ ਪੰਚਾਇਤ ਅਤੇ ਪੇਂਡੂ ਵਿਕਾਸ ਵਿਭਾਗ ਨਾਲ ਸਬੰਧਤ ਕਈ ਪ੍ਰਸਾਸਨਿਕ ਸੇਵਾਵਾਂ ਲਈ ਇਲਾਕੇ ਦੇ ਲੋਕਾਂ ਨੂੰ ਹੋਰ ਥਾਵਾਂ ਦੇ ਚੱਕਰ ਕੱਟਣੇ ਪੈਂਦੇ ਸਨ। ਹੁਣ ਇਸ ਨੂੰ ਸੁਤੰਤਰ ਵਿਕਾਸ ਬਲਾਕ ਦਾ ਦਰਜਾ ਮਿਲਣ ਨਾਲ ਲੋਕਾਂ ਨੂੰ ਆਪਣੇ ਹੀ ਖੇਤਰ ਵਿੱਚ ਪ੍ਰਸਾਸਨਿਕ ਸੇਵਾਵਾਂ ਹੋਰ ਸੁਚਾਰੂ, ਤੇਜ ਅਤੇ ਪ੍ਰਭਾਵਸਾਲੀ ਢੰਗ ਨਾਲ ਉਪਲਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਤਰਸਿੱਕਾ ਬਲਾਕ ਦੀ ਸੁਤੰਤਰ ਤੌਰ 'ਤੇ ਬਹਾਲੀ ਲਈ ਲਗਾਤਾਰ ਕੀਤੇ ਗਏ ਅਣਥੱਕ ਯਤਨਾਂ ਦੇ ਸਿੱਟੇ ਵਜੋਂ ਪੰਜਾਬ ਕੈਬਨਿਟ ਨੇ ਇਸ ਇਤਿਹਾਸਕ ਫੈਸਲੇ 'ਤੇ ਮੋਹਰ ਲਗਾਈ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਪ੍ਰਸਾਸਨਿਕ ਫੈਸਲਾ ਨਹੀਂ, ਸਗੋਂ ਇਲਾਕੇ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਦੀ ਪੂਰਤੀ ਹੈ, ਜਿਸ ਨਾਲ ਸਮੁੱਚੇ ਇਲਾਕੇ ਵਿੱਚ ਖੁਸੀ ਦੀ ਲਹਿਰ ਹੈ। ਉਨ੍ਹਾਂ ਨੇ ਦੱਸਿਆ ਕਿ ਤਰਸਿੱਕਾ ਹੁਣ ਪੰਜਾਬ ਦਾ 155ਵਾਂ ਸੁਤੰਤਰ ਵਿਕਾਸ ਬਲਾਕ ਬਣ ਗਿਆ ਹੈ। ਇਸ ਨਾਲ ਤਰਸਿੱਕਾ ਅਤੇ ਇਸ ਨਾਲ ਲੱਗਦੇ ਕਰੀਬ 60 ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫਤਾਰ ਮਿਲੇਗੀ। ਨਾਲ ਹੀ ਪੰਚਾਇਤ ਅਤੇ ਪੇਂਡੂ ਵਿਕਾਸ ਵਿਭਾਗ ਨਾਲ ਸਬੰਧਤ ਸੇਵਾਵਾਂ ਸਥਾਨਕ ਪੱਧਰ 'ਤੇ ਹੀ ਉਪਲਬਧ ਹੋਣ ਕਾਰਨ ਲੋਕਾਂ ਦੇ ਸਮੇਂ ਅਤੇ ਖਰਚੇ ਦੋਵਾਂ ਦੀ ਬਚਤ ਹੋਵੇਗੀ, ਜਦਕਿ ਵਿਕਾਸ ਕਾਰਜਾਂ ਵਿੱਚ ਵੀ ਤੇਜੀ ਆਵੇਗੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

ਮਿਸ਼ਨ: "ਸਰਬੱਤ ਦਾ ਭਲਾ" ਦੇ

# ਪ੍ਰਧਾਨ ਚੁਣੇ ਗਏ ਸੁਖਜੀਤ ਸਿੰਘ ਰਟੌਲ : ਭਾਨ ਸਿੰਘ ਜੱਸੀ



ਸ਼ੇਰਪੁਰ ( ਰਣਜੀਤ ਸਿੰਘ ਪੇਧਨੀ ) ਸਥਾਨਕ ਗੁਰਦੁਆਰਾ ਸ੍ਰੀ ਅਕਾਲ ਪ੍ਰਕਾਸ਼ ਸਾਹਿਬ ਵਿਖੇ ਮਿਸ਼ਨ: "ਸਰਬੱਤ ਦਾ ਭਲਾ" ਸੰਸਥਾ ਦੇ ਹੋਏ ਪ੍ਰਭਾਵਸ਼ਾਲੀ ਇਕੱਠ ਦੌਰਾਨ ਕਿਸਾਨ ਆਗੂ ਗੁਰਸਿੱਖ ਭਾਈ ਸੁਖਜੀਤ ਸਿੰਘ ਰਟੌਲ ਨੂੰ ਸੰਗਤਾਂ ਨੇ ਸਰਬ ਸੰਮਤੀ ਨਾਲ ਪ੍ਰਧਾਨ ਚੁਣ ਲਿਆ ਹੈ। ਇਸ ਮੌਕੇ ਇਕੱਤਰ ਹੋਈਆਂ ਸੰਗਤਾਂ ਵੱਲੋਂ ਲੰਮੇ ਸਮੇਂ ਤੋਂ ਗਰੀਬਾਂ ਅਤੇ ਲੋੜਵੰਦਾਂ ਦੀ ਸੇਵਾ ਵਿੱਚ ਜੁਟੇ ਸਮਾਜ ਸੇਵੀ , ਭਾਨ ਸਿੰਘ ਜੱਸੀ ਨੂੰ ਸਰਪ੍ਰਸਤ ਜਦਕਿ ਸ਼ਮਸ਼ੇਰ ਸਿੰਘ ਹੇੜੀਕੇ ਖਜਾਨਚੀ , ਸੁਖਵਿੰਦਰ ਸਿੰਘ ਧਾਲੀਵਾਲ ਅਤੇ ਗੁਰਦੀਪ ਸਿੰਘ ਖੇੜੀ ਸਕੱਤਰ , ਜਰਨੈਲ ਸਿੰਘ ਕਾਲਾਬੂਲਾ ਅਵਤਾਰ ਸਿੰਘ ਭਗਵਾਨਪੁਰਾ , ਬਲਦੇਵ ਸਿੰਘ ਠੁੱਲੇਵਾਲ, ਕੀਰਤ ਸਿੰਘ ਹੇੜੀਕੇ ਅਤੇ ਸੂਬੇਦਾਰ ਸੰਗਾਰਾ ਸਿੰਘ ਮੀਤ ਪ੍ਰਧਾਨ ਚੁਣਿਆ ਗਿਆ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਮ ਸਿੰਘ ਗੁੰਬਟੀ , ਜਥੇਦਾਰ ਭੋਲਾ ਸਿੰਘ ਗੁਮਟੀ , ਜਥੇਦਾਰ ਜਰਨੈਲ ਸਿੰਘ ਕਾਤਰੋਂ, ਗੁਰਜੰਟ ਸਿੰਘ ਖਾਲਸਾ, ਕਲੱਬ ਪ੍ਰਧਾਨ ਬਲਜਿੰਦਰ ਸਿੰਘ ਠੁੱਲੇਵਾਲ, ਬਿਕਰ ਸਿੰਘ ਠੁੱਲੇਵਾਲ, ਲੋਕ ਆਗੂ ਹਰਗੋਬਿੰਦ ਸਿੰਘ, ਬੰਤ ਸਿੰਘ ਅਤੇ ਬਲਵਿੰਦਰ ਸਿੰਘ ਅਲੀਪੁਰ ਖਾਲਸਾ, ਸਰਪੰਚ ਧਰਮ ਸਿੰਘ ਠੁੱਲੇਵਾਲ , ਗੁਰਦੇਵ ਸਿੰਘ ਭਗਵਾਨਪੁਰਾ, ਜਥੇਦਾਰ ਕਰਨੈਲ ਸਿੰਘ ਟਿੱਬਾ, ਗੁਰਜੰਟ ਸਿੰਘ ਕਾਲਾਬੂਲਾ, ਮਜ਼ਦੂਰ ਆਗੂ ਸਾਧੂ ਸਿੰਘ , ਹੈਪੀ ਸੀਨੀਵਾਲ , ਸਰਪੰਚ ਦਰਸ਼ਨ ਸਿੰਘ ਗੁੰਮਟੀ , ਬਲਦੇਵ ਸਿੰਘ ਘਨੌਰੀ , ਡਾ: ਜਗਤਾਰ ਸਿੰਘ ਸਲੇਮਪੁਰ , ਆਦਿ ਸ਼ਖਸੀਅਤਾਂ ਹਾਜ਼ਰ ਸਨ। ਅੰਤ ਵਿੱਚ ਮਿਸ਼ਨ: "ਸਰਬੱਤ ਦਾ ਭਲਾ" ਦੇ ਪ੍ਰਧਾਨ ਸੁਖਜੀਤ ਸਿੰਘ ਰਟੌਲ ਨੇ ਕਿਹਾ ਕਿ ਉਨਾਂ ਦੀ ਸੰਸਥਾ ਦਾ ਮੁੱਖ ਮਕਸਦ ਧੰਨ ਗੁਰੂ ਨਾਨਕ ਸਾਹਿਬ ਜੀ ਦੇ ਸਰਬੱਤ ਦੇ ਭਲੇ ਦੇ ਪੈਗਾਮ ਨੂੰ ਘਰ ਘਰ ਪਹੁੰਚਾਉਣਾ ਹੈ ।ਉਨਾਂ ਕਿਹਾ ਕਿ ਜਲਦੀ ਹੀ 51 ਮੈਂਬਰੀ ਕਾਰਜਕਾਰਨੀ ਕਮੇਟੀ ਦਾ ਗਠਨ ਕਰਕੇ ਪਿੰਡਾਂ ਵਿੱਚ ਲੋਕਾਂ ਨੂੰ ਜਾਗ੍ਰਿਤ ਕਰਨ ਲਈ ਪ੍ਰਚਾਰ ਮਹਿਮ ਸ਼ੁਰੂ ਕੀਤੀ ਜਾਵੇਗੀ।

**ਗੁਰੂ ਨਾਨਕ ਦੇ ਲੋਕ ਪੱਖੀ ਪੈਗਾਮ ਨੂੰ ਘਰ ਘਰ ਲੈਕੇ ਜਾਣ ਦਾ ਕੀਤਾ ਐਲਾਨ**

ਜੋਤੀਸਰ ਤੀਜ ਗਰੁੱਪ ਵੱਲੋਂ

# ਤੀਆਂ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ ਗਿਆ



**ਜੰਡਿਆਲਾ ਗੁਰੂ, 10 ਅਗਸਤ (ਕੁਲਵੰਤ ਸਿੰਘ ਵਿਰਦੀ )**- ਜੰਡਿਆਲਾ ਗੁਰੂ ਦੇ ਔਲਾਈਵ ਗਾਰਡਨ ਵਿਖੇ ਜੋਤੀਸਰ ਤੀਜ ਗਰੁੱਪ ਵੱਲੋਂ ਤੀਆਂ ਦਾ ਤਿਉਹਾਰ ਬੜੀ ਖੁਸ਼ੀ, ਉਤਸ਼ਾਹ ਨਾਲ ਪੰਜਾਬੀ ਵਿਰਸੇ ਨੂੰ ਦਰਸਾਉਂਦਾ ਹੋਇਆ ਤੇ ਪੰਜਾਬੀ ਸੱਭਿਆਚਾਰਕ ਨੂੰ ਯਾਦ ਕਰਦਾ ਹੋਇਆ ਇਹ ਤਿਉਹਾਰ ਮਨਾਇਆ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਦੀ ਧਰਮ ਪਤਨੀ ਸੁਹਿੰਦਰ ਕੌਰ ਨੇ ਵਿਸੇਸ ਤੌਰ ਤੇ ਹਿੱਸਾ ਲਿਆ ਤੇ ਇਸ ਸਮਾਗਮ ਵਿੱਚ ਆਈਆਂ ਹੋਈਆਂ ਜੋਤੀਸਰ ਤੇ ਇਲਾਕੇ ਦੇ ਪਿੰਡਾਂ ਤੇ ਸ਼ਹਿਰ ਦੀਆ ਔਰਤਾਂ ਨਾਲ ਗਿੱਧੇ ਵਿੱਚ ਨੱਚ ਕੇ ਸਮਾਗਮ ਦਾ ਆਨੰਦ ਮਾਣਿਆ ਇਸ ਸਮਾਗਮ ਵਿੱਚ ਜੰਡਿਆਲਾ ਗੁਰੂ ਦੇ ਜੋਤੀਸਰ ਇਲਾਕੇ ਤੋਂ ਇਲਾਵਾ ਅੰਮ੍ਰਿਤਸਰ ਦੀਆਂ ਔਰਤਾਂ ਨੇ ਵੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਧਰਮ ਪਤਨੀ ਸੁਹਿੰਦਰ ਕੌਰ ਦਾ ਇਸ ਸਮਾਗਮ ਦਾ ਹਿੱਸਾ ਬਣਨ ਤੇ ਧੰਨਵਾਦ ਕੀਤਾ ! ਇਸ ਮੌਕੇ ਪੰਜਾਬੀ ਵਿਰਸੇ ਨਾਲ ਜੁੜਕੇ ਪੁਰਾਣੇ ਵਿਰਸੇ ਨੂੰ ਯਾਦ ਕਰਦੇ ਹੋਏ ਆਈਆਂ ਹੋਈਆਂ ਔਰਤਾਂ ਨੇ ਪੰਜਾਬੀ ਗੀਤਾਂ 'ਤੇ ਨੱਚ-ਗਾ ਕੇ, ਬੋਲੀਆਂ ਪਾ ਕੇ ਅਤੇ ਗਿੱਧਾ ਪਾ ਕੇ ਤੀਆਂ ਦੇ ਤਿਉਹਾਰ ਦੀਆ ਖੁਸ਼ੀਆਂ ਸਾਂਝੀਆਂ ਕੀਤੀਆਂ ਤੇ ਆਪਣੇ ਘਰ ਦੇ ਸਾਰੇ ਰੁਝੇਵਿਆ ਨੂੰ ਭੁੱਲਕੇ ਇੱਕ ਸਾਂਤ ਮਨ ਤੇ ਖੁਸ਼ੀ ਨਾਲ ਇਸ ਸਮਾਗਮ ਨੂੰ ਮਨਾਉਂਦੀਆਂ ਹੋਈਆਂ ਨਜ਼ਰ ਆਈਆਂ। ਤੇ ਇਸ ਸਮਾਗਮ ਦੌਰਾਨ ਪੰਜਾਬੀ ਪਹਿਰਾਵੇ, ਲੋਕ ਗੀਤਾਂ ਅਤੇ ਗਿੱਧੇ ਨੇ ਪੁਰਾਤਨ ਪੰਜਾਬੀ ਵਿਰਸੇ ਦੀ ਯਾਦ ਤਾਜ਼ਾ ਕਰਵਾ ਦਿੱਤੀ । ਔਰਤਾਂ ਨੇ ਇਕ-ਦੂਜੇ ਨਾਲ ਖੁਸ਼ੀਆਂ ਸਾਂਝੀਆਂ ਕਰਦਿਆਂ ਤੀਆਂ ਦੇ ਤਿਉਹਾਰ ਦਾ ਖੂਬ ਆਨੰਦ ਮਾਣਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਰੁੱਪ ਦੀਆਂ ਮੈਂਬਰਾਂ ਨੇ ਕਿਹਾ ਕਿ ਔਰਤਾਂ ਸਾਰਾ ਸਾਲ ਘਰ-ਪਰਿਵਾਰ ਦੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਰੁੱਝੀਆਂ ਰਹਿੰਦੀਆਂ ਹਨ। ਤੀਆਂ ਦਾ ਤਿਉਹਾਰ ਉਨ੍ਹਾਂ ਨੂੰ ਆਪਣੇ ਲਈ ਸਮਾਂ ਕੱਢਣ ਅਤੇ ਆਪਸੀ ਮਿਲਵਰਤਣ ਨਾਲ ਇੱਕ ਦੂਜੇ ਨੂੰ ਮਿਲਣ ਦਾ ਸਮਾਂ ਮਿਲਦਾ ਹੈ ਤੇ ਸਾਲ ਵਿੱਚ ਇੱਕ ਦਿਨ ਇਹੀ ਤਿਉਹਾਰ ਹੈ ਜੋ ਇਕੱਠੀਆਂ ਭੈਣਾਂ ਸਹੇਲੀਆਂ ਨੂੰ ਖੁਸ਼ੀਆਂ ਮਨਾਉਣ ਦਾ ਮੌਕਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਤੀਆਂ ਪੰਜਾਬ ਚ ਸਦੀਆਂ ਤੋਂ ਪੁਰਾਣੀ ਲੋਕ-ਪਰੰਪਰਾ ਦਾ ਅਹਿਮ ਹਿੱਸਾ ਹਨ, ਪਰ ਅੱਜ ਦੀ ਭੱਜ-ਦੌੜ ਭਰੀ ਜ਼ਿੰਦਗੀ ਵਿੱਚ ਲੋਕ ਹੌਲੀ-ਹੌਲੀ ਆਪਣੇ ਰਵਾਇਤੀ ਤਿਉਹਾਰਾਂ ਅਤੇ ਵਿਰਸੇ ਤੋਂ ਦੂਰ ਹੁੰਦੇ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਆਉਣ ਵਾਲੀ ਪੀੜ੍ਹੀ ਨੂੰ ਪੰਜਾਬੀ ਸੱਭਿਆਚਾਰ ਅਤੇ ਪੁਰਾਤਨ ਵਿਰਸੇ ਨਾਲ ਜੋੜਨ ਲਈ ਅਜਿਹੇ ਤਿਉਹਾਰ ਮਨਾਉਣੇ ਬਹੁਤ ਜ਼ਰੂਰੀ ਹਨ। ਇਸੇ ਮਕਸਦ ਨਾਲ ਉਹ ਹਰ ਸਾਲ ਆਪਣੇ ਬੱਚਿਆਂ ਨੂੰ ਨਾਲ ਲੈ ਕੇ ਤੀਆਂ ਦਾ ਤਿਉਹਾਰ ਮਨਾਉਂਦੇ ਹਨ, ਤਾਂ ਜੋ ਬੱਚਿਆਂ ਨੂੰ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਬਾਰੇ ਜਾਣਕਾਰੀ ਮਿਲ ਸਕੇ ਅਤੇ ਉਹ ਆਪਣੀਆਂ ਪੁਰਾਣੀਆਂ ਰਵਾਇਤਾਂ ਨਾਲ ਜੁੜੇ ਰਹਿਣ। ਇਸ ਖੁਸ਼ੀ ਦੇ ਮੌਕੇ ਤੇ ਜੋਤੀਸਰ ਕਲੋਨੀ ਦੀ ਮਜੂਦਾ ਕੌਂਸਲਰ ਅਮਨਬੀਤ ਕੌਰ ਨੇ ਵੀ ਹਾਜ਼ਰੀ ਭਰੀ ,ਇਸ ਮੌਕੇ ਸਤਨਾਮ ਕੌਰ, ਨੀਰੂ, ਮਨਜੀਤ ਕੌਰ ,ਭੁਪਿੰਦਰ ਕੌਰ, ਮਮਤਾ, ਅਮਰਜੀਤ ਕੌਰ, ਤੋਂ ਇਲਾਵਾ ਮਲਟੀ ਫੈਬਰਿਕ ਬੂਟੀਕ, ਝੰਡ ਬੂਟੀਕ ਨਾਲ ਸਬੰਧਤ ਮਹਿਲਾਵਾਂ ਅਤੇ ਹੋਰ ਪਤਵੰਤੇ ਹਾਜ਼ਰ ਸਨ।

**ਪੰਜਾਬੀ ਸੱਭਿਆਚਾਰ ਨੂੰ ਯਾਦ ਕਰਦਿਆਂ ਹੋਇਆਂ ਪੁਰਾਤਨ ਵਿਰਸੇ ਦੀ ਝਲਕ ਬਣਿਆ ਤੀਆਂ ਦਾ ਤਿਉਹਾਰ-ਮੈਡਮ ਸੁਹਿੰਦਰ ਕੌਰ**

# ਡਾ. ਵਿਜੇ ਸਿੰਘ ਜੀ ਆਈ ਏ ਐਸ (ਰਿਟਾ) ਨੂੰ ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਦੇ ਮੁੱਖ ਪ੍ਰਬੰਧਕ ਅਹੁਦੇ ਤੇ ਸੇਵਾ ਕਰਦਿਆਂ ਹੋਏ 3 ਸਾਲ ਪੂਰੇ



**ਚੌਕ ਮਹਿਤਾ, 10 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾ: ਵਿਜੇ ਸਤਬੀਰ ਸਿੰਘ ਜੀ, ਜਿਨ੍ਹਾਂ ਨੇ ਆਪਣੀ ਡਾਕਟਰੀ ਦੀ ਪੜ੍ਹਾਈ ਐੱਮ ਬੀ ਬੀ ਐੱਸ ਪੂਰੀ ਕਰ ਦੇਸ਼ ਦੀ ਸਭ ਤੋ ਮੁਸ਼ਕਲ ਪ੍ਰਤਿਯੋਗੀ ਪਰਿਖਿਆ ਪਾਸ ਕਰ ਸਾਲ 1984 ਵਿੱਚ "ਭਾਰਤੀ ਪ੍ਰਸ਼ਾਸਨਿਕ ਸੇਵਾ" ਵਿੱਚ ਸ਼ਾਮਲ ਹੋਏ ਤੇ ਦੇਸ਼ ਦੇ ਵੱਖ-ਵੱਖ ਵਿਭਾਗਾਂ ਵਿੱਚ ਆਪਣੇ ਪ੍ਰਭਾਵਸ਼ਾਲੀ ਕੰਮ ਰਾਹੀ ਆਪਣਾ ਅਤੇ ਆਪਣੀ ਕੌਮ ਦਾ ਨਾਮ ਉੱਚਾ ਕੀਤਾ। ਡਾ. ਵਿਜੇ ਸਤਬੀਰ ਸਿੰਘ ਜੀ ਨੇ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵਿੱਚ ਉੱਚ ਪਦਾਂ ਤੇ ਆਪਣੀ ਸੱਚੀ ਤੇ ਸੁੱਚੀ ਨੀਯਤ ਨਾਲ ਕੰਮ ਕਰਦਿਆਂ ਸਰਕਾਰ ਦਾ ਭਰੋਸਾ ਹਾਸਲ ਕੀਤਾ। ਜਿਸਦੇ ਫਲਸਰੂਪ ਸਰਕਾਰ ਨੇ ਡਾਕਟਰ ਸਾਹਿਬ ਨੂੰ 2015 ਵਿੱਚ ਉਨ੍ਹਾਂ ਦੀ "ਭਾਰਤੀ ਪ੍ਰਸ਼ਾਸਨਿਕ ਸੇਵਾ" ਤੋਂ ਸੇਵਾ ਮੁਕਤੀ ਤੋਂ ਬਾਅਦ ਵੀ ਉੱਚ ਅਧਿਕਾਰੀ ਰੂਪ ਵਿਚ ਬਹਾਲ ਕੀਤਾ। ਜਿਸ ਉਪਰੰਤ ਡਾਕਟਰ ਸਾਹਿਬ ਨੇ ਵੱਖ-ਵੱਖ ਖੇਤਰਾ ਵਿੱਚ ਕੰਮ ਕਰਕੇ ਸਰਕਾਰ ਵੱਲੋਂ ਕੀਤੇ ਗਏ ਭਰੋਸੇ ਨੂੰ ਕਾਇਮ ਰੱਖਿਆ।

ਇਸ ਤੋਂ ਬਾਅਦ ਡਾ. ਵਿਜੇ ਸਤਬੀਰ ਸਿੰਘ ਜੀ ਨੂੰ ਸਰਕਾਰ ਨੇ ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਦੇ ਮੁੱਖ ਪ੍ਰਬੰਧਕ ਦੇ ਪਦ ਦੀ ਸੇਵਾ ਦੇ ਕਰ ਇੱਕ ਹੋਰ ਵੱਡੀ ਧਾਰਮਿਕ ਜਿੰਮੇਵਾਰੀ ਦਿੱਤੀ। ਜਿਸ ਨੂੰ ਡਾਕਟਰ ਸਾਹਿਬ ਨੇ ਗੁਰੂ ਸਾਹਿਬ ਜੀ ਦੀ ਕਿਰਪਾ ਅਤੇ ਗੁਰੂ ਘਰ ਦੀ ਸੇਵਾ ਕਰਣ ਦਾ ਮੌਕਾ ਸਮਝ ਆਪਣੇ ਹੱਥ ਲਿਆ। ਜਿਸ ਤੋਂ ਬਾਅਦ ਡਾ. ਵਿਜੇ ਸਤਬੀਰ ਸਿੰਘ ਜੀ ਨੇ ਗੁਰਦੁਆਰਾ ਸੱਚਖੰਡ ਬੋਰਡ ਵੱਲੋਂ ਚਲਾਏ ਜਾ ਰਹੇ ਵਿਦਿਯਕ ਅਦਾਰੇ, ਹਸਪਤਾਲ, ਰਿਹਾਇਸ਼ਾਂ, ਲੰਗਰ ਸੇਵਾਵਾਂ ਆਦਿ ਵਿੱਚ ਆਪਣਾ ਖਾਸ ਯੋਗਦਾਨ ਦਿੱਤਾ ਤੇ ਨਾਲ ਹੀ ਕਰਮਚਾਰੀਆਂ ਅਤੇ ਸਮਾਜ ਲਈ ਕਈ ਕਲਿਆਣਕਾਰੀ ਯੋਜਨਾਵਾਂ ਸ਼ੁਰੂ ਕੀਤੀਆਂ। ਕਈ ਕਰਮਚਾਰੀਆਂ ਨੂੰ ਕਰੋੜੋਂ ਰੁਪਿਆਂ ਦੀ ਮੇਡਿਕਲ ਸਹਾਯਤਾ ਦਿੱਤੀ ਜਾ ਰਹੀ ਹੈ, ਸਕੂਲੀ ਬੱਚਿਆਂ ਨੂੰ ਵਿਦਿਆ ਦੇ ਸਾਧਨ ਮੋਹਇਆ ਕਰਵਾਏ ਜਾ ਰਹੇ ਹਨ, ਚੰਗੇ ਨੰਬਰਾਂ ਨਾਲ ਪਾਸ ਹੋਏ ਵਿਦੀਆਂਰਥਿਆਂ ਨੂੰ ਪ੍ਰੋਤਸਾਹਨ ਵੱਜੋਂ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ, ਸਕੂਲ ਫੀਸ ਘਟ ਕੀਤੀ ਗਈ ਤੇ ਮਾਤਾ ਗੁਜਰੀ ਜੀ ਦੇ ਨਾਂ ਤੇ ਕੁੜਿਆਂ ਲਈ ਫ੍ਰੀ ਏਜੁਕੇਸ਼ਨ ਅਜੇਹੇ ਅਨੇਕ ਸਮਾਜ ਤੇ ਲੋਕ ਕਲਿਆਣ ਦੇ ਕੰਮ ਕੀਤੇ ਜਾ ਰਹੇ ਹਨ।

ਡਾ. ਵਿਜੇ ਸਤਬੀਰ ਸਿੰਘ ਜੀ ਦੀ ਉੱਚੀ ਸੋਚ ਰਾਹੀ ਹਜ਼ੂਰ ਸਾਹਿਬ, ਨਾਂਦੇੜ ਨੂੰ ਦੇਸ਼ ਅਤੇ ਦੁਨਿਆ ਦੇ ਵੱਖ-ਵੱਖ ਹਿੱਸਿਆਂ ਨਾਲ ਜੋੜਨ ਹੇਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਏਅਰਪੋਰਟ ਨੂੰ ਵਾਪਸ ਸ਼ੁਰੂ ਕਰਵਾਯਾ ਗਿਆ। ਜਿਸ ਨਾਲ ਨਾਂਦੇੜ ਵਿੱਖੇ ਸੰਗਤਾਂ ਦੀ ਆਵਾ-ਜਾਹੀ ਵੱਧ ਗਈ ਹੈ ਨਾਲ ਹੀ ਨਾਂਦੇੜ ਸ਼ਹਿਰ ਨੂੰ ਆਰਥਿਕ ਰੂਪ ਵਿੱਚ ਵੀ ਮਜਬੂਤੀ ਮਿਲ ਰਹੀ ਹੈ। ਪ੍ਰਬੰਧਕ ਸਾਹਿਬ ਵੱਲੋਂ ਸੰਗਤਾਂ ਦੀ ਸਹੂਲਿਯਤ ਲਈ ਵੱਧ ਤੋਂ ਵੱਧ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਸ ਵਿੱਚ ਹਵਾਈ ਸੇਵਾ ਦੇ ਨਾਲ-ਨਾਲ, ਮੇਡਿਕਲ, ਰਿਹਾਈਸ਼, ਸੋਲਰ ਸਿਸਟਮ, ਈ-ਗੋਲਕ ਅਜੇਹੇ ਅਨੇਕ ਕਾਰਜ ਸ਼ੁਰੂ ਹਨ। ਡਾ. ਵਿਜੇ ਸਤਬੀਰ ਸਿੰਘ ਜੀ ਨੇ ਆਪਣੇ ਕਾਰਜ ਸਮੇਂ ਵਿੱਚ ਗੁਰਦੁਆਰਾ ਸੱਚਖੰਡ ਬੋਰਡ ਨੂੰ ਆਰਥਿਕ ਰੂਪ ਵਿੱਚ ਮਜਬੂਰ ਕੀਤਾ ਹੈ ਤੇ ਗੁਰਦੁਆਰਾ ਸਾਹਿਬ ਦੀ ਆਮਦਨ ਵਿੱਚ ਵਿਸ਼ੇਸ਼ ਬਢੌਤਰੀ ਸ਼ਲਾਘਾ ਯੋਗ ਹੈ ਸਿੱਖ ਗੁਰੂ ਸਾਹਿਬਾਨ ਦੇ ਇਤੀਹਾਸ ਅਤੇ ਉਨ੍ਹਾਂ ਦੀ ਸਿੱਖੀਆਵਾਂ ਨੂੰ ਸਾਰੀ ਦੁਨਿਆਂ ਨਾਲ ਸਾਂਝਾ ਕਰਣ ਹੇਤ ਮਹਾਰਾਸ਼ਟਰ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਸਮਾਗਮ ਦਾ ਆਯੋਜਨ ਕਰ ਗੁਰੂ ਸਾਹਿਬਾਨ ਪ੍ਰਤਿ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਸਮਾਗਮ ਦੇ ਖੇਤਰੀ ਸਮਿਤੀ ਦੇ ਪ੍ਰਧਾਨ ਡਾ. ਵਿਜੇ ਸਤਬੀਰ ਸਿੰਘ ਜੀ ਨੂੰ ਥਾਪਿਆ ਗਿਆ। ਇਸ ਸਮਾਗਮ ਵਿੱਚ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਤਾਦਾਦ ਵਿੱਚ ਸੰਗਤ ਸ਼ਿਮਲ ਹੋਈ, ਜਿਸਦੇ ਰਿਹਾਈਸ਼, ਲੰਗਰ, ਮੇਡਿਕਲ ਸੁਵਿਧਾ ਆਦਿ ਮੁਕੰਮਲ ਪ੍ਰਬੰਦ ਡਾ. ਵਿਜੇ ਸਤਬੀਰ ਸਿੰਘ ਜੀ ਦੇ ਮਾਰਗਦਰਸ਼ਨ ਹੇਠ ਕੀਤੇ ਗਏ ਅਤੇ ਸਾਰਾ ਸਮਾਗਮ ਬਡੀ ਹੀ ਚੜਦੀ ਕਲਾ ਵਿੱਚ ਸੰਪੂਰਣ ਹੋਏਆ। ਡਾਕਟਰ ਸਾਹਿਬ ਵੱਲੋਂ ਕੀਤੇ ਜਾ ਰਹੇ ਪ੍ਰੇਰਣਾਦਾਈ ਕੰਮ ਨਾਲ ਸਿੱਖ ਕੌਮ ਦਾ ਪ੍ਰਚਾਰ ਪ੍ਰਸਾਰ ਹੋ ਰਿਹਾ ਹੈ ਨਾਲ ਹੀ ਸਿੱਖ ਧਰਮ ਬਚਿੱਆਂ ਨੂੰ ਪ੍ਰੋਤਸਾਹਨ ਮਿਲ ਰਿਹਾ ਹੈ ਸਮੂੰਹ ਕਰਮਚਾਰੀਆਂ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਹੈ ਕਿ ਗੁਰੂ ਮਹਾਰਾਜ ਡਾ. ਵਿਜੇ ਸਤਬੀਰ ਸਿੰਘ ਜੀ, ਮੁੱਖ ਪ੍ਰਬੰਧਕ ਸਾਹਿਬ ਨੂੰ ਅਤੇ ਉਨ੍ਹਾਂ ਦੇ ਸਮੁੱਚੇ ਪ੍ਰਵਾਰ ਨੂੰ ਚੰਗੀ ਸੇਹਤ ਅਤੇ ਚੜਦੀਕਲਾ ਬਖਸ਼ਨ ਅਤੇ ਪ੍ਰਬੰਧਕ ਸਾਹਿਬ ਜੀ ਨੂੰ ਇਸੇ ਤਰ੍ਹਾਂ ਗੁਰੂ ਘਰ ਦੀ ਸੇਵਾ ਕਰਣ ਦਾ ਬਲ ਬਖਸ਼ਣ।

# ਟੈਗੋਰ ਪਬਲਿਕ ਸਕੂਲ ਤਲਵੰਡੀ ਸਾਬੋ ਵਿਖੇ ਮਨਾਇਆ ਨੈਸ਼ਨਲ ਡੀ-ਵਰਮਿੰਗ ਦਿਵਸ



ਤਲਵੰਡੀ ਸਾਬੋ, 10 ਅਗਸਤ (ਗੁਰਜੰਟ ਸਿੰਘ ਨਥੇਹਾ)-ਮਾਣਯੋਗ ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਸ਼ਹੀਦ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵੱਲੋਂ ਟੈਗੋਰ ਪਬਲਿਕ ਸਕੂਲ ਤਲਵੰਡੀ ਸਾਬੋ ਵਿਖੇ ਨੈਸ਼ਨਲ ਡੀ-ਵਰਮਿੰਗ ਦਿਵਸ ਦਿਵਸ ਮੌਕੇ ਬੱਚਿਆਂ ਅਤੇ ਅਧਿਆਪਕਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਸ਼੍ਰੀ ਕੁਲਦੀਪ ਮਲਟੀਪਰਪਜ਼ ਹੈਲਥ ਵਰਕਰ ਨੇ ਦੱਸਿਆ ਕਿ ਨੈਸ਼ਨਲ ਡੀ-ਵਰਮਿੰਗ ਦਿਵਸ ਅੱਜ ਦੇ ਦਿਨ ਪੂਰੇ ਦੇਸ਼ ਵਿੱਚ ਬੱਚਿਆਂ ਅਤੇ ਲੋਕਾਂ ਨੂੰ ਜਾਣਕਾਰੀ ਦੇ ਕੇ ਮਨਾਇਆ ਜਾ ਰਿਹਾ ਹੈ। ਉਨਾਂ ਬੱਚਿਆਂ ਨੂੰ ਪੇਟ ਦੇ ਕੀੜਿਆਂ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਅਤੇ ਉਨਾਂ ਦੇ ਸਰੀਰ ਉੱਪਰ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਉਨਾਂ ਦੱਸਿਆ ਕਿ ਪੇਟ ਵਿੱਚ ਕੀੜੇ ਹੋਣ ਦੀ ਸੂਰਤ ਵਿੱਚ ਸਰੀਰ ਅੰਦਰ ਖੂਨ ਦੀ ਕਮੀ, ਭਾਰ ਦਾ ਘਟਣਾ, ਥਕਾਵਟ ਰਹਿਣਾ, ਦਸਤ ਲੱਗਣੇ, ਪੇਟ ਵਿੱਚ ਦਰਦ ਆਦਿ ਅਲਾਮਤਾ ਹੁੰਦੀਆਂ ਹਨ। ਉਨਾਂ ਬੱਚਿਆਂ ਨੂੰ ਕਿਹਾ ਕਿ ਸਾਨੂੰ ਖਾਣਾ ਖਾਣ ਤੋਂ ਪਹਿਲਾਂ ਅਤੇ ਪਖਾਨਾ ਜਾਣ ਤੋਂ ਬਾਅਦ ਸਾਬਣ ਨਾਲ ਚੰਗੀ ਤਰਾਂ ਹੱਥ ਧੋ ਲੈਣੇ ਚਾਹੀਦੇ ਹਨ। ਉਨਾਂ ਕਿਹਾ ਕਿ ਸਾਨੂੰ ਆਪਣੇ ਨਹੁੰ ਹਮੇਸ਼ਾ ਕੱਟਕੇ ਰੱਖਣੇ ਚਾਹੀਦੇ ਹਨ। ਉਨਾਂ ਕਿਹਾ ਕਿ ਸਰਕਾਰ ਵੱਲੋਂ ਅਲਬੈਂਡਾਜੋਲ ਦੀਆਂ ਗੋਲੀਆਂ ਸਾਰੇ ਸਕੂਲਾਂ, ਆਗਨਵਾੜੀ ਸੈਂਟਰਾਂ ਅਤੇ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਬਿਲਕੁਲ ਮੁਫਤ ਦਿੱਤੀਆਂ ਜਾਂਦੀਆਂ ਹਨ ਅਤੇ ਕਿਹਾ ਕਿ ਆਪਣੇ ਅਧਿਆਪਕਾਂ ਅਤੇ ਸਿਹਤ ਕਰਮੀਆਂ ਦੀ ਦੇਖ-ਰੇਖ ਹੇਠ ਇਹ ਗੋਲੀਆਂ ਲਈਆਂ ਜਾਣ ਤਾਂ ਜੋ ਪੇਟ ਸਬੰਧੀ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਿਆ ਜਾ ਸਕੇ। ਉਨਾਂ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਅੱਜ ਦੇ ਦਿਨ ਨੈਸ਼ਨਲ ਡੀ-ਵਰਮਿੰਗ ਡੇ ਦੇ ਸਬੰਧ ਵਿੱਚ ਸਕੂਲ਼ਾਂ, ਆਗਨਵਾੜੀਆਂ ਅਤੇ ਸਿਹਤ ਸੰਸਥਾਵਾਂ ਵਿੱਚ ਬੱਚਿਆਂ ਅਤੇ ਲੋਕਾਂ ਨੂੰ ਜਾਗਰੂਕ ਕਰ ਕੀਤਾ ਜਾ ਰਿਹਾ ਹੈ। ਇਸ ਮੌਕੇ ਸ਼੍ਰੀ ਗੁਰਪ੍ਰੀਤ ਸਿੰਘ ਮ.ਪ.ਹ.ਵ, ਸ਼੍ਰੀ ਸੁਖਪਾਲ ਸਿੰਘ ਮ.ਪ.ਹ.ਵ, ਰੈਂਕਦੀਪ ਸਿੰਘ, ਸੁਖਜੀਤ ਸਿੰਘ, ਬਲਵੰਤ ਸਿੰਘ ਬਰੀਡਿੰਗ ਚੈਕਰ ਹਾਜਰ ਸਨ।

## ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ 41ਵਾਂ ਸਲਾਨਾ ਸਾਵਣ ਮੇਲਾ ਮਨਾਇਆ

# ਪ੍ਰਿੰ: ਇੰਦਰਜੀਤ ਕੌਰ ਸੋਹਲ ਯਾਦਗਾਰੀ ਐਵਾਰਡ ਕਹਾਣੀਕਾਰਾ ਯਤਿੰਦਰ ਕੌਰ ਮਾਹਲ ਨੂੰ ਦਿੱਤਾ



**ਚੌਕ ਮਹਿਤਾ,10 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ 41ਵਾਂ ਸਲਾਨਾ ਸਾਵਣ ਮੇਲਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਕੂਲ, ਚੂੰਗ (ਮਹਿਤਾ ਚੌਂਕ) ਵਿਖੇ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਡਾ: ਹਰਸਿਮਰਨ ਕੌਰ (ਇੰਚਾਰਜ ਗੁਰੂ ਤੇਗ ਬਹਾਦਰ ਕਾਲਜ ਸਠਿਆਲਾ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਯਤਿੰਦਰ ਕੌਰ ਮਾਹਲ, ਗੁਰਮੀਤ ਸਿੰਘ ਬਾਜਵਾ, ਮਾ: ਮਨਜੀਤ ਸਿੰਘ ਵੱਸੀ, ਡਾ: ਪਰਮਜੀਤ ਸਿੰਘ ਬਾਠ (ਸਾਰੇ ਕਾਰਜਕਾਰੀ ਮੈਂਬਰ ਕੇਂ.ਪੰ.ਲੇ. ਸਭਾ), ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ), ਡਾ: ਗਗਨ (ਪ੍ਰਧਾਨ ਮਝੈਲਾਂ ਦੀ ਸੱਥ), ਹਰਦਰਸ਼ਨ ਕਮਲ (ਜਨਰਲ ਸਕੱਤਰ ਮਜਲਸ), ਅਤਰ ਸਿੰਘ ਤਰਸਿੱਕਾ, ਗਿ: ਗੁਲਜ਼ਾਰ ਸਿੰਘ ਖੈੜਾ ਜੰਡਿਆਲਾ ਗੁਰੂ, ਹਰਮੇਸ਼ ਕੌਰ ਜੋਧੇ ਸਾ: ਜ਼ਿਲ੍ਹਾ ਭਾਸ਼ਾ ਅਫਸਰ, ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਿੰ: ਤੇਜਬੀਰ ਸਿੰਘ ਸੋਹਲ, ਮੈਡਮ ਮਨਦੀਪ ਕੌਰ ਅਤੇ ਪ੍ਰਿੰ: ਜਸਪ੍ਰੀਤ ਕੌਰ ਸੋਹਲ ਆਦਿ ਸ਼ੁਸ਼ੋਭਿਤ ਹੋਏ। ਇਸ ਮੌਕੇ ਪ੍ਰਿੰਸੀਪਲ ਇੰਦਰਜੀਤ ਕੌਰ ਸੋਹਲ ਯਾਦਗਾਰੀ ਐਵਾਰਡ ਐਤਕੀਂ ਨਾਮਵਰ ਕਹਾਣੀਕਾਰਾ ਯਤਿੰਦਰ ਕੌਰ ਮਾਹਲ (ਕਾਰਜਕਾਰੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ) ਨੂੰ ਦਿੱਤਾ ਗਿਆ। 'ਸਾਵਣ' ਦੇ ਰੰਗ' ਖੀਰ-ਪੂੜਿਆਂ ਦੇ ਸੰਗ ਮਨਾਏ ਗਏ। ਪੰਜਾਬੀ ਦੇ ਨਾਮਵਰ ਗਾਇਕ ਦਲਵਿੰਦਰ ਦਿਆਲਪੁਰੀ, ਮਨਜੀਤ ਪੱਪੂ, ਮੱਖਣ ਭੈਣੀਵਾਲਾ, ਗੁਰਮੇਜ ਸਹੋਤਾ, ਗੁਰਦਿਆਲ ਰੁਮਾਣੇ ਚੱਕ, ਲਖਵਿੰਦਰ ਕੋਟੀਆ, ਕੁਲਵੰਤ ਗਿੱਲ, ਅਕਾਸ਼ਦੀਪ ਸਿੰਘ ਅਮਨ ਵੇਰਕਾ, ਹਿੰਦ ਗਹਿਰੀ ਮੰਡੀ, ਲਾਲੀ ਕਰਤਾਰਪੁਰੀ, ਅਮਨ ਖਲੈਹਰਾ, ਪਰਮਜੀਤ ਸਿੰਘ ਭੱਟੀ, ਸੱਤਾ ਜਸਪਾਲ, ਇੰਦਰ ਸਿੰਘ ਮਿਸ਼ਰੀ, ਸੁਖਚੈਨ ਬੋਲੇਵਾਲੀਆ ਨੇ ਗਾਇਕੀ ਦੇ ਜੌਹਰ ਦਿਖਾਏ। ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਲਗਾਤਾਰ ਚੱਲੇ ਇਸ ਸਮਾਗਮ ਵਿੱਚ ਪੰਜਾਬ ਭਰ ਵਿਚੋਂ 100 ਦੇ ਕਰੀਬ ਕਵੀਆਂ, ਕਵਿਤਰੀਆਂ, ਗਾਇਕਾਂ ਨੇ ਆਪੋ ਆਪਣੇ ਅੰਦਾਜ ਵਿੱਚ ਸਾਵਣ ਨੂੰ ਯਾਦ ਕੀਤਾ। ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ। ਸਾਵਣ ਨੂੰ ਸਮਰਪਿਤ ਮਹਿਲਾ ਕਵੀ ਦਰਬਾਰ ਵਿੱਚ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਜਤਿੰਦਰਪਾਲ ਕੌਰ ਭਿੰਡਰ, ਪ੍ਰਵੀਨ ਕੌਰ ਸਿੱਧੂ, ਮਨਦੀਪ ਕੌਰ ਰਤਨ, ਬਲਜਿੰਦਰ ਕੌਰ ਬੱਲ ਬੁਤਾਲਾ, ਜਯੋਤੀ ਭਗਤ ਬਟਾਲਾ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਸਾਹਿਬਾਂ ਜੀਟਨ ਕੌਰ, ਜਤਿੰਦਰ ਕੌਰ ਅੰਮ੍ਰਿਤਸਰ, ਗੁਰਮੀਤ ਕੌਰ ਬੱਲ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਬਟਾਲਾ, ਹਰਵਿੰਦਰਜੀਤ ਕੌਰ ਬਾਠ, ਸੁਖਵਿੰਦਰ ਕੌਰ, ਬਲਬੀਰ ਕੌਰ, ਅੰਜੂ ਸ਼ਰਮਾ ਤੋਂ ਇਲਾਵਾ ਸੁਲਤਾਨ ਭਾਰਤੀ, ਰਮੇਸ਼ ਜਾਨੂੰ, ਓਮ ਪ੍ਰਕਾਸ਼ ਭਗਤ, ਜਸਵੰਤ ਹਾਂਸ ਬਟਾਲਾ, ਵਿਜੈ ਅਗਨੀਹੋਤਰੀ, ਨਿਸ਼ਾਨ ਸਿੰਘ ਜੋੜਾ ਸਿੰਘਾ, ਅਮਰ ਸਿੰਘ ਅਮਰ, ਕੁਲਦੀਪ ਸਿੰਘ ਰਤਨ, ਜਿੰਦੀ ਮਠੌਲਾ, ਅਵਤਾਰ ਸਿੰਘ ਬੈਂਸ, ਰਜਨੀਸ਼ ਭੱਟੀ, ਜਗਦੀਸ਼ ਸਿੰਘ, ਰਾਜਿੰਦਰ ਸਿੰਘ ਰਾਜ ਕਲਾਨੌਰ, ਤਰਸੇਮ ਜਲੰਧਰੀ, ਜਗਦੀਸ਼ ਸਿੰਘ ਬਮਰਾਹ, ਡਾ: ਸਤਨਾਮ ਬਾਰੀਆ, ਜਸਪਾਲ ਸਿੰਘ ਧੂਲ਼ਕਾ, ਜਗਤਾਰ ਸਿੰਘ ਝਲਾੜੀ, ਪਰਮਜੀਤ ਸਿੰਘ ਭੋਰਛੀ, ਮੁਖਤਾਰ ਸਿੰਘ ਗਿੱਲ, ਬਲਬੀਰ ਸਿੰਘ ਬੀਰ, ਅਜੀਤ ਸਿੰਘ ਸਠਿਆਲਾਵੀ, ਬਲਦੇਵ ਸਿੰਘ ਸਠਿਆਲਾ, ਰਕੇਸ਼ਵਰ ਸਿੰਘ ਸਕੱਤਰ ਸਿੰਘ ਪੁਰੇਵਾਲ, ਅਜੈਬ ਸਿਮਘ ਬੋਦੇਵਾਲ, ਨਿਸ਼ਾਨ ਸਿੰਘ, ਸੋਨੂੰ ਸੁਲਤਾਨ, ਰਾਣਾ ਚੂੰਗ, ਦਲਬੀਰ ਸਿੰਘ ਬੁਤਾਲਾ, ਪ੍ਰਕਾਸ਼ ਸਿੰਘ ਥੋਥੀਆਂ, ਸੰਤੋਖ ਸਿੰਘ ਭੋਮਾ, ਗੁਰਪ੍ਰੀਤ ਸਿੰਘ ਵੇਰਕਾ, ਮਨਦੀਪ ਸਿੰਘ ਬੋਪਰਾਏ, ਗੁਰਕੀਰਤ ਸਿੰਘ, ਸੁਖਵਿੰਦਰ ਸਿੰਘ, ਗੁਰਭੇਜ ਸਿੰਘ, ਗੁਰਦੀਪ ਸਿੰਘ, ਸ਼ਿਚਚਰਨ ਸਿੰਘ, ਸ਼ਿੰਗਾਰਾ ਸਿੰਘ ਸਠਿਆਲਾ, ਭੁਪਿੰਦਰ ਸਿੰਘ ਡੀਲਕੱਸ, ਗੁਰਕੀਰਤ ਸਿੰਘ, ਰਜਨੀਸ਼ ਭੱਟੀ, ਬੇਬੀ ਹਿਮਾਨੀ ਆਦਿ ਨੇ "ਸਾਵਸ' ਮਹੀਨੇ ਨੂੰ ਸਮਰਪਿਤ ਕਾਵਿ ਕਿਰਤਾਂ ਰਾਹੀ ਛਹਿਬਰ ਲਾਈ। ਗਾਇਕ ਕੁਲਵੰਤ ਸਿੰਘ ਗਿੱਲ ਦੇ ਗੀਤ 'ਫਰਜ਼' ਦਾ ਪੋਸਟਰ ਰਲੀਜ਼ ਕੀਤਾ ਗਿਆ।

> ☛ ਪੰਜਾਬ ਭਰ ਵਿੱਚੋਂ 100 ਤੋਂ ਵੱਧ ਕਵੀਆਂ ਨੇ ਲਾਈ ਸਾਵਣ ਦੀ ਛਹਿਬਰ ☛ ਦਿਆਲਪੁਰੀ, ਮਨਜੀਤ ਪੱਪੂ ਸਮੇਤ ਗਾਇਕਾਂ ਨੇ ਦਿਖਾਏ ਗਾਇਕੀ ਦੇ ਜੌਹਰ

## ਸਾਬਕਾ ਆਰਐਸਐਸ ਪ੍ਰਚਾਰਕ ਦਾ ਧਮਾਕੇਦਾਰ ਦਾਅਵਾ

# ਆਰਐਸਐਸ, ਵੀਐਚਪੀ ਤੇ ਬਜਰੰਗ ਦਲ ਨੂੰ 'ਅੱਤਵਾਦੀ ਸੰਗਠਨ' ਐਲਾਨਿਆ ਜਾਵੇ



ਨਵੀਂ ਦਿੱਲੀ, 10 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸਾਬਕਾ ਪੂਰਨਕਾਲੀ ਪ੍ਰਚਾਰਕ ਯਸ਼ਵੰਤ ਸਹਿਦੇਵ ਸ਼ਿੰਦੇ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕਰਨਾਟਕ ਦੇ ਗ੍ਰਹਿ ਮੰਤਰੀ ਪ੍ਰਿਅੰਕ ਖੜਗੇ ਨੂੰ ਪੱਤਰ ਲਿਖ ਕੇ ਆਰਐਸਐਸ, ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਬਜਰੰਗ ਦਲ ਨੂੰ 'ਅੱਤਵਾਦੀ ਸੰਗਠਨ' ਐਲਾਨਣ ਦੀ ਮੰਗ ਕੀਤੀ ਹੈ। ਸ਼ਿੰਦੇ ਨੇ ਆਪਣੇ ਪੱਤਰ ਵਿੱਚ ਆਰਐਸਐਸ ਮੁਖੀ ਮੋਹਨ ਭਾਗਵਤ, ਆਰਐਸਐਸ ਆਗੂ ਇੰਦਰੇਸ਼ ਕੁਮਾਰ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜਨਰਲ ਸਕੱਤਰ ਮਿਲਿੰਦ ਪਰਾਂਡੇ ਸਮੇਤ ਕੁਝ ਸੀਨੀਅਰ ਆਗੂਆਂ ਨੂੰ 2000 ਦੇ ਦਹਾਕੇ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਹੋਏ ਬੰਬ ਧਮਾਕਿਆਂ ਨਾਲ ਜੋੜਦੇ ਦੋਸ਼ ਲਗਾਉਂਦਿਆਂ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਕੇ ਜਾਂਚ ਕਰਨ ਦੀ ਮੰਗ ਕੀਤੀ ਹੈ। ਹਾਲਾਂਕਿ ਇਹ ਸਾਰੇ ਦੋਸ਼ ਸ਼ਿੰਦੇ ਦੇ ਦਾਅਵੇ ਹਨ ਅਤੇ ਇਨ੍ਹਾਂ ਵਿੱਚੋਂ ਕਈ ਮਾਮਲਿਆਂ ਵਿੱਚ ਅਦਾਲਤਾਂ ਵੱਲੋਂ ਮੁਲਜ਼ਮਾਂ ਨੂੰ ਬਰੀ ਕੀਤਾ ਜਾ ਚੁੱਕਾ ਹੈ। ਸ਼ਿੰਦੇ, ਜੋ 1990 ਤੋਂ ਆਰਐਸਐਸ ਨਾਲ ਪੂਰਨਕਾਲੀ ਤੌਰ 'ਤੇ ਜੁੜੇ ਰਹਿਣ ਦਾ ਦਾਅਵਾ ਕਰਦੇ ਹਨ, ਨੇ ਸੰਗਠਨ ਛੱਡਣ ਤੋਂ ਬਾਅਦ ਪਿਛਲੇ ਕਈ ਸਾਲਾਂ ਤੋਂ ਹਿੰਦੂ ਸੱਜੇ-ਪੱਖੀ ਸੰਗਠਨਾਂ ਨਾਲ ਜੁੜੇ ਲੋਕਾਂ 'ਤੇ ਬੰਬ ਧਮਾਕਿਆਂ ਦੀਆਂ ਸਾਜ਼ਿਸ਼ਾਂ ਵਿੱਚ ਸ਼ਾਮਲ ਹੋਣ ਦੇ ਦੋਸ਼ ਲਗਾਏ ਹਨ। ਅਗਸਤ 2022 ਵਿੱਚ ਨੰਦੇੜ ਦੀ ਵਿਸ਼ੇਸ਼ ਕੇਂਦਰੀ ਜਾਂਚ ਬਿਊਰੋ ਅਦਾਲਤ ਵਿੱਚ ਦਿੱਤੇ ਹਲਫ਼ਨਾਮੇ ਵਿੱਚ ਉਨ੍ਹਾਂ ਨੇ ਦਾਅਵਾ ਕੀਤਾ ਸੀ ਕਿ 2003 ਵਿੱਚ ਉਨ੍ਹਾਂ ਸਮੇਤ ਲਗਭਗ 20 ਲੋਕਾਂ ਨੂੰ ਬੰਬ ਤਿਆਰ ਕਰਨ ਦੀ ਸਿਖਲਾਈ ਦਿੱਤੀ ਗਈ ਸੀ ਅਤੇ ਕੁਝ ਧਮਾਕਿਆਂ ਦੀ ਯੋਜਨਾ ਬਣਾਉਣ ਵਾਲੀਆਂ ਮੀਟਿੰਗਾਂ ਵਿੱਚ ਉਹ ਖੁਦ ਮੌਜੂਦ ਰਹੇ। ਇਹ ਦਾਅਵੇ ਨੰਦੇੜ ਧਮਾਕਾ ਮਾਮਲੇ ਦੀ ਕਾਰਵਾਈ ਦੌਰਾਨ ਸਾਹਮਣੇ ਆਏ ਸਨ। 4 ਜਨਵਰੀ 2025 ਨੂੰ ਨੰਦੇੜ ਦੀ ਹੇਠਲੀ ਅਦਾਲਤ ਨੇ ਮਾਮਲੇ ਵਿੱਚ ਬਚੇ ਸਾਰੇ ਨੌਂ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਇਸ ਦੇ ਬਾਵਜੂਦ ਸ਼ਿੰਦੇ ਨੇ ਆਪਣੇ ਦਾਅਵਿਆਂ ਨੂੰ ਜਨਤਕ ਤੌਰ 'ਤੇ ਦੁਹਰਾਉਂਦਿਆਂ ਹੁਣ ਮੁੜ ਕੇਂਦਰ ਅਤੇ ਸੂਬਾ ਸਰਕਾਰ ਦੇ ਗ੍ਰਹਿ ਮੰਤਰੀਆਂ ਕੋਲ ਜਾਂਚ ਦੀ ਮੰਗ ਰੱਖੀ ਹੈ। ਸ਼ਿੰਦੇ ਦੇ ਤਾਜ਼ਾ ਪੱਤਰ ਨੇ ਅਜਮੇਰ ਦਰਗਾਹ ਧਮਾਕੇ, 2008 ਦੇ ਮਾਲੇਗਾਓਂ ਧਮਾਕੇ ਅਤੇ ਹੋਰ ਘਟਨਾਵਾਂ ਨਾਲ ਸਬੰਧਤ ਕਈ ਦੋਸ਼ ਵੀ ਮੁੜ ਉਠਾਏ ਹਨ। ਉਨ੍ਹਾਂ ਨੇ ਆਰਐਸਐਸ ਅਤੇ ਇਸ ਨਾਲ ਜੁੜੇ ਸੰਗਠਨਾਂ ਦੀ ਭੂਮਿਕਾ ਦੀ ਜਾਂਚ ਦੀ ਮੰਗ ਕਰਦਿਆਂ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਅਦਾਲਤੀ ਕਾਰਵਾਈ ਦੌਰਾਨ ਕੀਤੇ ਦਾਅਵਿਆਂ ਨੂੰ ਵੀ ਗੰਭੀਰਤਾ ਨਾਲ ਜਾਂਚਿਆ ਜਾਣਾ ਚਾਹੀਦਾ ਹੈ। ਦੂਜੇ ਪਾਸੇ, ਨੰਦੇੜ ਮਾਮਲੇ ਵਿੱਚ ਮੁਲਜ਼ਮਾਂ ਦੇ ਬਰੀ ਹੋਣ ਤੋਂ ਬਾਅਦ ਵਿਸ਼ਵ ਹਿੰਦੂ ਪ੍ਰੀਸ਼ਦ ਨੇ ਅਦਾਲਤੀ ਫ਼ੈਸਲੇ ਨੂੰ ਕਾਂਗਰਸ ਦੇ ਮੂੰਹ 'ਤੇ 'ਕਰਾਰਾ ਥੱਪੜ' ਕਰਾਰ ਦਿੱਤਾ ਸੀ। ਆਰਐਸਐਸ ਦੇ ਜਨਰਲ ਸਕੱਤਰ ਦੱਤਾਤ੍ਰੇਯ ਹੋਸਬਾਲੇ ਨੇ ਵੀ ਅਪ੍ਰੈਲ 2026 ਵਿੱਚ ਆਰਐਸਐਸ ਦੀ ਤੁਲਨਾ ਅਮਰੀਕਾ ਦੇ ਕੂ ਕਲਕਸ ਕਲੈਨ ਨਾਲ ਕੀਤੇ ਜਾਣ ਨੂੰ ਰੱਦ ਕਰਦਿਆਂ ਕਿਹਾ ਸੀ ਕਿ ਸੰਗਠਨ ਨੂੰ ਅਕਸਰ 'ਗਲਤ ਤਰੀਕੇ ਨਾਲ ਪੇਸ਼' ਕੀਤਾ ਜਾਂਦਾ ਹੈ। ਹੁਣ ਸ਼ਿੰਦੇ ਦੇ ਤਾਜ਼ਾ ਪੱਤਰ ਨੇ ਦਹਾਕਿਆਂ ਪੁਰਾਣੇ ਇਨ੍ਹਾਂ ਦੋਸ਼ਾਂ ਅਤੇ ਉਨ੍ਹਾਂ ਦੀ ਨਿਰਪੱਖ ਜਾਂਚ ਦੀ ਮੰਗ ਨੂੰ ਇੱਕ ਵਾਰ ਫਿਰ ਦੇਸ਼ ਦੀ ਸਿਆਸੀ ਚਰਚਾ ਦੇ ਕੇਂਦਰ ਵਿੱਚ ਲਿਆ ਦਿੱਤਾ ਹੈ।

> ਅਮਿਤ ਸ਼ਾਹ ਅਤੇ ਪ੍ਰਿਅੰਕ ਖੜਗੇ ਨੂੰ ਪੱਤਰ ਲਿਖ ਮੋਹਨ ਭਾਗਵਤ ਸਮੇਤ ਵੱਡੇ ਆਗੂਆਂ ਦੀ ਜਾਂਚ ਦੀ ਕੀਤੀ ਮੰਗ

## ਭਗਵੰਤ ਮਾਨ ਸਰਕਾਰ ਚਿੱਠੀਆਂ ਦੀ ਸਿਆਸਤ ਛੱਡ ਕੇ ਜਥੇਦਾਰ ਹਵਾਰਾ ਦੀ ਮਾਤਾ ਜੀ ਦੀ ਗੰਭੀਰ ਸਿਹਤ ਦੇ ਮੱਦੇਨਜ਼ਰ ਕਾਨੂੰਨੀ ਚਾਰਾਜੋਈ ਕਰੇ : ਰੁਸਤਮ ਮੋਰਿੰਡਾ

# ਬੰਦੀ ਸਿੰਘ ਜਥੇਦਾਰ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਲਈ ਪੰਜਾਬ ਸਰਕਾਰ ਸੰਵਿਧਾਨਕ ਸ਼ਕਤੀਆਂ ਦਾ ਇਸਤੇਮਾਲ ਕਰੇ : ਭਾਰਤੀ ਕਿਸਾਨ ਯੂਨੀਅਨ ਪੁਆਧ



**ਜ਼ੀਰਕਪੁਰ :** ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਹੈ ਕਿ ਸਰਬੱਤ ਖ਼ਾਲਸਾ ਦੌਰਾਨ ਚੱਬਾ ਦੀ ਇਤਿਹਾਸਕ ਧਰਤੀ 'ਤੇ 10 ਲੱਖ ਤੋਂ ਵੱਧ ਇਕੱਤਰ ਹੋਈ ਸੰਗਤ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਥਾਪੇ ਗਏ ਜਥੇਦਾਰ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਦੀ ਗੰਭੀਰ ਸਿਹਤ ਨੂੰ ਦੇਖਦੇ ਹੋਏ ਸਰਕਾਰ ਨੂੰ ਮਨੁੱਖੀ ਹਮਦਰਦੀ ਦੇ ਆਧਾਰ 'ਤੇ ਤੁਰੰਤ ਢੁਕਵੇਂ ਕਦਮ ਚੁੱਕਣੇ ਚਾਹੀਦੇ ਹਨ। ਰੁਸਤਮ ਮੋਰਿੰਡਾ ਨੇ ਕਿਹਾ ਕਿ ਇਹ ਮਾਮਲਾ ਕੇਵਲ ਸਿਆਸਤ ਦਾ ਨਹੀਂ, ਸਗੋਂ ਇੱਕ ਬਜ਼ੁਰਗ ਮਾਂ ਦੀਆਂ ਭਾਵਨਾਵਾਂ ਅਤੇ ਮਨੁੱਖੀ ਹਮਦਰਦੀ ਦਾ ਹੈ। ਜੇਕਰ ਪੰਜਾਬ ਸਰਕਾਰ ਸੱਚਮੁੱਚ ਜਥੇਦਾਰ ਹਵਾਰਾ ਨੂੰ ਰਾਹਤ ਦਿਵਾਉਣਾ ਚਾਹੁੰਦੀ ਹੈ, ਤਾਂ ਸਿਰਫ਼ ਝੂਠੀਆਂ ਚਿੱਠੀਆਂ ਲਿਖਣ ਜਾਂ ਬਿਆਨਬਾਜ਼ੀ ਕਰਨ ਦੀ ਬਜਾਏ ਹੇਠ ਲਿਖੇ ਕਾਨੂੰਨੀ ਅਤੇ ਸੰਵਿਧਾਨਕ ਰਸਤਿਆਂ ਦੀ ਇਮਾਨਦਾਰੀ ਨਾਲ ਵਰਤੋਂ ਕਰੇ ਜਥੇਦਾਰ ਹਵਾਰਾ ਦੀ ਮਾਤਾ ਜੀ ਦੀ ਨਾਜ਼ੁਕ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਵੱਲੋਂ 'ਮਨੁੱਖੀ ਆਧਾਰ"ਤੇ ਸੰਬੰਧਿਤ ਅਧਿਕਾਰੀਆਂ ਕੋਲ ਪੋਜ਼ੇਟਿਵ ਰਿਪੋਰਟ ਅਤੇ ਸਿਫ਼ਾਰਿਸ਼ ਭੇਜੀ ਜਾਵੇ, ਤਾਂ ਜੋ ਉਨ੍ਹਾਂ ਨੂੰ ਅਸਥਾਈ ਤੌਰ 'ਤੇ ਪੈਰੋਲ ਮਿਲ ਸਕੇ। ਜੇਕਰ ਲਾਗੂ ਕਾਨੂੰਨਾਂ ਤਹਿਤ ਜਥੇਦਾਰ ਹਵਾਰਾ ਸਮੇਂ ਤੋਂ ਪਹਿਲਾਂ ਰਿਹਾਈ ਜਾਂ ਸਜ਼ਾ ਵਿੱਚ ਛੋਟ ਦੇ ਹੱਕਦਾਰ ਹਨ, ਤਾਂ ਪੰਜਾਬ ਸਰਕਾਰ ਆਪਣੀ ਕਾਨੂੰਨੀ ਅਤੇ ਪ੍ਰਸ਼ਾਸਕੀ ਪ੍ਰਕਿਰਿਆ ਪੂਰੀ ਕਰਕੇ ਇਸ ਮਾਮਲੇ ਨੂੰ ਦ੍ਰਿੜ੍ਹਤਾ ਨਾਲ ਅੱਗੇ ਵਧਾਏ। ਭਾਰਤੀ ਸੰਵਿਧਾਨ ਦੀ ਧਾਰਾ 161 ਤਹਿਤ ਰਾਜਪਾਲ ਕੋਲ ਸਜ਼ਾ ਮਾਫ਼ੀ, ਛੋਟ ਅਤੇ ਤਬਦੀਲੀ ਦੀਆਂ ਵਿਸ਼ੇਸ਼ ਸੰਵਿਧਾਨਕ ਸ਼ਕਤੀਆਂ ਹਨ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਸੰਵਿਧਾਨਕ ਪ੍ਰਕਿਰਿਆ ਦਾ ਪਾਲਣ ਕਰਦਿਆਂ ਇਹ ਕੇਸ ਪੂਰੀ ਮਜ਼ਬੂਤੀ ਨਾਲ ਰਾਜਪਾਲ ਸਾਹਿਬ ਦੇ ਸਮੁੱਖ ਰੱਖੇ। ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਸੀਨੀਅਰ ਮੀਤ ਪ੍ਰਧਾਨ ਰੁਸਤਮ ਮੋਰਿੰਡਾ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਨੂੰ ਬਿਨਾਂ ਕਿਸੇ ਦੇਰੀ ਦੇ ਇਹ ਸਾਰੇ ਸੰਵਿਧਾਨਕ ਅਤੇ ਕਾਨੂੰਨੀ ਹੱਕ ਵਰਤ ਕੇ ਇੱਕ ਬਜ਼ੁਰਗ ਮਾਂ ਨੂੰ ਆਪਣੇ ਪੁੱਤਰ ਨਾਲ ਮਿਲਾਉਣ ਲਈ ਸਕਾਰਾਤਮਕ ਕਾਰਵਾਈ ਕਰਨੀ ਚਾਹੀਦੀ ਹੈ।

**-ਪਰਗਟ ਸਿੰਘ ਬਲਬੇੜਾ, 9022000070**

# ਗਰਾਮਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਮਨਾਇਆ ਤੀਆਂ ਸਾਉਣ ਦੀਆਂ ਦਾ ਤਿਉਹਾਰ



ਫ਼ਿਰੋਜ਼ਪੁਰ, 10 ਅਗਸਤ (ਮਨੋਹਰ ਲਾਲ) :— ਫਿਰੋਜ਼ਪੁਰ ਕੈਂਟ ਵਿਖੇ ਸਾਲ 1953 ਤੋਂ ਸਿੱਖਿਆ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾ ਰਹੇ ਗਰਾਮਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਨੂੰ ਸਮਰਪਿਤ 'ਤੀਆਂ ਸਾਉਣ ਦੀਆਂ' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੀਆਂ ਵਿਦਿਆਰਥਣਾਂ ਨੇ ਉਤਸ਼ਾਹ ਅਤੇ ਖੁਸ਼ੀ ਨਾਲ ਭਾਗ ਲੈਂਦਿਆਂ ਪੰਜਾਬੀ ਸੱਭਿਆਚਾਰ ਦੀਆਂ ਵੱਖ—ਵੱਖ ਵੰਨਗੀਆਂ ਨੂੰ ਬੇਹੱਦ ਖੂਬਸੂਰਤ ਢੰਗ ਨਾਲ ਪੇਸ਼ ਕੀਤਾ। ਪ੍ਰੋਗਰਾਮ ਦੌਰਾਨ ਵਿਦਿਆਰਥਣਾਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਪੰਜਾਬੀ ਸੱਭਿਆਚਾਰਕ ਗੀਤਾਂ 'ਤੇ ਸ਼ਾਨਦਾਰ ਡਾਂਸ ਤੋਂ ਇਲਾਵਾ ਵਿਦਿਆਰਥਣਾਂ ਨੇ ਪੰਜਾਬ ਦੇ ਅਮੀਰ ਲੋਕ ਵਿਰਸੇ ਨਾਲ ਜੁੜੀਆਂ ਘੋੜੀਆਂ, ਸੁਹਾਗ ਅਤੇ ਗਿੱਧੇ ਦੀਆਂ ਪੇਸ਼ਕਾਰੀਆਂ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਗਿੱਧੇ ਦੀ ਪੇਸ਼ਕਾਰੀ ਦੌਰਾਨ ਵਿਦਿਆਰਥਣਾਂ ਨੇ ਪੰਜਾਬੀ ਬੋਲੀਆਂ ਰਾਹੀਂ ਪੰਜਾਬ ਦੇ ਰਵਾਇਤੀ ਜੀਵਨ, ਖੁਸ਼ੀਆਂ ਅਤੇ ਸੱਭਿਆਚਾਰਕ ਕਦਰਾਂ ਕੀਮਤਾਂ ਨੂੰ ਬੜੇ ਹੀ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਗਟ ਕੀਤਾ। ਤੀਆਂ ਸਾਉਣ ਦੀਆਂ ਦੇ ਇਸ ਸਮਾਗਮ ਦੌਰਾਨ ਸਕੂਲ ਦਾ ਮਾਹੌਲ ਪੂਰੀ ਤਰ੍ਹਾਂ ਪੰਜਾਬੀ ਰੰਗ ਵਿੱਚ ਰੰਗਿਆ ਨਜ਼ਰ ਆਇਆ। ਵਿਦਿਆਰਥਣਾਂ ਨੇ ਪੰਜਾਬੀ ਪਹਿਰਾਵੇ ਵਿੱਚ ਸਜ ਕੇ ਆਪਣੀ ਪੇਸ਼ਕਾਰੀ ਨੂੰ ਹੋਰ ਵੀ ਮਨਮੋਹਕ ਬਣਾਇਆ। ਇਸ ਮੌਕੇ ਸਕੂਲ ਵੱਲੋਂ ਪੰਜਾਬੀ ਸੱਭਿਆਚਾਰ ਦੀਆਂ ਪੁਰਾਤਨ ਪਰੰਪਰਾਵਾਂ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਸੁਨੇਹਾ ਦਿੱਤਾ ਗਿਆ। ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਦੀ ਭੂਮਿਕਾ ਮੈਡਮ ਸ਼ਾਲੂ ਪ੍ਰਭਾਕਰ ਵੱਲੋਂ ਬਾਖੂਬੀ ਨਿਭਾਈ ਗਈ। ਉਨ੍ਹਾਂ ਨੇ ਪੂਰੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਚਲਾਉਂਦਿਆਂ ਹਰ ਪੇਸ਼ਕਾਰੀ ਬਾਰੇ ਜਾਣਕਾਰੀ ਦਿੱਤੀ ਅਤੇ ਵਿਦਿਆਰਥਣਾਂ ਦਾ ਹੌਸਲਾ ਵਧਾਇਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਮੈਡਮ ਸੋਨੀਆ ਰਾਣਾ ਨੇ ਵਿਦਿਆਰਥਣਾਂ ਅਤੇ ਸਮੂਹ ਸਟਾਫ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬੀ ਸੱਭਿਆਚਾਰ ਸਾਡੀ ਵਿਰਾਸਤ ਅਤੇ ਪਹਿਚਾਣ ਦਾ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਆਧੁਨਿਕਤਾ ਦੇ ਇਸ ਦੌਰ ਵਿੱਚ ਸਾਡੀ ਨਵੀਂ ਪੀੜ੍ਹੀ ਨੂੰ ਆਪਣੇ ਅਮੀਰ ਸੱਭਿਆਚਾਰ ਅਤੇ ਵਿਰਸੇ ਨਾਲ ਜੋੜਨ ਲਈ ਅਜਿਹੇ ਪ੍ਰੋਗਰਾਮਾਂ ਦਾ ਆਯੋਜਨ ਬਹੁਤ ਜ਼ਰੂਰੀ ਹੈ। ਅਜਿਹੀਆਂ ਗਤੀਵਿਧੀਆਂ ਬੱਚਿਆਂ ਅੰਦਰ ਆਪਣੀ ਭਾਸ਼ਾ, ਸੱਭਿਆਚਾਰ ਅਤੇ ਪਰੰਪਰਾਵਾਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਦੀਆਂ ਹਨ। ਉਨ੍ਹਾਂ ਵਿਦਿਆਰਥਣਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵਿਰਾਸਤ ਨੂੰ ਜਾਣਨ ਅਤੇ ਇਸ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਆਪਣੀ ਭੂਮਿਕਾ ਨਿਭਾਉਣ। ਉਨ੍ਹਾਂ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਅਧਿਆਪਕਾਂ ਅਤੇ ਵਿਦਿਆਰਥਣਾਂ ਵੱਲੋਂ ਕੀਤੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਵਾਈਸ ਪ੍ਰਿੰਸੀਪਲ ਮੈਡਮ ਇੰਦੂ ਸ਼ਰਮਾ, ਸੰਗੀਤਾ, ਮਾਨਵੀ, ਜੋਤੀ, ਹਿਮਾਂਸ਼ੂ ਸ਼ਰਮਾ ਸਮੇਤ ਸਕੂਲ ਦਾ ਸਟਾਫ ਅਤੇ ਵਿਦਿਆਰਥਣਾਂ ਹਾਜ਼ਰ ਸਨ। ਸਮਾਗਮ ਦੌਰਾਨ ਵਿਦਿਆਰਥਣਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ 'ਤੀਆਂ ਸਾਉਣ ਦੀਆਂ' ਦਾ ਇਹ ਪ੍ਰੋਗਰਾਮ ਪੰਜਾਬੀ ਸੱਭਿਆਚਾਰ ਅਤੇ ਵਿਰਸੇ ਦੀਆਂ ਯਾਦਾਂ ਨੂੰ ਤਾਜ਼ਾ ਕਰਦਿਆਂ ਯਾਦਗਾਰ ਹੋ ਨਿਬੜਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰ: ਗੁਰਚਰਨ ਸਿੰਘ (ਝੰਡੇ ਕੇ) ਦੇ ਭੋਗ ਅਤੇ ਅੰਤਿਮ ਅਰਦਾਸ ਮੌਕੇ

# ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਭਰੀ ਹਾਜ਼ਰੀ






**ਜਗਰਾਉਂ, (ਵਰਿਆਮ ਹਠੂਰ)**-ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਖਜ਼ਾਨਚੀ ਇੰਦਰਜੀਤ ਸਿੰਘ ਸੰਧੂ ਦੇ ਸਤਿਕਾਰਯੋਗ ਪਿਤਾ ਸ੍ਰ: ਗੁਰਚਰਨ ਸਿੰਘ ਸੰਧੂ (ਝੰਡੇ ਕੇ) ਜੋ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਨਮਿੱਤ ਪ੍ਰਕਾਸ਼ ਕਰਵਾਏ ਸ੍ਰੀ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਆਰਦਾਸ ਜਿਲ੍ਹਾ ਲੁਧਿਆਣਾ ਦੇ ਪਿੰਡ ਮਾਣੂੰਕੇ ਸੰਧੂ ਵਿਖੇ ਸ਼ੁਸੋਭਿਤ ਇਤਿਹਾਸਕ ਗੁਰਦੁਆਰਾ ਜੌੜੀਆਂ ਸਾਹਿਬ ਵਿਖੇ ਹੋਈ।ਅੰਤਿਮ ਅਰਦਾਸ ਸਮਾਗਮ ਵਿੱਚ ਵੱਖ-ਵੱਖ ਰਿਸਤੇਦਾਰ, ਮਿੱਤਰ, ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸ਼ਖ਼ਸੀਅਤਾਂ ਸਮੇਤ ਦੂਰੋ ਨੇੜਿਓਂ ਗੁਲਜੰਗਤਾਂ ਨੇ ਆਪਣੀ ਹਾਜ਼ਰੀ ਭਰਕੇ ਜੁੱਗੋ ਯੁੱਗ ਅਟਣਲ ਚਵਰ ਛਤਰ ਤਖਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਹਲਕਾ ਜਗਰਾਉਂ ਤੋਂ ਵਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਵੀ ਸਮਾਗਮ ਵਿੱਚ ਸਮੂਲੀਅਤ ਕੀਤੀ ਤੇ ਪਰਿਵਾਰ ਨਾਲ ਅਫਸੋਸ਼ ਪ੍ਰਗਟ ਕੀਤਾ, ਗੁਰਦੁਆਰਾ ਮੈਹਦੇਆਣਾ ਸਾਹਿਬ ਦੇ ਹਜੂਰੀ ਰਾਗੀ ਭਾਈ ਹਰਜਿੰਦਰ ਸਿੰਘ ਰਾਜਾ ਰਸੂਲਪੁਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਸ਼ਬਦ ਕੀਰਤਨ ਰਾਹੀਂ ਗੁਰਸੰਗਤਾਂ ਨੂੰ ਨਿਹਾਲ ਕੀਤਾ, ਗੁਰੂ ਘਰ ਦੇ ਵਜੀਰ ਭਾਈ ਗੁਰਦੀਪ ਸਿੰਘ ਦੀਪਾ ਨੇ ਅਰਦਾਸ ਬੇਨਤੀ ਕੀਤੀ, ਤੇ ਗੁਰਸੰਗਤਾਂ ਨੂੰ ਸ੍ਰ: ਗੁਰਚਰਨ ਸਿੰਘ (ਝੰਡੇ ਕੇ) ਦੇ ਜੀਵਨ ਪ੍ਰਤੀ ਇਕੱਤਰ ਗੁਰਸੰਗਤਾਂ ਨੂੰ ਚਾਨਣਾ ਪਾਇਆ ਉਨ੍ਹਾਂ ਕਿਹਾ ਕਿ ਸ੍ਰ: ਗੁਰਚਰਨ ਸਿੰਘ ਸੰਧੂ ਗੁਰੂ ਘਰਾਂ ਪ੍ਰਤੀ ਬੜੀ ਸ਼ਰਧਾ ਰੱਖਦੇ ਸਨ। ਤੇ ਬੜੇ ਮਿਹਨਤੀ ਇਨਸਾਨ ਸਨ। ਜੋ ਤਕਰੀਬਨ 96 ਸਾਲ ਦੀ ਉਮਰ ਭੋਗ ਕੇ ਅਕਾਲ ਚਲਾਣਾ ਕਰ ਗਏ, ਸ੍ਰ: ਗੁਰਚਰਨ ਸਿੰਘ ਸੰਧੂ ਨੇ ਆਪਣੇ ਬੱਚਿਆਂ ਦਾ ਚੰਗਾ ਪਾਲਣ ਪੋਸ਼ਣ ਕਰਕੇ ਤੇ ਮਿਹਨਤ ਨਾਲ ਆਪਣੇ ਬੱਚਿਆਂ ਨੂੰ ਸਿੱਟ ਕੀਤਾ ਤੇ ਅੱਜ ਪਰਿਵਾਰ ਦਾ ਹਰ ਇੱਕ ਨਾਲ ਅੱਛਾ ਰਸੂਖ਼ ਤੇ ਚੰਗਾ ਮਿਲਵਰਤਣ ਹੈ। ਪ੍ਰਮਾਤਮਾ ਸ੍ਰ: ਗੁਰਚਰਨ ਸਿੰਘ ਸੰਧੂ ਦੀ ਹਮੇਸ਼ਾ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸਣ ਇਸ ਮੌਕੇ ਸੰਧੂ ਪਰਿਵਾਰ ਵੱਲੋਂ ਗੁਰੂ ਘਰ ਲਈ 5100 ਰੁਪਏ ਦੀ ਸੇਵਾ ਵੀ ਭੇਟ ਕੀਤੀ। ਇਕੱਤਰ ਸ਼ਖ਼ਸੀਅਤਾਂ ਨੇ ਸੰਧੂ ਪਰਿਵਾਰ ਨਾਲ ਅਫਸੋਸ਼ ਪ੍ਰਗਟ ਕਰਦਿਆਂ ਕਿਹਾ ਵਾਹਿਗੁਰੂ ਹਮੇਸ਼ਾਂ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸੇ, ਇਕੱਤਰ ਗੁਰਸੰਗਤ ਲਈ ਗੁਰੂ ਕੇ ਲੰਗਰ ਅਤੁੱਟ ਵਰਤੇ, ਅੰਤ ਵਿੱਚ ਸ੍ਰ: ਇੰਦਰਜੀਤ ਸਿੰਘ ਸੰਧੂ ਅਤੇ ਸਮੂਹ ਸੰਧੂ ਪਰਿਵਾਰ ਨੇ ਨੇ ਅੰਤਿਮ ਅਰਦਾਸ ਵਿੱਚ ਪੁੱਜੀਆਂ ਸਮੂਹ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਗੁਰੂ ਘਰ ਦੇ ਵਜੀਰ ਭਾਈ ਗੁਰਦੀਪ ਸਿੰਘ ਦੀਪਾ, ਮਰਹੂਮ ਚੇਅਰਮੈਨ ਰਾਜ ਕੁਮਾਰ ਗੋਇਲ ਮੈਮੋਰੀਅਲ ਟਰੱਸਟ ਦੇ ਮੈਂਬਰ ਸਹਿਬਾਨ, ਸ਼ਬਦ ਅਦਬ ਸਹਿਤ ਸਭਾ ਮਾਣੂੰਕੇ, ਸ੍ਰੀ ਜੀਵਨ ਕੁਮਾਰ ਗੋਲਡੀ, ਸਰਪੰਚ ਹਰਪ੍ਰੀਤ ਸਿੰਘ ਹੈਪੀ ਮਾਣੂੰਕੇ, ਬਲਾਕ ਸੰਮਤੀ ਮੈਂਬਰ ਪ੍ਰਮਿੰਦਰ ਸਿੰਘ ਭਾਂਬੜ, ਬਾਈ ਰਛਪਾਲ ਸਿੰਘ ਚਕਰ, ਗਾਇਕ ਮੇਜਰ ਸੰਧੂ, ਜਗਰਾਜ ਸਿੰਘ ਰਾਜਾ ਮਾਣੂੰਕੇ, ਦਲਜੀਤ ਸਿੰਘ ਨੀਟਾ, ਸਤਨਾਮ ਸਿੰਘ ਸੱਤੀ, ਲੱਖੀ ਮਾਣੂੰਕੇ, ਬਲਜੀਤ ਸਿੰਘ ਝੱਲੀ, ਸਾਬਕਾ ਸਰਪੰਚ ਰੇਸ਼ਮ ਸਿੰਘ ਮਾਣੂੰਕੇ, ਪੰਚ ਸਾਧੂ ਸਿੰਘ, ਪਿੰਦਰ ਮਾਣੂੰਕੇ, ਲਾਲੀ ਮਾਣੂੰਕੇ, ਭਪਿੰਦਰ ਸਿੰਘ ਹਠੂਰ, ਇਤਿਹਾਸਕ ਗੁਰਦੁਆਰਾ ਮੈਹਦੇਆਣਾ ਸਾਹਿਬ ਤੋਂ ਸੇਵਾਦਾਰ ਸੈਕਟਰੀ ਗੁਰਮੀਤ ਸਿੰਘ ਲੱਖਾ, ਬਲਬੀਰ ਸਿੰਘ ਲੱਖਾ, ਅਤੇ ਹੋਰ ਸੇਵਾਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜਰ ਸਨ।

### ਐੱਮ ਐੱਲ ਏ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਵੀ ਕੀਤੀ ਸਮਾਗਮ ਵਿੱਚ ਸ਼ਮੂਲੀਅਤ

ਆਵਾਜ਼ਿ ਕੌਮ AWAZE QAUM International Newspaper & WEB TV


ਸਵ:ਸ ਗੁਰਚਰਨ ਸਿੰਘ
1935 - 31/07/2026

### ਢਾਡੀ ਭਾਈ ਬੋਹੜ ਸਿੰਘ ਬਾਰੇ ਕੇ ਨੂੰ

# ਦਮਦਮੀ ਟਕਸਾਲ ਸੇਵਕ ਜੱਥਾ ਧਰਮ ਪ੍ਰਚਾਰ ਜ਼ਿਲ੍ਹਾ ਫ਼ਿਰੋਜ਼ਪੁਰ ਦਾ ਪ੍ਰਧਾਨ ਨਿਯੁਕਤ ਕੀਤਾ

ਫ਼ਿਰੋਜ਼ਪੁਰ, 10 ਅਗਸਤ (ਮਨੋਹਰ ਲਾਲ) :— ਦਮਦਮੀ ਟਕਸਾਲ ਸੇਵਕ ਜਥਾ ਧਰਮ ਪ੍ਰਚਾਰ ਵੱਲੋਂ ਜਥੇਬੰਦੀ ਦੀਆਂ ਗਤੀਵਿਧੀਆਂ ਅਤੇ ਧਰਮ ਪ੍ਰਚਾਰ ਦੇ ਕਾਰਜਾਂ ਵਿੱਚ ਵਾਧਾ ਕਰਦਿਆਂ ਢਾਡੀ ਭਾਈ ਬੋਹੜ ਸਿੰਘ ਬਾਰੇ ਕੇ ਨੂੰ ਜਿਲ੍ਹਾ ਫਿਰੋਜ਼ਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਇਸ ਨਿਯੁਕਤੀ ਮੌਕੇ ਦਮਦਮੀ ਟਕਸਾਲ ਦੇ ਮੁਖੀ ਮਹਾਂਪੁਰਖ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਅਤੇ ਸੰਤ ਸਮਾਜ ਦੀ ਸਰਪ੍ਰਸਤੀ ਹੇਠ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ ਕੀਤਾ ਗਿਆ। ਜਥੇਬੰਦੀ ਵੱਲੋਂ ਧਰਮ ਪ੍ਰਚਾਰ ਦੀਆਂ ਸੇਵਾਵਾਂ ਨੂੰ ਘਰ ਘਰ ਪਹੁੰਚਾਉਣ ਅਤੇ ਸੰਗਤਾਂ ਨੂੰ ਗੁਰਬਾਣੀ ਤੇ ਸਿੱਖ ਇਤਿਹਾਸ ਨਾਲ ਜੋੜਨ ਦੇ ਮਕਸਦ ਨਾਲ ਢਾਡੀ ਭਾਈ ਬੋਹੜ ਸਿੰਘ ਬਾਰੇ ਕੇ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਨਵ ਨਿਯੁਕਤ ਜਿਲ੍ਹਾ ਪ੍ਰਧਾਨ ਢਾਡੀ ਭਾਈ ਬੋਹੜ ਸਿੰਘ ਬਾਰੇ ਕੇ ਨੇ ਸੰਤ ਬਾਬਾ ਹਰਨਾਮ ਸਿੰਘ ਖਾਲਸਾ, ਸੰਤ ਸਮਾਜ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।

# ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਐਸ.ਡੀ.ਐਮ ਦਫਤਰ ਫਿਰੋਜ਼ਪੁਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ



ਫ਼ਿਰੋਜ਼ਪੁਰ, 10 ਅਗਸਤ (ਮਨੋਹਰ ਲਾਲ) :— ਸੰਯੁਕਤ ਕਿਸਾਨ ਮੋਰਚਾ ਜਿਲਾ ਫਿਰੋਜਪੁਰ ਵਿੱਚ ਸ਼ਾਮਿਲ ਜਥੇਬੰਦੀਆਂ ਵੱਲੋਂ ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰੇਗੰਡ ਦੇ ਮੌਕੇ ਐਸ.ਡੀ.ਐਮ ਦਫਤਰ ਫਿਰੋਜਪੁਰ ਦੇ ਬਾਹਰ ਰੋਸ ਪ੍ਰਦਰਸ਼ਨ ਕਰਕੇ ਮੋਟਰਸਾਈਕਲ ਅਤੇ ਗੱਡੀਆਂ ਦੁਆਰਾ ਮਾਰਚ ਕੀਤਾ ਗਿਆ। ਇਸ ਮੌਕੇ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਉੱਪਰ ਚੱਲ ਰਹੀ ਗੱਲਬਾਤ ਤੁਰੰਤ ਬੰਦ ਕੀਤੀ ਜਾਵੇ, ਸੰਸਦ ਵਿੱਚ ਬਿਨਾਂ ਚਰਚਾ ਦੇ ਲਾਗੂ ਕੀਤੇ ਗਏ ਸਾਰੇ ਮੌਜੂਦਾ ਮੁਕਤ ਵਪਾਰ ਸਮਝੌਤੇ ਜੋ ਭਾਰਤੀ ਖੇਤੀਬਾੜੀ ਉਦਯੋਗ ਮਜ਼ਦੂਰਾਂ ਅਤੇ ਰਾਸ਼ਟਰੀ ਹਿੱਤਾਂ ਤੇ ਮਾੜਾ ਪ੍ਰਭਾਵ ਪਾਉਂਦੇ ਹਨ ਰੱਦ ਕੀਤੇ ਜਾਣ, ਕਿਸੇ ਵੀ ਖੇਤੀਬਾੜੀ ਉਪਜ ਦੀ ਖੁੱਲੀ ਦਰਾਮਦ ਦੀ ਇਜਾਜਤ ਨਾ ਦਿੱਤੀ ਜਾਵੇ, ਸਾਰੀਆਂ ਫਸਲਾਂ ਲਈ ਸੀ2®50 ਫੀਸਦੀ ਦੇ ਫਾਰਮੂਲੇ ਤੇ ਘੱਟੋ ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ ਦਿੱਤੀ ਜਾਵੇ ਅਤੇ ਇਸ ਮੁਲਕ ਤੇ ਸਰਕਾਰੀ ਖਰੀਦ ਨੂੰ ਯਕੀਨੀ ਬਣਾਇਆ ਜਾਵੇ, ਦੇਸ਼ ਦੇ ਸਾਰੇ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦਾ ਕਰਜ਼ਾ ਮੁਆਫ ਕੀਤਾ ਜਾਵੇ, ਕਰਜ਼ੇ ਦੇ ਬੋਝ ਨੂੰ ਖਤਮ ਕਰਨ ਅਤੇ ਕਿਸਾਨਾਂ ਮਜ਼ਦੂਰਾਂ ਦੀਆਂ ਖੁਦਕੁਸ਼ੀਆਂ ਰੋਕਣ ਲਈ ਇਹ ਜਰੂਰੀ ਹੈ ਹਰ ਖੁਦਕੁਸ਼ੀ ਪੀੜਤ ਕਿਸਾਨ ਅਤੇ ਮਜ਼ਦੂਰ ਪਰਿਵਾਰ ਨੂੰ 25 ਲੱਖ ਰੁਪਏ ਮੁਆਵਜ਼ਾ ਅਤੇ ਮੁੜ ਵਸੇਬਾ ਪ੍ਰਧਾਨ ਕੀਤਾ ਜਾਵੇ, ਚਾਰੇ ਲੇਬਰ ਕੋਡ ਰੱਦ ਕੀਤੇ ਜਾਣ ਅਤੇ ਸਾਰੇ ਕਾਮਿਆਂ ਲਈ 42 ਹਜਾਰ ਰੁਪਏ ਪ੍ਰਤੀ ਮਹੀਨਾ ਘੱਟੋ ਘੱਟ ਉਜਰਤ ਕਾਨੂੰਨੀ ਤੌਰ ਤੇ ਲਾਗੂ ਕੀਤੀ ਜਾਵੇ, ਮਨਰੇਗਾ ਕਾਨੂੰਨ ਨੂੰ ਬਹਾਲ ਅਤੇ ਮਜਬੂਤ ਕੀਤਾ ਜਾਵੇ, ਸਾਲ ਵਿੱਚ 200 ਦਿਨ ਕੰਮ ਦੀ ਗਰੰਟੀ ਅਤੇ 700 ਰੁਪਏ ਪ੍ਰਤੀ ਦਿਨ ਘੱਟੋ ਘੱਟ ਉਜਰਤ ਯਕੀਨੀ ਬਣਾਈ ਜਾਵੇ, ਬਿਜਲੀ ਸੋਧ ਬਿੱਲ 2025 ਬੀਜ ਬਿੱਲ 2025 ਅਤੇ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਵਿੱਚ ਪ੍ਰਸਤਾਵਿਤ ਸੋਧਾਂ ਤੁਰੰਤ ਵਾਪਸ ਲਈਆਂ ਜਾਣ, ਜਬਰਦਸਤੀ ਜਮੀਨ ਪ੍ਰਾਪਤੀ ਅਤੇ ਕਾਰਪੋਰੇਟ ਸਮਰਥਿਤ ਜਮੀਨ ਪੁਲਿੰਗ ਨੀਤੀ ਰੋਕੀ ਜਾਵੇ, ਜਮੀਨ ਪ੍ਰਾਪਤੀ ਪੁਨਰਵਾਸ ਅਤੇ ਪੁਨਰ ਸਥਾਪਨਾ ਐਕਟ 2013 ਜੰਗਲਾਤ ਅਧਿਕਾਰ ਐਕਟ 2006 ਅਤੇ ਪੰਚਾਇਤ ਐਕਟ 1996 ਨੂੰ ਬਹਾਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ 2025 ਦੇ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਕਿਸਾਨਾਂ ਮਜ਼ਦੂਰਾਂ ਅਤੇ ਕੱਚੀਆਂ ਜਮੀਨਾਂ ਦੇ ਮਾਲਕਾਂ ਨੂੰ ਪੂਰਾ ਮੁਆਵਜ਼ਾ ਦਿੱਤਾ ਜਾਵੇ, ਪੰਜਾਬ ਦੇ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਸਾਫ ਪਾਣੀ ਮੁਹਈਆ ਕਰਵਾਇਆ ਜਾਵੇ, ਦਰਿਆਵਾਂ ਨਹਿਰਾਂ ਵਿੱਚ ਗੰਦਾ ਪਾਣੀ ਪੈਣਾ ਬੰਦ ਕੀਤਾ ਜਾਵੇ ਅਤੇ ਦਰਿਆਵਾਂ ਦੇ ਕਿਨਾਰੇ ਪੱਕੇ ਕੀਤੇ ਜਾਣ, ਭਾਰਤੀ ਖਾਦ ਨਿਗਮ ਨੂੰ ਬਚਾਇਆ ਅਤੇ ਮਜਬੂਤ ਕੀਤਾ ਜਾਵੇ, ਸਾਈਲੋਜ ਦਾ ਨਿੱਜੀਕਰਨ ਰੋਕਿਆ ਜਾਵੇ ਅਤੇ ਐਫ.ਸੀ.ਆਈ ਸਾਈਲੋਜ ਦੇ ਸੰਚਾਲਣ ਵਿੱਚ ਅਡਾਨੀ ਅਤੇ ਲੀਪ ਇੰਡੀਆ ਦੇ ਏਕਾ ਅਧਿਕਾਰ ਨੂੰ ਖਤਮ ਕੀਤਾ ਜਾਵੇ, ਆਤਮ ਨਿਰਭਰ ਐਸ.ਐਮ.ਈ ਸੈਕਟਰ ਖੇਤੀਬਾੜੀ ਫੂਡ ਪ੍ਰੋਸੈਸਿੰਗ ਅਤੇ ਭੋਜਨ ਨਿਰਯਾਤ ਵਿੱਚ ਐਫ.ਡੀ.ਆਈ ਦੀ ਆਗਿਆ ਨਾ ਦਿੱਤੀ ਜਾਵੇ, ਖਾਦਾਂ ਦੀ ਘਾਟ ਅਤੇ ਕਾਲਾ ਬਜਾਰੀ ਖਤਮ ਕੀਤੀ ਜਾਵੇ, ਜ਼ਮੀਨੀ ਰਿਕਾਰਡ ਤੋਂ ਬਿਨਾਂ ਖੁੱਲੇ ਬਾਜ਼ਾਰ ਵਿੱਚ ਖਾਦ ਦੀ ਸਪਲਾਈ ਯਕੀਨੀ ਬਣਾਈ ਜਾਵੇ, ਖਾਦਾਂ ਬਾਲਨ ਪੈਟਰੋਲ ਅਤੇ ਡੀਜ਼ਲ ਤੇ ਸਬਸਿਡੀ ਬਹਾਲ ਕੀਤੀ ਜਾਵੇ, 60 ਸਾਲ ਤੋਂ ਵੱਧ ਉਮਰ ਦੇ ਸਾਰੇ ਵਿਅਕਤੀਆਂ ਨੂੰ 10 ਹਜਾਰ ਰੁਪਏ ਪ੍ਰਤੀ ਮਹੀਨਾ ਸਰਬ ਵਿਆਪੀ ਸਮਾਜਿਕ ਸੁਰੱਖਿਆ ਪੈਨਸ਼ਨ ਦਿੱਤੀ ਜਾਵੇ, ਪਾਰਦਰਸ਼ੀ ਸਮੇਂ ਸਿਰ ਅਤੇ ਲੋੜੀਦੇ ਫੰਡਾਂ ਵਾਲੀ ਹੜ੍ਹ ਅਤੇ ਸੋਕੇ ਦੀ ਰਾਹਤ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੰਗਾਂ ਨੂੰ ਲੈ ਕੇ ਅੱਜ ਫਿਰੋਜਪੁਰ ਐਸ.ਡੀ.ਐਮ ਦਫਤਰ ਬਾਹਰ ਧਰਨਾ ਪ੍ਰਦਰਸ਼ਨ ਕਰਕੇ ਦੇਸ਼ ਦੇ ਮਾਣਯੋਗ ਰਾਸ਼ਟਰਪਤੀ ਸ੍ਰੀਮਤੀ ਦਰੋਮਦੀ ਮੁਰਮੂ ਨੂੰ ਇਕ ਮੰਗ ਪੱਤਰ ਐਸ.ਡੀ.ਐਮ ਫਿਰੋਜਪੁਰ ਰਾਹੀਂ ਭੇਜਿਆ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਤੋਂ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਬਲਕਾਰ ਸਿੰਘ ਜੋਧਪੁਰ, ਹਰਬੰਸ ਸਿੰਘ ਜੋਧਪੁਰ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬੁੱਟਰ ਗਰੁੱਪ ਤੋਂ ਸੂਬਾ ਆਗੂ ਗੁਰਮੀਤ ਸਿੰਘ ਪੋਜੋਕੇ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਕੁਮਾਰ, ਜ਼ਿਲ੍ਹਾ ਪ੍ਰੈਸ ਸਕੱਤਰ ਗੁਰਭੇਜ ਸਿੰਘ ਟਿੱਬੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਤੋਂ ਸੂਬਾ ਮੀਤ ਪ੍ਰਧਾਨ ਅਵਤਾਰ ਸਿੰਘ ਮਹਿਮਾ, ਜਿਲਾ ਆਗੂ ਦਿਲਬਾਗ ਸਿੰਘ ਸੁਰ ਸਿੰਘ ਵਾਲਾ, ਬਲਵੰਤ ਸਿੰਘ ਸ਼ਿਹਜ਼ਾਦੀ, ਜੋਗਿੰਦਰ ਸਿੰਘ ਮੁਦਕੀ, ਅੰਮ੍ਰਿਤ ਪਾਲ ਸਿੰਘ ਕੈਲਾਸ਼, ਨਿਰਮਲ ਸਿੰਘ ਛਿੰਦਰ ਸਰਪੰਚ ਸ਼ਕੂਰ, ਪ੍ਰੀਤਮ ਸਿੰਘ ਚੰਦੜ, ਆਤਮਾ ਸਿੰਘ, ਸ਼ੁਬੇਗ ਸਿੰਘ ਚੰਦੜ, ਸਾਹਿਬ ਸਿੰਘ ਵਾੜਾ ਭਾਈਕਾ, ਭਾਰਤੀ ਕਿਸਾਨ ਯੂਨੀਅਨ ਮਾਨਸਾ ਪੰਜਾਬ ਤੋਂ ਸੂਬਾ ਆਗੂ ਮੇਜਰ ਸਿੰਘ ਰੰਧਾਵਾ ਜਿਲਾ ਪ੍ਰਧਾਨ ਪ੍ਰਕਾਸ਼ ਸਿੰਘ ਕੁਲ ਹਿੰਦ ਕਿਸਾਨ ਸਭਾ ਤੋਂ ਗਿਲਾ ਆਗੂ ਗੁਰਦਿੱਤ ਸਿੰਘ ਗੁਰਚਰਨ ਸਿੰਘ ਕੋਮਲ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਸੇਵਕ ਜਥੇ ਦੇ ਹਰਪਾਲ ਸਿੰਘ ਮੱਲਾਂਵਾਲਾ ਜ਼ਿਲ੍ਹਾ ਫਿਰੋਜ਼ਪੁਰ ਪ੍ਰਧਾਨ ਨਿਯੁਕਤ

ਫ਼ਿਰੋਜ਼ਪੁਰ, 10 ਅਗਸਤ (ਮਨੋਹਰ ਲਾਲ) :— ਦਮਦਮੀ ਟਕਸਾਲ ਵੱਲੋਂ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਨਿਯੁਕਤੀ ਕੀਤੀ ਗਈ ਹੈ, ਜਿਸ ਤਹਿਤ ਹਰਪਾਲ ਸਿੰਘ ਮੱਲਾਂਵਾਲਾ ਨੂੰ ਦਮਦਮੀ ਟਕਸਾਲ ਸੇਵਕ ਜਥੇ ਦਾ ਜ਼ਿਲ੍ਹਾ ਫਿਰੋਜ਼ਪੁਰ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਆਪਣੀ ਇਸ ਨਿਯੁਕਤੀ ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਮੱਲਾਂਵਾਲਾ ਨੇ ਦਮਦਮੀ ਟਕਸਾਲ ਦੇ ਮੁਖੀ ਮਹਾਂਪੁਰਖ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਾ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਨੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਦਾ ਵੀ ਵਿਸ਼ੇਸ਼ ਤੌਰ ਤੇ ਧੰਨਵਾਦ ਪ੍ਰਗਟਾਇਆ। ਇਸ ਮੌਕੇ ਗੱਲਬਾਤ ਕਰਦਿਆਂ ਹਰਪਾਲ ਸਿੰਘ ਮੱਲਾਂਵਾਲਾ ਨੇ ਕਿਹਾ ਕਿ ਮਹਾਂਪੁਰਖਾਂ ਵੱਲੋਂ ਮੈਨੂੰ ਜੋ ਸੇਵਾ ਅਤੇ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਮੈਂ ਪੂਰੀ ਤਨਦੇਹੀ, ਲਗਨ ਅਤੇ ਸ਼ਰਧਾ ਨਾਲ ਨਿਭਾਵਾਂਗਾ। ਉਨ੍ਹਾਂ ਅੱਗੇ ਆਖਿਆ ਕਿ ਟਕਸਾਲ ਦੇ ਕਾਰਜਾਂ ਨੂੰ ਹੋਰ ਅੱਗੇ ਵਧਾਉਣ ਅਤੇ ਸੰਗਠਨ ਨੂੰ ਹੋਰ ਵੀ ਵਿਸ਼ਾਲ ਤੇ ਮਜ਼ਬੂਤ ਕਰਨ ਲਈ ਉਹ ਦਿਨ ਰਾਤ ਇੱਕ ਕਰ ਦੇਣਗੇ। ਇਸ ਨਿਯੁਕਤੀ ਤੋਂ ਬਾਅਦ ਇਲਾਕੇ ਦੀਆਂ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਹਰਪਾਲ ਸਿੰਘ ਮੱਲਾਂਵਾਲਾ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV



ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ

# ਅਮਰੀਕਾ ਦੇ 250ਵੇਂ ਵਿਰਾਸਤੀ ਐਵਾਰਡ ਨਾਲ ਕੀਤਾ ਗਿਆ ਸਨਮਾਨਿਤ


## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਇਹ ਅਵਾਰਡ ਉਨ੍ਹਾਂ ਵੱਲੋਂ ਲੰਮੇ ਸਮੇਂ ਤੋਂ ਧਾਰਮਿਕ ਖੇਤਰ, ਕਮਿਊਨਿਟੀ ਸੇਵਾ ਅਤੇ ਸਿੱਖ ਵਿਰਾਸਤ ਦੇ ਪ੍ਰਚਾਰ-ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਦਿੱਤਾ ਗਿਆ













ਵਾਸ਼ਿੰਗਟਨ ਡੀ.ਸੀ., 10 ਅਗਸਤ (ਆਵਾਜ਼ਿ ਕੌਮ ਬਿਊਰੋ)-ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ,ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਅਮਰੀਕਾ ਦੇ ਵੱਕਾਰੀ 250ਵੇਂ ਵਿਰਾਸਤੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀ.ਸੀ. ਦੇ ਪ੍ਰਸਿੱਧ ਮੇਅਫਲਾਵਰ ਹੋਟਲ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਭਰਵੀਂ ਹਾਜ਼ਰੀ ਵਿੱਚ ਪ੍ਰਦਾਨ ਕੀਤਾ ਗਿਆ। ਸਮਾਗਮ ਵਿੱਚ ਵੱਖ-ਵੱਖ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ, ਕਾਰੋਬਾਰੀ ਆਗੂਆਂ, ਧਾਰਮਿਕ ਅਤੇ ਸਮਾਜਿਕ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ। ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਇਹ ਅਵਾਰਡ ਉਨ੍ਹਾਂ ਵੱਲੋਂ ਲੰਮੇ ਸਮੇਂ ਤੋਂ ਧਾਰਮਿਕ ਖੇਤਰ, ਕਮਿਊਨਿਟੀ ਸੇਵਾ ਅਤੇ ਸਿੱਖ ਵਿਰਾਸਤ ਦੇ ਪ੍ਰਚਾਰ-ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਦਿੱਤਾ ਗਿਆ। ਉਨ੍ਹਾਂ ਵੱਲੋਂ ਗੁਰਮਤਿ ਵਿਚਾਰਧਾਰਾ, ਸਿੱਖੀ ਸਿਧਾਂਤਾਂ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨੂੰ ਦੇਸ਼ ਵਿਦੇਸ਼ ਦੀਆਂ ਸੰਗਤਾਂ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਸ਼ਲਾਘਾ ਕੀਤੀ ਗਈ। ਇਸ ਮੌਕੇ ਜਥੇਦਾਰ ਦਾਦੂਵਾਲ ਨੇ ਸਨਮਾਨ ਲਈ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿੱਖ ਵਿਰਾਸਤ ਸਮੁੱਚੀ ਮਨੁੱਖਤਾ ਨੂੰ ਸੇਵਾ, ਬਰਾਬਰੀ, ਭਾਈਚਾਰੇ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਸਿੱਖੀ ਦੇ ਸਰਬ-ਸਾਂਝੇ ਸੰਦੇਸ਼ ਨੂੰ ਵਿਸ਼ਵ ਪੱਧਰ ’ਤੇ ਹੋਰ ਮਜ਼ਬੂਤੀ ਨਾਲ ਪਹੁੰਚਾਉਣ ਲਈ ਪ੍ਰੇਰਨਾ ਦਿੰਦੇ ਹਨ। ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਮਿਲੇ ਇਸ ਵੱਡੇ ਅੰਤਰਰਾਸ਼ਟਰੀ ਸਨਮਾਨ ’ਤੇ ਅਮਰੀਕਾ ਦੀਆਂ ਵੱਖ-ਵੱਖ ਸਿੱਖ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਧਾਰਮਿਕ ਤੇ ਕਮਿਊਨਿਟੀ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਜਥੇਦਾਰ ਦਾਦੂਵਾਲ ਜੀ ਦੇ ਨਾਲ ਸਿੱਖ ਚਿੰਤਕ ਸਰਦਾਰ ਸੁਰਿੰਦਰ ਸਿੰਘ ਗਿੱਲ ਯੂ ਐਸ ਏ,ਸ੍ਰੀ ਸੁਬੇਗ ਸਿੰਘ ਮੁਲਤਾਨੀ ਨਿਊਯਾਰਕ,ਰਣਜੀਤ ਸਿੰਘ ਸਲਾਹਕਾਰ ਵਰਲਡ ਬੈਂਕ,ਸਤਿੰਦਰ ਸਿੰਘ ਕੰਗ ਵਾਸ਼ਿੰਗਟਨ,ਰਣਜੀਤ ਸਿੰਘ ਰਾਣਾ ਯੂ ਐਸ ਏ ਅਤੇ ਸ੍ਰੀ ਜਸਵਿੰਦਰ ਸਿੰਘ ਔਜਲਾ ਰਾਇਲ ਤਾਜ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਏ.ਆਈ.ਡੀ.ਈ.ਐਫ. ਦੇ ਸੱਦੇ 'ਤੇ ਐਮ.ਈ.ਐਸ. ਵਰਕਰਜ਼ ਯੂਨੀਅਨ ਵੱਲੋਂ

# ਆਲ ਇੰਡੀਆ ਪ੍ਰੋਟੈਸਟ ਡੇਅ ਮਨਾਇਆ







**ਬਠਿੰਡਾ/ਤਲਵੰਡੀ ਸਾਬੋ, 10 ਅਗਸਤ (ਗੁਰਜੰਟ ਸਿੰਘ ਨਥੇਹਾ)-** ਏ.ਆਈ.ਡੀ.ਈ.ਐਫ. ਦੇ ਸੱਦੇ 'ਤੇ ਐਮ.ਈ.ਐਸ. ਵਰਕਰਜ਼ ਯੂਨੀਅਨ ਏਰੀਆ ਕਮੇਟੀ ਅੰਬਾਲਾ, ਵਿਭਾਗ ਬਠਿੰਡਾ ਵੱਲੋਂ ਅੱਜ ਆਲ ਇੰਡੀਆ ਪ੍ਰੋਟੈਸਟ ਡੇਅ ਮੌਕੇ ਗੇਟ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਅਹੁਦੇਦਾਰਾਂ ਅਤੇ ਕਰਮਚਾਰੀਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਸਰਕਾਰ ਵਿਰੁੱਧ ਰੋਸ ਪ੍ਰਗਟਾਇਆ। ਬ੍ਰਾਂਚ ਸਕੱਤਰ ਅਮਲੈਂਦੂ ਪ੍ਰਭਾਕਰ ਨੇ ਸੰਬੋਧਨ ਕਰਦਿਆਂ ਏ.ਆਈ.ਡੀ.ਈ.ਐਫ ਦੀਆਂ ਪ੍ਰਮੁੱਖ ਮੰਗਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮਜ਼ਦੂਰ ਵਿਰੋਧੀ ਕਾਨੂੰਨਾਂ ਨੂੰ ਵਾਪਸ ਲਿਆ ਜਾਵੇ, ਰੱਖਿਆ ਵਿਭਾਗ ਸਮੇਤ ਖਾਲੀ ਪਈਆਂ ਅਸਾਮੀਆਂ ਨੂੰ ਭਰਿਆ ਜਾਵੇ ਅਤੇ ਕੈਜ਼ੂਅਲ ਕਰਮਚਾਰੀਆਂ ਨੂੰ ਨਿਯਮਤ ਕੀਤਾ ਜਾਵੇ। ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਨਿੱਜੀਕਰਨ ਦੀ ਨੀਤੀ 'ਤੇ ਰੋਕ ਲਗਾਉਣ ਅਤੇ 8ਵੇਂ ਤਨਖਾਹ ਕਮਿਸ਼ਨ ਵਿੱਚ ਘੱਟੋ-ਘੱਟ ਤਨਖਾਹ 26,000 ਰੁਪਏ ਅਤੇ 3.83 ਫਿਟਮੈਂਟ ਫੈਕਟਰ ਲਾਗੂ ਕਰਨ ਦੀ ਮੰਗ ਕੀਤੀ ਗਈ। ਬ੍ਰਾਂਚ ਪ੍ਰਧਾਨ ਰਾਜਿੰਦਰ ਕੁਮਾਰ ਨੇ ਸਰਕਾਰ ਦੀਆਂ ਕਰਮਚਾਰੀ ਵਿਰੋਧੀ ਨੀਤੀਆਂ ਦੀ ਆਲੋਚਨਾ ਕਰਦਿਆਂ ਕਿਹਾ ਕਿ ਕਰਮਚਾਰੀਆਂ ਦੇ ਹੱਕਾਂ ਅਤੇ ਅਧਿਕਾਰਾਂ 'ਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯੂਨੀਅਨ ਆਪਣੇ ਹੱਕਾਂ ਦੀ ਰਾਖੀ ਲਈ ਸੰਘਰਸ਼ ਜਾਰੀ ਰੱਖੇਗੀ। ਅੰਤ ਵਿੱਚ ਸੰਗਠਨ ਦੇ ਸਕੱਤਰ ਨੇ ਕਿਹਾ ਕਿ ਜੇਕਰ ਮਜ਼ਦੂਰ ਵਰਗ ਇਕਜੁਟਤਾ ਅਤੇ ਆਪਣੀ ਤਾਕਤ ਨੂੰ ਕਾਇਮ ਰੱਖੇ ਤਾਂ ਆਪਣੇ ਹੱਕ ਪ੍ਰਾਪਤ ਕੀਤੇ ਜਾ ਸਕਦੇ ਹਨ। ਇਸ ਮੌਕੇ ਉਪ ਪ੍ਰਧਾਨ ਸੁਰਿੰਦਰ ਕੁਮਾਰ, ਜੇ.ਸੀ.ਐਮ. ਮੋਨੂੰ ਕੁਮਾਰ, ਖਜ਼ਾਨਚੀ ਅਮਿਤ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਇੰਡਸਟ੍ਰੀਅਲ ਕਰਮਚਾਰੀ ਹਾਜ਼ਰ ਸਨ। ਇਸ ਮੌਕੇ "ਮਜ਼ਦੂਰ ਏਕਤਾ ਜ਼ਿੰਦਾਬਾਦ" ਅਤੇ "ਏ.ਆਈ.ਡੀ.ਈ.ਐਫ. ਜ਼ਿੰਦਾਬਾਦ" ਦੇ ਨਾਅਰੇ ਵੀ ਲਗਾਏ ਗਏ।

### ਪੰਥਕ ਪਾਰਟੀ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ

# ਪੰਥ ਨੂੰ ਢਾਹ ਲਾਉਣ ਵਾਲੀ ਪਾਰਟੀ ਦੇ ਨੁਮਾਇੰਦਿਆ ਦਾ ਸ਼ਾਮਿਲ ਹੋਣਾ ਬਣਿਆ ਚਰਚਾ ਦਾ ਵਿਸ਼ਾ

**ਜੰਡਿਆਲਾ ਗੁਰੂ 10 ਅਗਸਤ ( ਕੁਲਵੰਤ ਸਿੰਘ ਵਿਰਦੀ )**-ਕੁਝ ਸਮਾਂ ਪਹਿਲਾਂ ਹੀ ਹੋਂਦ ਵਿੱਚ ਆਈ ਪਾਰਟੀ, ਜੋ ਕਿ ਅੱਜ ਕੱਲ ਪੰਥਕ ਪਾਰਟੀ ਦੇ ਨਾਮ ਵਜੋਂ ਵੀ ਜਾਣੀ ਜਾਂਦੀ ਹੈ।, ਇਸ ਦਾ ਕਿ ਪੂਰੇ ਪੰਜਾਬ ਵਿੱਚ ਵੱਡੀ ਪੱਧਰ ਤੇ ਇੱਕ ਸੰਗਠਨ ਬਣ ਚੁੱਕਾ ਹੈ।, ਅਤੇ ਬਹੁਤ ਹੀ ਵੱਡੀ ਗਿਣਤੀ ਵਿੱਚ ਲੋਕ ਆਪਣੀਆਂ ਪਾਰਟੀਆਂ ਛੱਡ ਕੇ ਇਸ ਪੰਥਕ ਪਾਰਟੀ ਵਿੱਚ ਧੜਾਧੜ ਸ਼ਾਮਿਲ ਹੋ ਰਹੇ ਹਨ।, ਇਹ ਪਾਰਟੀ ਵਿੱਚ ਕੁਝ ਲੀਡਰ ਤਾਂ ਟਿਕਟ ਦੀ ਦਾਅਵੇਦਾਰੀ ਦੀ ਖਾਤਰ ਸ਼ਾਮਿਲ ਹੋ ਰਹੇ ਹਨ ਅਤੇ ਕੁਝ ਜਜ਼ਬਾਤੀ ਹੋ ਕੇ ਪੰਥਕ ਪਾਰਟੀ ਦੀਆਂ ਗਤੀਵਿਧੀਆਂ ਤੋਂ ਪ੍ਰੇਰਿਤ ਹੋ ਕੇ ਪਾਰਟੀ ਨਾਲ ਜੁੜ ਰਹੇ ਹਨ।, ਇਸ ਪਾਰਟੀ ਵਿੱਚ ਕੁਝ ਅਜਿਹੇ ਨੁਮਾਇਦੇ ਵੀ ਆ ਰਹੇ ਜੋ ਕਿ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਪਾਰਟੀ ਵਿੱਚ ਸੇਵਾਵਾਂ ਨਿਭਾ ਚੁੱਕੇ ਹਨ।, ਅਤੇ ਹੋਰ ਵੀ ਅਨੇਕਾਂ ਪਾਰਟੀਆਂ ਦੀ ਸੱਤਾ ਵਿੱਚ ਆਪਣਾ ਨਿੱਘ ਮਾਣ ਚੁੱਕੇ ਹਨ।, ਅਕਸਰ ਜੇਕਰ ਗੱਲ ਕੀਤੀ ਜਾਵੇ ਤਾਂ ਇਹ ਨੁਮਾਇੰਦੇ ਜੇਕਰ ਉਸ ਪਾਰਟੀ ਵਿੱਚ ਰਹਿ ਕੇ ਸੱਤਾ ਦਾ ਨਿਘ ਮਾਨਣ ਤੋਂ ਬਾਅਦ ਵੀ ਉਸ ਪਾਰਟੀ ਦੇ ਨਹੀਂ ਬਣੇ ਤਾਂ ਇਸ ਪਾਰਟੀ ਵਿੱਚ ਸ਼ਾਮਲ ਹੋ ਕੇ ਪਾਰਟੀ ਪ੍ਰਤੀ ਕਿੰਨੀ ਕ ਤਨਦੇਹੀ ਨਾਲ ਵਰਕ ਕਰਨਗੇ, ਜੇਕਰ ਵੋਟਾਂ ਦੀ ਗੱਲ ਕਰੀਏ ਤਾਂ ਵਿਧਾਨ ਸਭਾ ਦੀਆਂ ਚੋਣਾਂ ਦਾ ਸਮਾਂ ਜਿਉਂ ਜਿਉਂ ਹੀ ਨੇੜੇ ਆ ਰਿਹਾ ਹੈ ਲੋਕ ਧੜਾ ਧੜ ਪਾਰਟੀਆਂ ਬਦਲ ਰਹੇ ਹਨ ਅਤੇ ਜਿਆਦਾਤਰ ਲੋਕ ਵਿਰੋਧੀ ਪਾਰਟੀਆਂ ਦੇ ਹੀ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਵਿੱਚ ਸ਼ਾਮਿਲ ਹੋ ਰਹੇ ਹਨ।, ਇਸੇ ਹੀ ਦੌਰ ਦੇ ਚਲਦਿਆਂ ਜੇਕਰ ਜੰਡਿਆਲਾ ਗੁਰੂ ਹਲਕੇ ਦੀ ਗੱਲ ਕੀਤੀ ਜਾਵੇ ਤਾਂ ਜੰਡਿਆਲਾ ਗੁਰੂ ਹਲਕੇ ਦੇ ਵਿੱਚ, ਕੁਝ ਅਜਿਹੇ ਨੁਮਾਇੰਦੇ ਵੀ ਇਸ ਪਾਰਟੀ ਵਿੱਚ ਸ਼ਾਮਿਲ ਹੋਏ ਹਨ ਜਿਨਾਂ ਨੇ ਪਹਿਲੀਆਂ ਸਾਰੀਆਂ ਹੀ ਪਾਰਟੀਆਂ ਵਿਚ ਰਹਿ ਕੇ ਸੱਤਾ ਦਾ ਨਿੱਘ ਮਾਨਿਆ ਹੈ, ਅਜਿਹੇ ਨੁਮਾਇੰਦਿਆਂ ਦੀ ਪਾਰਟੀ ਵਿੱਚ ਸ਼ਮੂਲੀਅਤ ਕਰਨ ਤੇ ਹਲਕਾ ਜੰਡਿਆਲਾ ਗੁਰੂ ਵਿੱਚ ਲੋਕਾਂ ਵਿੱਚ ਆਮ ਹੀ ਇਸ ਗੱਲ ਦੀ ਚਰਚਾ ਛਿੜੀ ਹੋਈ ਹੈ ਕੇ ਵਿਰੋਧੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਪੰਥਕ ਪਾਰਟੀ ਵਿੱਚ ਸ਼ਾਮਿਲ ਕਰਨ ਦੇ ਨਾਲ ਪਾਰਟੀ ਦਾ ਪਤਾ ਨਹੀਂ ਨੁਕਸਾਨ ਹੋਵੇਗਾ ਜਾਂ ਫਾਇਦਾ, ਕਿਉਂਕਿ ਇੱਕ ਪਾਸੇ ਤਾਂ ਇਹ ਪਾਰਟੀ ਆਪਣੇ ਆਪ ਨੂੰ ਪੰਥਕ ਪਾਰਟੀ ਅਖਵਾ ਰਹੀ ਹੈ। ਅਤੇ ਅਕਾਲੀ ਦਲ ਬਾਦਲ ਨੂੰ ਕਹਿ ਰਹੇ ਹਨ ਕਿ ਪੰਥ ਨੂੰ ਇਸ ਪਾਰਟੀ ਨੇ ਰੱਜ ਕੇ ਢਾਹ ਲਾਈ ਹੈ।, ਜੇਕਰ ਇਸ ਪਾਰਟੀ ਨੂੰ ਪਤਾ ਹੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਪਾਰਟੀ ਬਾਦਲ ਨੇ ਪੰਥ ਨੂੰ ਢਾਹ ਲਾਈ ਹੈ ਤਾਂ ਉਸ ਪਾਰਟੀ ਵਿੱਚੋਂ ਨਿਕਲ ਕੇ ਆ ਰਹੇ ਨੁਮਾਇੰਦਿਆਂ ਨੂੰ ਆਪਣੀ ਪਾਰਟੀ ਵਿੱਚ ਉੱਚ ਦਰਜਾ ਦੇਣਾ ਕਿੰਨੀ ਕੋ ਵਧੀਆ ਕਾਰਗੁਜ਼ਾਰੀ ਹੈ। ਲੋਕਾਂ ਵਿੱਚ ਇਹ ਚਰਚਾ ਆਮ ਹੀ ਵੇਖਣ ਨੂੰ ਮਿਲ ਰਹੀ ਹੈ ਕਿ ਲੋਕ ਆਖ ਰਹੇ ਹਨ ਕਿ ਜੇਕਰ ਇਨਾ ਸਮਾਂ ਪਾਰਟੀ ਵਿੱਚ ਰਹਿ ਕੇ ਵੀ ਜੇ ਉਸ ਪਾਰਟੀ ਦੇ ਨਹੀਂ ਬਣੇ ਤਾਂ ਇਸ ਪਾਰਟੀ ਦੇ ਕਿਵੇਂ ਬਣਨਗੇ ਹੁਣ ਆਉਣ ਵਾਲੇ ਸਮੇਂ ਵਿੱਚ ਵੇਖਣਾ ਇਹ ਹੋਵੇਗਾ ਕਿ ਦੂਜੀਆਂ ਪਾਰਟੀਆਂ ਤੋਂ ਇਸ ਪਾਰਟੀ ਵਿੱਚ ਸ਼ਮੂਲੀਅਤ ਕਰਨ ਵਾਲੇ ਨੁਮਾਇੰਦਿਆਂ ਦੇ ਕਾਰਨ ਇਹ ਪਾਰਟੀ ਨੂੰ ਫਾਇਦਾ ਹੋਏਗਾ ਜਾਂ ਨੁਕਸਾਨ, ਕਿਉਂਕਿ ਬੀਤੇ ਦਿਨ ਬਾਪੂ ਤਰਸੇਮ ਸਿੰਘ ਵੱਲੋਂ ਚਰਨਜੀਤ ਸਿੰਘ ਚੰਨੀ ਸਾਬਕਾ ਮੁੱਖ ਮੰਤਰੀ ਕਾਂਗਰਸ ਪਾਰਟੀ ਬਾਰੇ ਦਿੱਤੇ ਬਿਆਨ ਨਾਲ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਕਿ ਕੀ ਵਾਰਸ ਪੰਜਾਬ ਦੇ ਜਥੇਬੰਦੀ ਜੋ ਪੰਜਾਬ ਵਾਸੀਆਂ ਨੂੰ ਪੰਥਕ ਹੋਣ ਦਾ ਦਾਅਵਾ ਪੇਸ ਕਰ ਰਹੀ ਹੈ ਅਤੇ ਕਾਂਗਰਸ ਪਾਰਟੀ ਦੇ ਨੁਮਾਇੰਦਿਆ ਨੂੰ ਆਪਣੀ ਪਾਰਟੀ ਵਿੱਚ ਸ਼ਾਮਲ ਕਰਨ ਲਈ ਬਿਆਨ ਦੇ ਰਹੀ ਹੈ ਕਿਉਂਕਿ ਇਹ ਉਹ ਕਾਂਗਰਸ ਪਾਰਟੀ ਹੈ ਜਿਸ ਨੇ ਸਿੱਖਾਂ ਦੇ ਸਚਖੰਡ ਸ੍ਰੀ ਦਰਬਾਰ ਸਾਹਿਬ ਤੇ ਸ੍ਰੀ ਅਕਾਲ ਤਖਤ ਸਾਹਿਬ ਜੀ ਤੇ ਟੈਕਾਂ ਤੋਪਾਂ ਨਾਲ ਹਮਲਾ ਕੀਤਾ ਅਤੇ ਸੈਂਕੜੇ ਬੇਕਸੂਰ ਸਿੰਘਾਂ ਸਿੰਘਣੀਆਂ ਦੁੱਧ ਚੁੰਘਦੇ ਦੇ ਬੱਚਿਆ ਨੂੰ ਸਹੀਦ ਕੀਤਾ ਪਰ ਵਾਰਿਸ ਪੰਜਾਬ ਦੇ ਇਸ ਪਾਰਟੀ ਦੇ ਨੁਮਾਇੰਦੇ ਨੂੰ ਪਾਰਟੀ ਚ ਸ਼ਾਮਿਲ ਕਰਨਾ ਚਾਹੁੰਦੇ ਹਨ ਜੋ ਚਿੰਤਾ ਦਾ ਵਿਸ਼ਾ ਵੀ ਕਿਹਾ ਜਾ ਸਕਦਾ ਹੈ ! ਕਿ ਕੀ ਵਾਰਿਸ ਪੰਜਾਬ ਦੇ ਦੂਸਰੀਆਂ ਸਿਆਸੀ ਪਾਰਟੀਆਂ ਤੋਂ ਨਰਾਜ ਆਗੂਆਂ ਤੇ ਭਰੋਸਾ ਟਿਕਾਉਦੇ ਹਨ ਇਸ ਸਬੰਧੀ ਬਾਪੂ ਤਰਸੇਮ ਸਿੰਘ ਜੀ ਨਾਲ ਗੱਲ ਕਰਨੀ ਚਾਹੀ ਤਾਂ ਉਹਨਾਂ ਫੋਨ ਨਹੀਂ ਚੁੱਕਿਆ, ਇਸ ਸਬੰਧੀ ਹਲਕਾ ਜੰਡਿਆਲਾ ਗੁਰੂ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਨਾਲ ਫੋਨ ਤੇ ਗੱਲਬਾਤ ਕੀਤੀ ਗਈ ਤਾਂ ਉਨਾਂ ਨੇ ਕਿਹਾ ਕਿ ਜਿਸ ਪਾਰਟੀ ਦੀ ਜੜ ਮਜਬੂਤ ਹੁੰਦੀ ਹੈ ਉਹੀ ਪਾਰਟੀ ਕਾਮਯਾਬ ਹੁੰਦੀ ਹੈ। ਉਹਨਾਂ ਕਿਹਾ ਕਿ ਬਾਕੀ ਕਿਸੇ ਵੀ ਪਾਰਟੀ ਦਾ ਕੋਈ ਵਜੂਦ ਨਹੀਂ ਰਿਹਾ ।, ਪਰ ਅਕਾਲੀ ਦਲ ਵਾਰਸ ਪੰਜਾਬ ਦੀ ਜਥੇਬੰਦੀ ਦੀ ਜੜ ਬਿਲਕੁਲ ਮਜਬੂਤ ਹੈ ਅਤੇ ਉਹ ਲੋਕਾਂ ਨੂੰ ਪਤਾ ਹੀ ਹੈ।, ਬਾਕੀ ਧੜਾਧੜ ਸ਼ਾਮਿਲ ਹੋ ਰਹੇ ਨੁਮਾਇੰਦਿਆਂ ਬਾਰੇ ਗੱਲ ਕੀਤੀ ਤਾਂ ਉਹਨਾਂ ਨੇ ਕਿਹਾ ਕਿ ਇਸ ਨਾਲ ਪਾਰਟੀ ਨੂੰ ਨੁਕਸਾਨ ਹੋਵੇਗਾ ਜਾਂ ਫਾਇਦਾ,ਇਸ ਬਾਰੇ ਕੁਝ ਵੀ ਨਹੀਂ ਕਿਹਾ ਜਾ ਸਕਦਾ !

**ਪੰਥਕ ਪਾਰਟੀ ਚ ਕਾਂਗਰਸ ਪਾਰਟੀ ਦੇ ਨੁਮਾਇੰਦਿਆ ਦੀ ਸਮੂਲੀਅਤ ਦੀਆਂ ਚਰਚਾਵਾਂ ਨਾਲ ਬਜਾਰ ਗਰਮ**

# ਪਿੰਡ ਜੱਜਲ ਤੋਂ ਸਰਪੰਚ ਮਲਕੀਤ ਸਿੰਘ, ਨਵਜੋਤ ਸਿੰਘ ਗੁਣੀ ਦੀ ਹਾਜ਼ਰੀ ਵਿੱਚ ਹੋਏ ਬੀਜੇਪੀ 'ਚ ਸ਼ਾਮਿਲ



**ਤਲਵੰਡੀ ਸਾਬੋ, 10 ਅਗਸਤ (ਗੁਰਜੰਟ ਸਿੰਘ ਨਥੇਹਾ)-** ਹਲਕਾ ਤਲਵੰਡੀ ਸਾਬੋ ਤੋਂ ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਨਵਜੋਤ ਸਿੰਘ ਗੁਣੀ ਗਾਟਵਾਲੀ ਦੀ ਹਾਜ਼ਰੀ ਵਿੱਚ ਪਿੰਡ ਜੱਜਲ ਸਰਪੰਚ ਮਲਕੀਤ ਸਿੰਘ ਆਪਣੇ ਸਾਥੀਆਂ ਸਮੇਤ ਬੀਜੇਪੀ ਵਿੱਚ ਸ਼ਾਮਿਲ ਹੋ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਤਲਵੰਡੀ ਸਾਬੋ ਤੋਂ ਮੁੱਖ ਸੇਵਾਦਾਰ ਭਾਰਤੀ ਜਨਤਾ ਪਾਰਟੀ ਦੇ ਨਵਜੋਤ ਸਿੰਘ ਗੁਣੀ ਨੇ ਕਿਹਾ ਕਿ ਮੈਂ ਪਿੰਡ ਗਾਟਵਾਲੀ ਦਾ ਜੰਮਪਲ ਹਾਂ ਹਲਕੇ ਦੇ ਲੋਕਾਂ ਨੂੰ ਕਦੇ ਵੀ ਇਕੱਲਾ ਨਹੀਂ ਛੱਡ ਸਕਦਾ।ਮੈਂ ਪਾਰਟੀ ਵਿੱਚ ਆਉਣ ਤੇ ਇਹਨਾਂ ਪਰਿਵਾਰਾਂ ਦਾ ਬਹੁਤ ਬਹੁਤ ਧੰਨਵਾਦ ਕਰਦਾ ਹਾਂ ਅਤੇ ਮੈਂ ਇਹਨਾਂ ਨੂੰ ਯਕੀਨ ਦਵਾਉਂਦਾ ਹਾਂ ਕਿ ਪਾਰਟੀ ਵੱਲੋਂ ਪੂਰਾ ਮਾਣ ਸਨਮਾਣ ਦਿੱਤਾ ਜਾਵੇਗਾ ਅਤੇ ਇਹਨਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕੀਤੇ ਜਾਣਗੇ। ਉਹਨਾਂ ਕਿਹਾ ਕਿ ਬੀਜੇਪੀ ਦੀ ਕੇਂਦਰ ਵਿੱਚ ਸਰਕਾਰ ਜੋ ਵੀ ਲੋਕਾਂ ਨਾਲ ਵਾਅਦੇ ਕੀਤੇ ਹਨ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਹ ਹਰੇਕ ਵਾਅਦਾ ਪੂਰਾ ਕਰਦੇ ਹਨ ਅਤੇ ਹਰੇਕ ਕੰਮ ਇਮਾਨਦਾਰੀ ਨਾਲ ਕਰਦੇ ਹਨ ਅਤੇ ਇਸੇ ਕਰਕੇ ਇਸ ਵਾਰ 2027 'ਚ ਪੰਜਾਬ ਵਿੱਚ ਬੀਜੇਪੀ ਦੀ ਸਰਕਾਰ ਬਣੇਗੀ।

# ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸ਼ਹੀਦ ਪਰਿਵਾਰਾਂ ਦੇ ਸਨਮਾਨ ਨੂੰ ਮੁੱਖ ਰੱਖਦਿਆਂ 2027 ਲਈ ਐਲਾਨਿਆ ਪਹਿਲਾ ਉਮੀਦਵਾਰ

## ਸ਼ਹੀਦ ਭਾਈ ਕੇਹਰ ਸਿੰਘ ਦੇ ਸਪੁੱਤਰ ਭਾਈ ਸਤਵੰਤ ਸਿੰਘ ਹੋਣਗੇ ਬੱਸੀ ਪਠਾਣਾਂ ਤੋਂ ਉਮੀਦਵਾਰ : ਬਾਪੂ ਤਰਸੇਮ ਸਿੰਘ



ਅੰਮ੍ਰਿਤਸਰ, 10 ਅਗਸਤ (ਆਵਾਜ਼ਿ ਕੌਮ ਬਿਊਰੋ)-ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਿਖੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਜੀ ਅਤੇ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖਾਲਸਾ ਜੀ ਦੀ ਅਗਵਾਈ ਵਿੱਚ ਹੋਈ ਪ੍ਰੈਸ ਕਾਨਫਰੰਸ ਦੌਰਾਨ ਪਾਰਟੀ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੀ ਪਹਿਲੀ ਟਿਕਟ ਦਾ ਐਲਾਨ ਕੀਤਾ ਗਿਆ। ਇਸ ਮੌਕੇ ਪਾਰਟੀ ਵੱਲੋਂ ਸ਼ਹੀਦ ਭਾਈ ਕੇਹਰ ਸਿੰਘ ਜੀ ਦੇ ਸਪੁੱਤਰ ਭਾਈ ਸਤਵੰਤ ਸਿੰਘ ਜੀ ਨੂੰ ਬੱਸੀ ਪਠਾਣਾਂ ਤੋਂ ਆਪਣਾ ਉਮੀਦਵਾਰ ਐਲਾਨਿਆ ਗਿਆ ਅਤੇ ਇਸ ਮੌਕੇ ਮੁੱਖ ਤੌਰ ਤੇ ਸ਼ਹੀਦ ਭਾਈ ਕੇਹਰ ਸਿੰਘ ਜੀ ਦੇ ਵੱਡੇ ਸਪੁੱਤਰ ਭਾਈ ਰਜਿੰਦਰ ਸਿੰਘ ਜੀ, ਉਹਨਾਂ ਦੇ ਪੋਤਰੇ ਭਾਈ ਪੁਰੂ ਰਾਜ ਸਿੰਘ ਜੀ, ਭਾਈ ਸੁਖਵਿੰਦਰ ਸਿੰਘ ਅਗਵਾਨ, ਸ੍ਰ.ਪ੍ਰਗਟ ਸਿੰਘ ਅਤੇ ਭਾਈ ਅਮਰਜੀਤ ਸਿੰਘ ਵੰਨਚਿੜੀ ਵੀ ਮੌਜੂਦ। ਬਾਪੂ ਤਰਸੇਮ ਸਿੰਘ ਜੀ ਨੇ ਪ੍ਰੈਸ ਨੂਰ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਿਆਸਤ ਸਿਰਫ਼ ਸੱਤਾ ਪ੍ਰਾਪਤੀ ਤੱਕ ਸੀਮਤ ਨਹੀਂ, ਸਗੋਂ ਪੰਥਕ ਸਿਧਾਂਤਾਂ, ਪੰਜਾਬ ਦੇ ਹੱਕਾਂ ਅਤੇ ਕੌਮ ਲਈ ਕੁਰਬਾਨੀਆਂ ਕਰਨ ਵਾਲੇ ਪਰਿਵਾਰਾਂ ਦੇ ਮਾਣ-ਸਤਿਕਾਰ ਨੂੰ ਅੱਗੇ ਲੈ ਕੇ ਚੱਲਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਕੁਝ ਲੋਕਾਂ ਵੱਲੋਂ ਇਹ ਕਿਹਾ ਜਾ ਰਿਹਾ ਸੀ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਪੰਥ ਅਤੇ ਕੌਮ ਲਈ ਕੁਰਬਾਨੀਆਂ ਕਰਨ ਵਾਲੇ ਪਰਿਵਾਰਾਂ ਨੂੰ ਦਰਕਿਨਾਰ ਕੀਤਾ ਜਾ ਰਿਹਾ ਹੈ ਸੋ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਸ਼ਹੀਦ ਪਰਿਵਾਰ ਵਿੱਚੋਂ ਪਹਿਲੀ ਉਮੀਦਵਾਰੀ ਦਾ ਐਲਾਨ ਕਰਕੇ ਇਸ ਧਾਰਨਾ ਨੂੰ ਮੁੱਢੋਂ ਹੀ ਰੱਦ ਕਰ ਦਿੱਤਾ ਹੈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ਼ਹੀਦ ਪਰਿਵਾਰਾਂ ਦਾ ਸਤਿਕਾਰ ਸਿਰਫ਼ ਬਿਆਨਾਂ ਤੱਕ ਸੀਮਤ ਨਹੀਂ, ਬਲਕਿ ਪਾਰਟੀ ਦੀਆਂ ਜ਼ਿੰਮੇਵਾਰੀਆਂ ਵਿੱਚ ਵੀ ਉਨ੍ਹਾਂ ਨੂੰ ਬਣਦਾ ਸਥਾਨ ਦਿੱਤਾ ਜਾ ਰਿਹਾ ਹੈ। ਇਸੇ ਤਹਿਤ ਸ਼ਹੀਦ ਭਾਈ ਸਤਵੰਤ ਸਿੰਘ ਜੀ ਦੇ ਪਰਿਵਾਰ ਵਿੱਚੋਂ ਉਨ੍ਹਾਂ ਦੇ ਭਤੀਜੇ ਭਾਈ ਸੁਖਵਿੰਦਰ ਸਿੰਘ ਅਗਵਾਨ ਜੀ ਨੂੰ ਪਾਰਟੀ ਦੇ ਪਾਰਲੀਮਾਨੀ ਬੋਰਡ ਦਾ ਮੈਂਬਰ ਬਣਾਕੇ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੀ ਰਾਜਨੀਤੀ ਵਿੱਚ ਪੰਥਕ ਸਿਧਾਂਤਾਂ, ਪੰਜਾਬ ਦੇ ਹੱਕਾਂ, ਸ਼ਹੀਦ ਪਰਿਵਾਰਾਂ ਦੇ ਸਨਮਾਨ ਅਤੇ ਪੰਜਾਬ ਦੇ ਭਵਿੱਖ ਨੂੰ ਕੇਂਦਰ ਵਿੱਚ ਰੱਖ ਕੇ ਆਪਣੀ ਸਿਆਸੀ ਲੜਾਈ ਜਾਰੀ ਰੱਖੇਗਾ। ਇਸ ਮੌਕੇ ਤੇ ਚਾਚਾ ਪਲਵਿੰਦਰ ਸਿੰਘ, ਭਾਈ ਮਹਾਂਵੀਰ ਸਿੰਘ, ਭਾਈ ਜਸਕਰਨ ਸਿੰਘ ਰਿਆੜ, ਭਾਈ ਅਮਨਦੀਪ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਰਜਿੰਦਰ ਸਿੰਘ ਧਾਲੀਵਾਲ, ਭਾਈ ਜਰਮਨਦੀਪ ਸਿੰਘ, ਜਰਮਨਜੀਤ ਸਿੰਘ ਅਤੇ ਭਾਈ ਅੰਮ੍ਰਿਤਪਾਲ ਸਿੰਘ ਮੈੜਾ ਹਾਜ਼ਰ ਆਗੂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਹਾਜਰ ਸਨ।



ਭਗੌੜਾ ਦਲ ਆਪਣੀ ਸਮਝੌਤੇ ਦੀ ਗੱਲਬਾਤ ਦੌਰਾਨ

# ਇਕ ਵੀ ਪੰਜਾਬ ਪੱਖੀ ਮੰਗ ਨਹੀਂ ਰੱਖ ਸਕਿਆ- ਸ ਗੁਰਜੀਤ ਸਿੰਘ ਤਲਵੰਡੀ







**ਚੰਡੀਗੜ੍ਹ-: 10 ਅਗਸਤ (ਆਵਾਜ਼ਿ ਕੌਮ ਬਿਊਰੋ)-** ਯੂਥ ਅਕਾਲੀ ਦਲ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੋਸ਼ ਲਗਾਇਆ ਕਿ ਭਗੌੜਾ ਦਲ ਦੇ ਪ੍ਰਧਾਨ ਦੀ ਪ੍ਰਧਾਨ ਮੰਤਰੀ ਨਾਲ ਹੋਈ ਮੀਟਿੰਗ ਤੋਂ ਬਾਦ ਉਹਨਾਂ ਵੱਲੋਂ ਇਹ ਸ਼ੋਰ ਮਚਾਇਆ ਗਿਆ ਸੀ ਕਿ ਸਾਡਾ ਬੀਜੇਪੀ ਨਾਲ ਗਠਜੋੜ ਹੋਣ ਜਾ ਰਿਹਾ ਹੈ, ਜਿਸ ਬਾਰੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ ਨਾਇਬ ਸਿੰਘ ਸੈਣੀ ਨੇ ਇਹ ਬਿਆਨ ਦੇ ਕੇ ਇਹਨਾਂ ਦੀ ਫੂਕ ਕੱਢ ਦਿੱਤੀ ਹੈ ਕਿ ਪੰਜਾਬ ਵਿੱਚ ਬੀਜੇਪੀ ਇਕੱਲੇ ਹੀ ਚੋਣ ਲੜੇਗੀ। ਸ ਤਲਵੰਡੀ ਨੇ ਕਿਹਾ ਕਿ ਕੇਂਦਰ ਨਾਲ ਮੁਲਾਕਾਤ ਵੇਲੇ ਸੁਖਬੀਰ ਬਾਦਲ ਕੋਲ ਵਧੀਆ ਮੌਕਾ ਸੀ ਕਿ ਉਹ ਪੰਜਾਬ ਦੇ ਪਾਣੀਆ ਦਾ, ਚੰਡੀਗੜ੍ਹ ਅਤੇ ਬੰਦੀ ਸਿੰਘਾਂ ਦਾ ਮਾਮਲਾ ਪ੍ਰਧਾਨ ਮੰਤਰੀ ਕੋਲ ਉਠਾ ਸਕਦੇ ਸਨ ਪਰ ਉਹਨਾਂ ਨੇ ਇਹ ਸੁਨਹਿਰੀ ਮੌਕਾ ਗਵਾ ਲਿਆ। ਸ ਤਲਵੰਡੀ ਨੇ ਇਲਜ਼ਾਮ ਲਗਾਉਂਦਿਆ ਕਿਹਾ ਕਿ ਭਗੌੜਾ ਦਲ ਦਾ ਪ੍ਰਧਾਨ ਜੋ ਆਪਣੇ ਤਾਕਤ 'ਚ ਹੁੰਦਿਆਂ ਇਹਨਾਂ ਬੰਦੀ ਸਿੰਘਾਂ ਨੂੰ ਆਈ ਐਸ ਆਈ ਦੇ ਏਜੰਟ ਅਤੇ ਕਾਤਲ ਦੱਸਦਾ ਸੀ, ਉਹ ਇਹਨਾਂ ਸਿੰਘਾਂ ਦੀ ਰਿਹਾਈ ਵਾਸਤੇ ਯਤਨ ਕਿਉਂ ਕਰੇਗਾ ? ਸ ਤਲਵੰਡੀ ਨੇ ਯਾਦ ਕਰਾਇਆ ਕਿ ਜਦੋਂ ਭਾਈ ਦਵਿੰਦਰਪਾਲ ਸਿੰਘ ਭੁੱਲਰ ਨੂੰ ਬੀਮਾਰੀ ਕਾਰਨ ਪੰਜਾਬ ਦੀ ਜੇਲ੍ਹ ਵਿੱਚ ਸ਼ਿਫਟ ਕਰਨ ਬਾਰੇ ਐਡਵੋਕੇਟ ਨਵਕਿਰਨ ਸਿੰਘ ਨੇ ਅਪੀਲ ਪਾਈ ਸੀ ਤਾਂ ਪੰਜਾਬ ਦੇ ਗ੍ਰਹਿ ਮੰਤਰੀ ਵਜੋਂ ਸੁਖਬੀਰ ਸਿੰਘ ਬਾਦਲ ਨੇ ਐਫੀਡੈਵਿਟ ਦਿੱਤਾ ਸੀ ਕਿ ਭਾਈ ਭੁੱਲਰ ਨੂੰ ਪੰਜਾਬ ਲਿਆਉਣ ਨਾਲ ਪੰਜਾਬ ਦੇ ਹਲਾਤ ਖਰਾਬ ਹੋ ਸਕਦੇ ਹਨ। ਆਪਣੇ ਫਾਇਦੇ ਲਈ ਬਾਦ ਵਿੱਚ ਲੋਕ ਸਭਾ ਦੇ ਬਾਹਰ ਇਹ ਬੰਦੀ ਸਿੰਘਾਂ ਦੀ ਰਿਹਾਈ ਲਈ ਗਾਣੇ ਵੀ ਗਾਉਂਦੇ ਰਹੇ ਹਨ। ਸ ਤਲਵੰਡੀ ਨੇ ਭਾਈ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਬਾਰੇ ਚਲ ਰਹੀ ਕਾਰਵਾਈ ਦਾ ਸਵਾਗਤ ਕਰਦਿਆਂ ਦੱਸਿਆ ਕਿ ਗਿਆਨੀ ਹਰਪ੍ਰੀਤ ਸਿੰਘ ਨੇ ਕੇਂਦਰੀ ਗ੍ਰਹਿ ਮੰਤਰੀ ਨੂੰ ਇਕ ਚਿੱਠੀ ਲਿਖ ਕੇ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਭਾਈ ਹਵਾਰਾ ਦੀ ਪੈਰੋਲ ਵਾਸਤੇ ਰਾਜਪਾਲ ਰਾਹੀਂ ਸਿਫਾਰਸ਼ ਕੀਤੀ ਹੈ।

## ਕਈ ਯੂਥ ਆਗੂਆਂ ਨੂੰ ਪਾਰਟੀ ਵਿੱਚ ਕਰਾਇਆ ਗਿਆ ਸ਼ਾਮਲ

ਸ ਤਲਵੰਡੀ ਨੇ ਗਿਆਨੀ ਹਰਪ੍ਰੀਤ ਸਿੰਘ ਹੁਰਾਂ ਵੱਲੋਂ ਸ੍ਰੀ ਅਮਿਤ ਸ਼ਾਹ ਦੇ ਨਾਂ ਲਿਖੀ ਗਈ ਚਿੱਠੀ ਵੀ ਮੀਡੀਆ ਨੂੰ ਵਿਖਾਈ। ਇਸ ਤੋਂ ਇਲਾਵਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕੀਤਾ ਜਿੰਨਾ ਨੇ ਭਾਈ ਹਵਾਰਾ ਦੀ ਪੈਰੋਲ ਵਾਸਤੇ ਖੁਦ ਰਾਜਪਾਲ ਨੂੰ ਚਿੱਠੀ ਲਿਖੀ ਹੈ। ਸ ਤਲਵੰਡੀ ਨੇ ਕਿਹਾ ਕਿ ਕੱਲ੍ਹ 11 ਅਗਸਤ ਨੂੰ ਪਾਰਟੀ ਦੀ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੰਥ ਪੰਜਾਬ ਦੀ ਚੜ੍ਹਦੀ ਕਲਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ ਜਾਵੇਗੀ। ਉਹਨਾਂ ਨੇ ਸਮੂਹ ਸੰਗਤਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਪਹੁੰਚਣ ਦੀ ਅਪੀਲ ਕੀਤੀ। ਇਸ ਵੇਲੇ ਅਕਾਲੀ ਦਲ ਬਾਦਲ ਦੇ ਯੂਥ ਵਿੰਗ ਦੇ ਜਨਰਲ ਸਕੱਤਰ ਦਾ ਅਹੁਦਾ ਛੱਡ ਕੇ ਆਏ ਸ ਮਲਕੀਤ ਸਿੰਘ ਹੁੰਦਲ ਨੇ ਪਾਰਟੀ ਵਿੱਚ ਸ਼ਮੂਲੀਅਤ ਕੀਤੀ ਜਿੰਨਾ ਨੂੰ ਮਾਝੇ ਵਿੱਚ ਕੰਮ ਕਰਨ ਦੀ ਜਿੰਮੇਵਾਰੀ ਸੌਂਪੀ ਗਈ। ਇਸ ਤੋਂ ਇਲਾਵਾ ਸ ਦਵਿੰਦਰ ਸਿੰਘ ਸੰਤ ਸਿਪਾਹੀ ਅਤੇ ਸ ਜਗਤਾਰ ਸਿੰਘ ਗਿੱਲ ਅੰਮ੍ਰਿਤਸਰ ਨੂੰ ਵੀ ਪਾਰਟੀ ਵਿਚ ਸ਼ਾਮਿਲ ਕਰਾਇਆ ਗਿਆ। ਇਸ ਵੇਲੇ ਸ ਗੁਰਜੀਤ ਸਿੰਘ ਤਲਵੰਡੀ ਤੋਂ ਇਲਾਵਾ ਵਰਕਿੰਗ ਕਮੇਟੀ ਮੈਂਬਰ ਸ ਅਮਨਇੰਦਰ ਸਿੰਘ ਬੰਨੀ ਬਰਾੜ ਅਤੇ ਤੇਜਿੰਦਰ ਸਿੰਘ ਪੰਨੂੰ ਹਾਜ਼ਰ ਸਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਜਾਰੀ ਕੀਤਾ।

# ਰੜਾ ਤੋਂ ਟਾਹਲੀ ਤੱਕ 4.44 ਕਿਲੋਮੀਟਰ ਲਿੰਕ ਸੜਕ ਲੋਕਾਂ ਨੂੰ ਸਮਰਪਿਤ

## ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕੀਤਾ ਉਦਘਾਟਨ

## ਹਲਕੇ 'ਚ ਚੱਲ ਰਹੇ ਹੋਰ ਵਿਕਾਸ ਕਾਰਜ ਵੀ ਜਲਦ ਹੋਣਗੇ ਮੁਕੰਮਲ: ਜਸਵੀਰ ਸਿੰਘ ਰਾਜਾ ਗਿੱਲ

**ਟਾਂਡਾ, ਹੁਸ਼ਿਆਰਪੁਰ, 10 ਅਗਸਤ ( ਆਵਾਜ਼ਿ ਕੌਮ ਬਿਊਰੋ)-** ਵਿਧਾਨ ਸਭਾ ਹਲਕਾ ਉੜਮੁੜ ਅਧੀਨ ਪੈਂਦੇ ਪਿੰਡ ਰੜਾ ਤੋਂ ਟਾਹਲੀ ਤੱਕ ਬਣਾਈ ਗਈ ਨਵੀਂ ਲਿੰਕ ਸੜਕ ਦਾ ਉਦਘਾਟਨ ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਕੀਤਾ ਗਿਆ। ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਅਤੇ ਹੋਰਨਾਂ ਮੋਹਤਬਰਾਂ ਦੀ ਮੌਜੂਦਗੀ 'ਚ ਸੜਕ ਦਾ ਉਦਘਾਟਨ ਕਰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਲਗਭਗ 4.44 ਕਿਲੋਮੀਟਰ ਲੰਬੀ ਅਤੇ 12 ਫੁੱਟ 3 ਇੰਚ ਚੌੜੀ ਇਸ ਸੜਕ 'ਤੇ ਕਰੀਬ 12 ਕਰੋੜ ਰੁਪਏ ਦੀ ਲਾਗਤ ਆਈ ਹੈ ਅਤੇ ਸੜਕ ਦੇ ਨਿਰਮਾਣ ਦੇ ਨਾਲ-ਨਾਲ ਸਾਈਡ ਸਲੋਪ ਪ੍ਰੋਟੈਕਸ਼ਨ ਵਰਕ ਵੀ ਕੀਤਾ ਕਰਾਇਆ ਗਿਆ ਹੈ, ਜਿਸ ਨਾਲ ਸੜਕ ਦੀ ਮਜ਼ਬੂਤੀ ਅਤੇ ਲੰਬੇ ਸਮੇਂ ਤੱਕ ਟਿਕਾਊਪਣ ਨੂੰ ਯਕੀਨੀ ਬਣਾਉਣ ਵਿੱਚ ਮਦਦ ਮਿਲੇਗੀ। ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਬੇਹਤਰ ਆਵਾਜਾਈ ਲੋਕਾਂ ਲਈ ਰੋਜ਼ਗਾਰ, ਸਿੱਖਿਆ, ਸਿਹਤ ਤੇ ਵਪਾਰਕ ਸਹੂਲਤਾਂ ਤੱਕ ਪਹੁੰਚ ਆਸਾਨ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਰੜਾ ਤੋਂ ਟਾਹਲੀ ਤੱਕ ਨਵੀਂ ਸੜਕ ਬਣਨ ਨਾਲ ਇਲਾਕੇ ਦੇ ਕਿਸਾਨਾਂ, ਵਿਦਿਆਰਥੀਆਂ, ਵਪਾਰੀਆਂ ਅਤੇ ਆਮ ਲੋਕਾਂ ਨੂੰ ਖਾਸ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਤਰਜੀਹ ਦੇ ਆਧਾਰ 'ਤੇ ਜੰਗੀ ਪੱਧਰ 'ਤੇ ਕੰਮ ਕੀਤੇ ਜਾ ਰਹੇ ਹਨ ਅਤੇ ਸੂਬੇ ਵਿਚ ਲਗਭਗ 45,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਜਿਸ ਨਾਲ ਲੋਕਾਂ ਨੂੰ ਬੇਹਤਰ ਆਵਾਜਾਈ ਸਹੂਲਤਾਂ ਮਿਲ ਰਹੀਆਂ ਹਨ। ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ ਇਹ ਸੜਕ ਬਨਣ ਨਾਲ ਇਲਾਕਾ ਵਾਸੀਆਂ ਦੀ ਵੱਡੀ ਮੰਗ ਪੂਰੀ ਹੋਈ ਹੈ ਜਿਸ ਨਾਲ ਉਨ੍ਹਾਂ ਨੂੰ ਲੋੜੀਂਦੀ ਸੁਚੱਜੀ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਮੌਕੇ ਇਲਾਕੇ ਦੇ ਸਮੂਹ ਸਰਪੰਚਾਂ ਅਤੇ ਪਿੰਡਾਂ ਦੇ ਵਸਨੀਕਾਂ ਵੱਲੋਂ ਨਵੀਂ ਸੜਕ ਲਈ ਵਿਧਾਇਕ ਅਤੇ ਮੈਂਬਰ ਪਾਰਲੀਮੈਂਟ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਪਿੰਡ ਰੜਾ, ਟਾਹਲੀ ਅਤੇ ਆਸ-ਪਾਸ ਦੇ ਖੇਤਰਾਂ ਦੇ ਲੋਕਾਂ ਦੀ ਆਵਾਜਾਈ ਪਹਿਲਾਂ ਨਾਲੋਂ ਵਧੇਰੇ ਸੁਖਾਲੀ ਹੋਵੇਗੀ। ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਸੜਕ ਦੇ ਨਿਰਮਾਣ ਨਾਲ ਪਿੰਡਾਂ ਦੇ ਵਿਕਾਸ ਨੂੰ ਨਵੀਂ ਗਤੀ ਮਿਲੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਲਾਕੇ ਵਿੱਚ ਬੁਨਿਆਦੀ ਢਾਂਚੇ ਨਾਲ ਸਬੰਧਤ ਹੋਰ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।



# ਰਹੀਮਪੁਰ ਸਬਜੀ ਮੰਡੀ ਆਪ ਤਾਂ ਗੰਦਗੀ ਵਿੱਚ ਡੁੱਬੀ ਤੇ ਮੌਜੂਦਾ ਸਥਿਤੀ ਲੋਕਾਂ ਨੂੰ ਵੀ ਲੈ ਡੁੱਬੇਗੀ



ਹੁਸ਼ਿਆਰਪੁਰ, 10 ਅਗਸਤ (ਆਵਾਜ਼ਿ ਕੌਮ ਬਿਊਰੋ)- ਰਹੀਮਪੁਰ ਸਬਜੀ ਮੰਡੀ ਦੀ ਐਨੀ ਭੈੜੀ ਦੁਰਦਸ਼ਾ ਸ਼ਾਇਦ ਹੀ ਕਦੇ ਵੇਖਣ ਨੂੰ ਮਿਲੀ ਹੋਵੇ,ਜਿਹੜੀ ਵਿਵਸਥਾ ਅੱਜ ਦੀ ਲੀਡਰਸ਼ਿਪ ਨੇ ਪੈਦਾ ਕਰਕੇ ਰਖੀ ਤੇ ਸਭ ਤੋਂ ਮਾੜੀ ਵਿਵਵਸਥਾ ਨੂੰ ਸੁਧਾਰਨ ਦੀ ਥਾਂ ਲੋਕਾਂ ਵਲੋਂ ਦਿਤੇ ਜਾਂਦੇ ਟੈਕਸ ਦੇ ਪੈਸੇ ਨੂੰ ਡਕਾਰਨਾ ਦੀ ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਇਹ ਲੋਕਾਂ ਵਲੋਂ ਹਰ ਰੋਜ਼ ਟੈਕਸ ਦੇ ਰੂਪ ਵਿਚ ਦਿਤੇ ਜਾਂਦੇ ਲੱਖਾਂ ਰੁਪਏ ਦੇ ਨਤੀਜੇ ਨਿਕਲ ਰਹੇ ਹਨ। ਫਿਰ ਪੜ੍ਹੇ ਲਿੱਖੇ ਲੋਕਾਂ ਦਾ ਸ਼ਹਿਰ ਹੈ ? ਸਿੱਖਿਆ ਅਗਰ ਚੰਗੀ ਵਿਵਸਥਾ ਨਹੀਂ ਦੇ ਸਕਦੀ ਤਾਂ ਫਿਰ ਉਸ ਦਾ ਕੀ ਫਾਇਦਾ ? ਅਜ ਫਿਰ ਲੋੜ ਹੈ ਮੰਡੀ ਬਚਾਓ ਸੰਘਰਸ਼ ਮੋਰਚਾ ਬਨਾਉਣ ਦੀ। ਧੀਮਾਨ ਨੇ ਦਸਿਆ ਕਿ ਮੰਡੀਕਰਨ ਬੋਰਡ ਦੇ ਉਚ ਅਧਿਕਾਰੀ ਵੀ ਮੰਡੀ ਵਿਚ ਹੀ ਬੈਠਦੇ ਹਨ ਤੇ ਉਨ੍ਹਾਂ ਦੇ ਨਜਦੀਕ ਪੰਜਾਬ ਪ੍ਰਦੂਸ਼ਦ ਕੰਟਰੋਲ ਬੋਰਡ ਦਾ ਦਫਤਰ ਵੀ ਨਜਦੀਕ ਹੀ ਹੈ,ਫਿਰ ਜ਼ਿਲਾ ਸਿਹਤ ਅਫਸਰ ਵੀ ਜ਼ਿਲੇ ਵਿਚ ਰਹਿੰਦੇ ਹਨ,ਨਗਰ ਨਿਗਮ ਅਤੇ 1 ਕਿਲੋਮੀਟਰ ਦੇ ਘਰੇ ਅੰਦਰ ਡਿਪਟੀ ਕਮਿਸ਼ਨਰ ਜੀ ਦਾ ਦਫਤਰ ਵੀ ਸਥਿਤੀ ਹੈ ਤੇ ਹੋਰ ਤੇ ਹੋਰ ਮੰਡੀਕਰਨ ਬੋਰਡ ਦੇ ਚੈਅਰਮੈਨ ਦਾ ਦਫਤਰ ਵੀ ਮੰਡੀ ਵਿਚ ਹੀ ਹੈ ਤੇ ਇਸ ਦੇ ਬਾਵਜੂਦ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵੀ ਹੁਸ਼ਿਆਰਪੁਰ ਵਿਚ ਹੈ।ਪਰ ਉਸ ਸਭ ਦੇ ਬਾਵਜੂਦ ਮੰਡੀ ਦੀ ਅਤਿ ਗੰਦਗੀ ਨਾਲ ਭਰੀ ਵਿਵਸਥਾ ਟੈਕਸ ਦੇਣ ਵਾਲਿਆਂ ਨੂੰ ਮੁਹਈਆ ਕਰਵਾਏ. ਜਾ ਰਹੀ ਹੈ।ਧੀਮਾਨ ਨੇ ਦਸਿਆ ਕਿ ਮੰਡੀ ਅੰਦਰ ਹਮੇਸ਼ਾਂ ਗੰਦਗੀ ਭਰੀ ਅਤੇ ਬਦਬੂ ਮਾਰਦੀਆਂ ਥਾਵਾਂ ਉਤੇ ਭੋਜਨ ਵਿਕਰੀ ਹੁੰਦਾ ਹੈ।ਗੰਦਗੀ ਦੇ ਢੇਰਾਂ ਅਤੇ ਮਲ ਮੂਤਰ ਤੋਂ ਪੈਦਾ ਹੋ ਰਿਹਾ ਬੈਕਟੀਰੀਆ,ਮੱਖੀਆਂ ਮਛੱਰ ਉਸੇ ਸਾਰੇ ਫਰੂਟ ਉਤੇ ਅਪਣਾ ਮਲ ਮੂਤਰ ਛੱਡਦਾ ਹੈ ਜਿਹੜਾ ਕਿ ਲੋਕਾਂ ਨੂੰ ਘਰਾਂ ਵਿਚ ਲਿਜਾ ਕੇ ਖਾਣਾ ਹੁੰਦਾ ਹੈ ਉਨ੍ਹਾਂ ਕਿਹਾ ਕਿ ਸਾਡੇ ਰਹਿਣ ਸਹਿਣ ਅਤੇ ਖਾਣ ਪੀਣ ਦੀ ਗੁਣਵਤਾ ਵਿਚ ਐਨੀ ਗਿਰਾਵਟ ਆ ਗਈ ਹੈ ਕਿ ਅਸੀਂ ਸਾਰੇ ਗੰਦਗੀ ਭਰੀਆਂ ਥਾਵਾਂ ਉਤੇ ਭੋਜਨ ਖਾਣ ਲਈ ਮਜਬੂਰ ਹੋ ਰਹੇ ਹਾਂ।ਕੀ ਸਾਡੀ ਸੋਚ ਵਿਚ ਐਨੀ ਗਿਰਾਵਟ ਆ ਗਈ ਹੈ ਕਿ ਅਸੀਂ ਭੋਜਨ ਦੀ ਗੁਣਵਤਾ ਨੂੰ ਹੀ ਗੁੰਮ ਕਰ ਲਿਆ ਹੈ ?ਜਿਹੜੇ ਲੋਕ ਮੰਡੀ ਵਿਚ ਦੁਕਾਨਾ ਕਰਦੇ ਹਨ,ਵਪਾਰ ਕਰਦੇ ਹਨ ਤੇ ਵਿਕਰੇਤਾ ਹਨ ਅਤੇ ਖ੍ਰੀਦਦਾਰਾਂ ਦੀ ਸਿਹਤ ਦਾ ਪੰਜਾਬ ਸਰਕਾਰ ਅਤੇ ਮੰਡੀ ਦੇ ਅਧਿਕਾਰੀ ਕਿੰਨਾ ਨੁਕਸਾਨ ਕਰ ਰਹੇ ਹਨ,ਕੀ ਕਦੇ ਅਸੀਂ ਅੰਦਾਜਾ ਲਗਾਇਆ ? ਧੀਮਾਨ ਨੇ ਦਸਿਆ ਕਿ ਉਨ੍ਹਾਂ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵਿਚ ਸ਼ਕਾਇਤ ਦਰਜ ਕਰਵਾਈ ਹੋਈ ਹੈ,ਲਗਦਾ ਉਸ ਨੂੰ ਗ੍ਰਹਿਣ ਲੱਗਾ ਪਿਆ ਹੈ ਤੇ ਉਹ ਸ਼ਕਾਇਤ ਵੀ ਦਫਤਰਾਂ ਧੂਲ ਚੱਟ ਰਹੀ ਹੈ ? ਉਨ੍ਹਾਂ ਦਸਿਆ ਕਿ ਕੀ ਮੂਲ ਸੰਵਿਧਾਨਕ ਅਧਿਕਾਰਾਂ ਦਾ ਪੰਜਾਬ ਸਰਕਾਰ ਏਹੀ ਸ਼ਿਤਕਾਰ ਕਰਦੀ ਹੈ ?ਸਰਕਾਰ ਹੀ ਦੱਸੇ ਕਿ ਇਹ ਗੰਦਗੀ ਭਰੀ ਵਿਵਸਥਾ ਤੰਦਰੁਸਤੀ ਪੈਦਾ ਕਰਦੀ ਹੈ ਕਿ ਬੀਮਾਰ ਵਿਵਸਥਾ ਬਣਾ ਰਹੀ ਹੈ ? ਧੀਮਾਨ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਅਗਰ ਮੰਡੀ ਪ੍ਰਤੀ ਨਾ ਧਿਆਨ ਦਿਤਾ ਤਾਂ ਹਰ ਘਰ ਵਿਚ ਬੀਮਾਰੀ ਫੈਲੇਗੀ।ਰਾਜਨੀਤੀ ਤੋਂ ਉਪਰ ਉਠ ਕੇ ਕੰਮ ਕਰਨ ਦੀ ਜਰੂਰਤ ਹੈ।

# ਅਰੋੜਾ ਕਲੋਨੀ ਕੱਕੋਂ ਦੀਆਂ ਔਰਤਾਂ ਨੇ ਤੀਆਂ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਹੁਸ਼ਿਆਰਪੁਰ, 10 ਅਗਸਤ (ਆਵਾਜ਼ਿ ਕੌਮ ਬਿਊਰੋ)-** ਅਰੋੜਾ ਕਲੋਨੀ, ਕੱਕੋਂ ਦੀਆਂ ਔਰਤਾਂ ਵੱਲੋਂ ਸਾਵਣ ਮਹੀਨੇ ਦਾ ਪਵਿੱਤਰ ਤਿਉਹਾਰ 'ਤੀਆਂ' ਹੋਟਲ ਰੋਯਲ ਪਲਾਜ਼ਾ ਹੁਸ਼ਿਆਰਪੁਰ ਵਿਖੇ ਬੜੀ ਹੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਰੰਗਾ-ਰੰਗ ਸਮਾਗਮ ਦਾ ਆਯੋਜਨ ਪਿੰਡ ਕੱਕੋਂ ਦੀ ਸਰਪੰਚ ਸ੍ਰੀਮਤੀ ਅਨੀਤਾ ਰਾਣੀ ਵੱਲੋਂ ਵਿਸ਼ੇਸ਼ ਤੌਰ 'ਤੇ ਕਰਵਾਇਆ ਗਿਆ। ਸਮਾਗਮ ਦੌਰਾਨ ਅਰੋੜਾ ਕਲੋਨੀ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਪੰਜਾਬੀ ਸੱਭਿਆਚਾਰ ਦਾ ਸੁਮੇਲ ਦੇਖਣ ਨੂੰ ਮਿਲਿਆ, ਜਿੱਥੇ ਔਰਤਾਂ ਅਤੇ ਮੁਟਿਆਰਾਂ ਨੇ ਪਰੰਪਰਾਗਤ ਪੁਸ਼ਾਕਾਂ ਪਹਿਨ ਕੇ ਵੱਖ-ਵੱਖ ਪ੍ਰਕਾਰ ਦੀਆਂ ਖੇਡਾਂ, ਲੋਕ-ਗੀਤਾਂ ਅਤੇ ਰਵਾਇਤੀ ਗੀਤਾਂ ਦਾ ਭਰਪੂਰ ਆਨੰਦ ਮਾਣਿਆ। ਸਮਾਗਮ ਦੇ ਅਖੀਰ ਵਿੱਚ ਔਰਤਾਂ ਵੱਲੋਂ ਢੋਲ ਦੀ ਥਾਪ 'ਤੇ ਪਾਏ ਗਿੱਧੇ ਨੇ ਸਮਾਂ ਬੰਨ੍ਹ ਦਿੱਤਾ। ਸਰਪੰਚ ਸ੍ਰੀਮਤੀ ਅਨੀਤਾ ਰਾਣੀ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਆਯੋਜਨ ਸਾਡੇ ਅਮੀਰ ਵਿਰਸੇ ਨੂੰ ਜਿਊਂਦਾ ਰੱਖਣ ਅਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਸਮਾਗਮ ਦੇ ਅੰਤ ਵਿੱਚ ਸਭ ਲਈ ਵਿਸ਼ੇਸ਼ ਖਾਣ-ਪੀਣ ਦਾ ਪ੍ਰਬੰਧ ਵੀ ਕੀਤਾ ਗਿਆ। ਇਸ ਮੌਕੇ ਰਾਜ ਚਾਵਲਾ, ਅੰਜੂ ਗੁਪਤਾ, ਅਨੀਤਾ ਰਾਣੀ, ਰਾਜ ਸਿੱਧੂ, ਰਾਜ,ਸ਼ਬਨਮ ਕੁਮਾਰੀ, ਗੁਰਵਿੰਦਰ ਕੌਰ, ਅੰਜੂ ਸ਼ਰਮਾ, ਰਿਧਿਮਾ ਸ਼ਰਮਾ, ਸੋਨਿਕਾ ਤਿਵਾੜੀ, ਜੋਤੀ, ਮੋਨਿਕਾ ਓਹਰੀ, ਰਿਤਿਕਾ ਭਾਰਦਵਾਜ, ਅਨੀਤਾ ਰਾਣੀ, ਯੁਵਿਕਾ, ਭਾਵਿਕਾ, ਪੂਨਮ, ਈਸ਼ਾ, ਲਵਲੀ ਅਨੂ, ਪ੍ਰਿਯਾ, ਕੋਮਲ, ਰੰਜਨਾ, ਸੁਨੀਤਾ, ਰੁਚੀ ਆਦਿ ਵੀ ਮੌਜੂਦ ਸਨ।

# ਐਸਕੇਐਮ ਵੱਲੋਂ ਜੇਲ੍ਹ ਭਰੋ ਅੰਦੋਲਨ ਦਾ ਕੀਤਾ ਸਮਰਥਨ, ਡੀਸੀ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ, 10 ਅਗਸਤ (ਆਵਾਜ਼ਿ ਕੌਮ ਬਿਊਰੋ)-** ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰੇਗੰਢ ਦੇ ਮੋਕੇ ਤੇ ਸੰਯੁਕਤ ਕਿਸਾਨ ਮੋਰਚੇ ਵਲੋਂ ਜੇਲ ਭਰੋ ਅਤੇ ਹੋਰ ਵਿਰੋਧ ਪ੍ਰਦਰਸ਼ਨਾਂ ਦੇ ਸੱਦੇ ਦੇ ਸਮਰਥਨ ਕਰਦਿਆਂ ।ਹਸਿਆਰਪੁਰ ਵਿਖੇ ਐਸ.ਕੇ.ਐਮ. ਵੱਲੋਂ ਸਮਰਥਨ ਕਰਦਿਆਂ ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਸਾਹਿਬ ਦੇ ਪ੍ਰਤੀਨਿਧ ਨੂੰ ਮੰਗ ਪੱਤਰ ਸੌਂਪਿਆ ਗਿਆ ਅਤੇ ਬਾਅਦ ਵਿੱਚ ਕਿਸਾਨਾਂ ਨੇ ਰੋਸ ਪ੍ਰਦਰਸ਼ਨ ਅਤੇ ਧਰਨੇ ਵਿੱਚ ਸ਼ਮੂਲੀਅਤ ਕੀਤੀ। ਇਸ ਧਰਨੇ ਵਿੱਚ ਹਰਬੰਸ ਸਿੰਘ ਸੰਘਾ, ਦਵਿੰਦਰ ਸਿੰਘ ਕਕੋਂ, ਸੁਖਦੇਵ ਸਿੰਘ ਪ੍ਰਧਾਨ ਕਾਹਰੀ, ਸੋਢੀ ਕਾਹਰੀ, ਬਲਜੀਤ ਸਿੰਘ ਸਾਹਰੀ, ਬਿੱਟੂ ਸਾਹਰੀ, ਜੋਗਾ ਸਿੰਘ ਸਾਹਰੀ, ਮਲਕੀਤ ਸਿੰਘ, ਸਤਪਾਲ ਚੱਬੇਵਾਲ, ਸੰਤੋਸ਼ ਕੁਮਾਰ ਅਤੇ ਗੁਰਚਰਨ ਸਿੰਘ ਆਦਿ ਹਾਜ਼ਰ ਸਨ।






★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243